Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-98888 18887, 98888 28887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 113 Chief Editor : Chowdhary Prabhjit Singh, Editor : Chhatarpal Singh 98146-32807, Sunday 18 October 2026 Price : 2 Rs. 

## ਪੰਜ ਕਰੋੜ ਰਿਸ਼ਵਤ ਮਾਮਲਾ: ਈ ਡੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਨੇੜਲੇ ਅਮਰਦੀਪ ਸਿੰਘ ਗਰੇਵਾਲ ਨੂੰ ਹਿਰਾਸਤ 'ਚ ਲਿਆ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਤਬਾਦਲਿਆਂ ਨਾਲ ਸਬੰਧਤ 5 ਕਰੋੜ ਰੁਪਏ ਦੀ ਕਥਿਤ ਰਿਸ਼ਵਤ ਦੇ ਮਾਮਲੇ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਅਮਰਦੀਪ ਸਿੰਘ ਗਰੇਵਾਲ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਅਮਰਦੀਪ ਗਰੇਵਾਲ ਨੂੰ ਕੈਨੇਡਾ ਤੋਂ ਭਾਰਤ ਪਰਤਣ ਮਗਰੋਂ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਤੋਂ ਹਿਰਾਸਤ ਵਿੱਚ ਲਿਆ ਗਿਆ। ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਕਰੀਬੀ ਦੱਸਿਆ ਜਾ ਰਿਹਾ ਹੈ।

ਦੱਸਣਯੋਗ ਹੈ ਕਿ ਅਮਰਦੀਪ ਸਿੰਘ ਗਰੇਵਾਲ ਪੰਜਾਬੀ ਫਿਲਮ ਜਗਤ ਦੀ ਇੱਕ ਜਾਣੀ-ਪਛਾਣੀ ਹਸਤੀ ਹੈ ਅਤੇ ਉਹ 'ਮੈਸਰਜ਼ ਈਸਟ ਸਨਸ਼ਾਈਨ ਪ੍ਰੋਡਕਸ਼ਨ ਪ੍ਰਾਈਵੇਟ ਲਿਮਟਿਡ' ਨਾਲ ਜੁੜੇ ਹੋਏ ਹਨ। ਗਰੇਵਾਲ ਦੇ ਵਿਦੇਸ਼ਾਂ ਵਿੱਚ ਫਿਲਮ ਨਿਰਮਾਣ ਅਤੇ ਰਿਲੀਜ਼ ਨਾਲ ਸਬੰਧਿਤ ਕਾਰੋਬਾਰੀ ਸੰਪਰਕ ਹਨ ਅਤੇ ਉਹ ਕਈ ਪੰਜਾਬੀ ਫ਼ਿਲਮਾਂ ਨਾਲ ਜੁੜੇ ਰਹੇ ਹਨ ਜਿਸ ਮਾਮਲੇ 'ਚ ਗਰੇਵਾਲ ਨੂੰ ਤਲਬ ਕੀਤਾ ਗਿਆ ਹੈ, ਉਸ 'ਚ ਮੁੱਖ ਮੰਤਰੀ ਦੀ ਪਤਨੀ ਦਾ ਨਾਂ ਵੀ ਸਾਹਮਣੇ ਆਇਆ ਸੀ।

ਜਾਣਕਾਰੀ ਅਨੁਸਾਰ ਈਡੀ ਨੇ ਗਰੇਵਾਲ ਨੂੰ ਮਾਮਲੇ ਵਿੱਚ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਅਤੇ ਉਨ੍ਹਾਂ ਨੂੰ ਜਾਂਚ ਏਜੰਸੀ ਦੇ ਦਫ਼ਤਰ ਲਿਜਾਇਆ ਗਿਆ। ਦਾਅਵਾ ਕੀਤਾ ਗਿਆ ਹੈ ਕਿ ਉਨ੍ਹਾਂ ਪਹਿਲਾਂ ਹੀ ਲੁੱਕ-ਆਊਟ ਸਰਕੂਲਰ ਜਾਰੀ ਕੀਤਾ ਹੋਇਆ ਸੀ ਜਿਸ ਕਾਰਨ ਭਾਰਤ ਪਰਤਣ ਸਮੇਂ ਉਨ੍ਹਾਂ ਨੂੰ ਰੋਕਿਆ ਗਿਆ। ਇਹ ਮਾਮਲਾ ਪੰਜਾਬ ਵਿੱਚ ਤਬਾਦਲਿਆਂ ਨਾਲ ਜੁੜੀ ਕਥਿਤ 5 ਕਰੋੜ ਰੁਪਏ ਦੀ ਰਿਸ਼ਵਤ ਦੇ ਦੋਸ਼ਾਂ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਈਡੀ ਵੱਲੋਂ ਇਸ ਮਾਮਲੇ ਵਿੱਚ ਜਾਂਚ ਕੀਤੀ ਜਾ ਰਹੀ ਹੈ। ਗਰੇਵਾਲ ਨੂੰ ਪਹਿਲਾਂ ਵੀ ਜਾਂਚ ਵਿੱਚ ਸ਼ਾਮਲ ਹੋਣ ਲਈ ਸੰਮਨ ਭੇਜੇ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਸਨ।

## ਜਲੰਧਰ ਵਿਖੇ 14 ਨਵੰਬਰ ਤੋਂ 22 ਨਵੰਬਰ ਤੱਕ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ



**ਜਲੰਧਰ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਗਨੀਪਥ ਯੋਜਨਾ ਤਹਿਤ ਭਾਰਤੀ ਫੌਜ ਵਿੱਚ ਯੋਗ ਨੌਜਵਾਨਾਂ ਦੀ ਭਰਤੀ ਲਈ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ 14 ਨਵੰਬਰ ਤੋਂ 22 ਨਵੰਬਰ 2026 ਤੱਕ ਸਰਕਾਰੀ ਕਲਾ ਅਤੇ ਖੇਡ ਕਾਲਜ (Government Arts and Sports College), ਜਲੰਧਰ ਵਿਖੇ ਕੀਤਾ ਜਾਵੇਗਾ। ਇਸ ਭਰਤੀ ਰੈਲੀ ਵਿੱਚ 6,000 ਤੋਂ ਵੱਧ ਉਮੀਦਵਾਰ ਹਿੱਸਾ ਲੈਣਗੇ, ਜਿਨ੍ਹਾਂ ਨੇ ਤਰਨ ਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ (ਐੱਸ.ਬੀ.ਐੱਸ. ਨਗਰ) ਜ਼ਿਲ੍ਹਿਆਂ ਤੋਂ ਸਾਂਝੀ ਦਾਖਲਾ ਪ੍ਰੀਖਿਆ (Common Entrance Examination-CEE) ਪਾਸ ਕੀਤੀ ਹੈ। ਇਸ ਭਰਤੀ ਰੈਲੀ ਵਿੱਚ ਪੰਜਾਬ, ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਅਤੇ ਕਸ਼ਮੀਰ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਤੋਂ ਯੋਗ ਮਹਿਲਾ ਉਮੀਦਵਾਰਾਂ ਦੀ ਭਰਤੀ ਕੀਤੀ ਜਾਵੇਗੀ, ਜਿਸ ਨਾਲ ਨੌਜਵਾਨ ਔਰਤਾਂ ਨੂੰ ਭਾਰਤੀ ਫੌਜ ਵਿੱਚ ਕਰੀਅਰ ਬਣਾਉਣ ਅਤੇ ਮਾਣ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਦਾ ਮੌਕਾ ਮਿਲੇਗਾ।

ਭਰਤੀ ਪ੍ਰਕਿਰਿਆ ਵਿੱਚ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ ਅਤੇ ਅਨੁਕੂਲਤਾ ਦਾ ਮੁਲਾਂਕਣ ਕਰਨ ਲਈ ਕਈ ਤਰ੍ਹਾਂ ਦੇ ਟੈਸਟ ਅਤੇ ਮੁਲਾਂਕਣ ਸ਼ਾਮਲ ਹੋਣਗੇ। ਇਨ੍ਹਾਂ ਵਿੱਚ 1.6 ਕਿਲੋਮੀਟਰ ਦੌੜ ਸ਼ਾਮਲ ਹੈ, ਜੋ ਉਨ੍ਹਾਂ ਦੀ ਸਹਿਣਸ਼ੀਲਤਾ ਅਤੇ ਸਰੀਰਕ ਤੰਦਰੁਸਤੀ ਦੀ ਜਾਂਚ ਕਰੇਗੀ, ਇੱਕ ਬੀਮ ਟੈਸਟ, ਜੋ ਸਰੀਰ ਦੇ ਉੱਪਰਲੇ ਹਿੱਸੇ ਦੀਆਂ ਮਾਸਪੇਸ਼ੀਆਂ ਦੀ ਤਾਕਤ ਦਾ ਮੁਲਾਂਕਣ ਕਰੇਗਾ, ਅਤੇ ਸਰੀਰਕ ਮਾਪਦੰਡ, ਜਿਸ ਵਿੱਚ ਲੰਬਾਈ , ਭਾਰ ਅਤੇ ਹੋਰ ਸਰੀਰਕ ਮਾਪਦੰਡ ਸ਼ਾਮਲ ਹੋਣਗੇ। ਸਰੀਰਕ ਤੰਦਰੁਸਤੀ ਟੈਸਟ ਪਾਸ ਕਰਨ ਵਾਲੇ ਉਮੀਦਵਾਰਾਂ ਦੀ ਭਾਰਤੀ ਫੌਜ ਵਿੱਚ ਭਰਤੀ ਲਈ ਉਨ੍ਹਾਂ ਦੀ ਮੈਡੀਕਲ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਡਾਕਟਰੀ ਜਾਂਚ ਕੀਤੀ ਜਾਵੇਗੀ।

ਭਰਤੀ ਪ੍ਰਕਿਰਿਆ ਸਥਾਪਤ ਭਰਤੀ ਨੀਤੀਆਂ ਅਤੇ ਯੋਗਤਾ ਮਾਪਦੰਡਾਂ ਦੇ ਅਨੁਸਾਰ ਇੱਕ ਨਿਰਪੱਖ, ਪਾਰਦਰਸ਼ੀ ਅਤੇ ਯੋਜਨਾਬੱਧ ਢੰਗ ਨਾਲ ਕੀਤੀ ਜਾਵੇਗੀ। ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਧਿਕਾਰਤ ਭਰਤੀ ਸੂਚਨਾਵਾਂ ਦਾ ਧਿਆਨ ਨਾਲ ਅਧਿਐਨ ਕਰਨ, ਇਹ ਯਕੀਨੀ ਬਣਾਉਣ ਕਿ ਉਹ ਨਿਰਧਾਰਤ ਯੋਗਤਾ ਸ਼ਰਤਾਂ ਨੂੰ ਪੂਰਾ ਕਰਦੇ ਹਨ, ਅਤੇ ਭਰਤੀ ਰੈਲੀ ਵਿੱਚ ਹਿੱਸਾ ਲੈਣ ਲਈ ਸਾਰੇ ਲੋੜੀਂਦੇ ਦਸਤਾਵੇਜ਼ ਲਿਆਉਣ। ਉਮੀਦਵਾਰਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦਲਾਲਾਂ ਅਤੇ ਸਮਾਜ ਵਿਰੋਧੀ ਤੱਤਾਂ ਤੋਂ ਸਾਵਧਾਨ ਰਹਿਣ ਜੋ ਪੈਸੇ ਦੇ ਬਦਲੇ ਭਰਤੀ ਜਾਂ ਚੋਣ ਦੇ ਝੂਠੇ ਵਾਅਦੇ ਕਰ ਸਕਦੇ ਹਨ। ਭਾਰਤੀ ਫੌਜ ਵਿੱਚ ਭਰਤੀ ਸਿਰਫ਼ ਯੋਗਤਾ ਅਤੇ ਸਥਾਪਿਤ ਚੋਣ ਮਾਪਦੰਡਾਂ 'ਤੇ ਅਧਾਰਤ ਹੈ। ਕੋਈ ਵੀ ਵਿਅਕਤੀ ਜਾਂ ਏਜੰਟ ਚੋਣ ਦੀ ਗਰੰਟੀ ਨਹੀਂ ਦੇ ਸਕਦਾ। ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਵਿੱਚ ਸਹਾਇਤਾ ਜਾਂ ਚੋਣ ਦਾ ਵਾਅਦਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਪੈਸੇ ਨਾ ਦੇਣ ਅਤੇ ਭਰਤੀ ਅਧਿਕਾਰੀਆਂ ਨੂੰ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਪੈਸੇ ਦੀ ਮੰਗ ਦੀ ਤੁਰੰਤ ਰਿਪੋਰਟ ਕਰਨ।

ਭਾਰਤੀ ਫੌਜ ਸਾਰੇ ਯੋਗ ਨੌਜਵਾਨਾਂ, ਖਾਸ ਕਰਕੇ ਮਹਿਲਾ ਉਮੀਦਵਾਰਾਂ ਨੂੰ ਇਸ ਮੌਕੇ ਦਾ ਫਾਇਦਾ ਉਠਾਉਣ ਅਤੇ ਮਾਣ, ਸਨਮਾਨ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਲਈ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੀ ਹੈ। ਭਾਰਤੀ ਫੌਜ ਸਾਰੇ ਯੋਗ ਨੌਜਵਾਨਾਂ, ਖਾਸ ਕਰਕੇ ਮਹਿਲਾ ਉਮੀਦਵਾਰਾਂ ਨੂੰ ਇਸ ਮੌਕੇ ਦਾ ਲਾਭ ਉਠਾਉਣ ਅਤੇ ਮਾਣ, ਸਨਮਾਨ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਲਈ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਵਾਸਤੇ ਉਤਸ਼ਾਹਿਤ ਕਰਦੀ ਹੈ।

## ਪੰਜਾਬ ਵਿਚ 27 ਅਤੇ 28 ਅਕਤੂਬਰ ਨੂੰ ਚੋਣ ਕਮਿਸ਼ਨ ਦੀ ਟੀਮ ਆਵੇਗੀ

### ਸਿਆਸੀ ਪਾਰਟੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕਰੇਗੀ ਵਿਚਾਰ-ਵਟਾਂਦਰਾ; ਵੋਟਰ ਸੂਚੀਆਂ, ਸੁਰੱਖਿਆ ਤੇ ਪੋਲਿੰਗ ਬੂਥਾਂ ਦੇ ਪ੍ਰਬੰਧਾਂ ਦਾ ਲਵੇਗੀ ਜਾਇਜ਼ਾ




**ਨਵੀਂ ਦਿੱਲੀ, 17 ਅਕਤੂਬਰ**
**-ਸ਼ਿਵ ਨਰਾਇਣ ਜਾਂਗੜਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਭਾਰਤੀ ਚੋਣ ਕਮਿਸ਼ਨ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਦੀ ਟੀਮ 27 ਅਤੇ 28 ਅਕਤੂਬਰ ਨੂੰ ਪੰਜਾਬ ਦੇ ਦੋ ਰੋਜ਼ਾ ਦੌਰੇ 'ਤੇ ਆਵੇਗੀ। ਇਸ ਦੌਰਾਨ ਟੀਮ ਚੋਣਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਵੇਗੀ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਤੇ ਸਿਵਲ ਅਤੇ ਪੁਲੀਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਗੱਲਬਾਤ ਕਰੇਗੀ।

ਇਸ ਦੌਰੇ ਦਾ ਮੁੱਖ ਮਕਸਦ ਚੋਣਾਂ ਨੂੰ ਨਿਰਪੱਖ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਸੂਬੇ ਵਿੱਚ ਪ੍ਰਬੰਧਾਂ ਦੀ ਸਮੀਖਿਆ ਕਰਨਾ ਹੈ। ਟੀਮ ਵੱਲੋਂ ਸਿਆਸੀ ਪਾਰਟੀਆਂ ਤੋਂ ਚੋਣ ਪ੍ਰਬੰਧਾਂ ਬਾਰੇ ਸੁਝਾਅ ਲਏ ਜਾਣਗੇ। ਇਸ ਦੇ ਨਾਲ ਹੀ ਤਿਉਹਾਰਾਂ, ਮੌਸਮ ਅਤੇ ਹੋਰ ਸਥਾਨਕ ਹਾਲਾਤ ਨੂੰ ਧਿਆਨ ਵਿੱਚ ਰੱਖਦਿਆਂ ਚੋਣਾਂ ਦੀਆਂ ਤਿਆਰੀਆਂ ਦਾ ਮੁਲਾਂਕਣ ਕੀਤਾ ਜਾਵੇਗਾ।

**ਵੋਟਰ ਸੂਚੀਆਂ ਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ**

ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਅਪਡੇਟ ਕਰਨ, ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਦੀ ਜਾਂਚ, ਪੋਲਿੰਗ ਬੂਥਾਂ 'ਤੇ ਬੁਨਿਆਦੀ ਸਹੂਲਤਾਂ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਚੋਣਾਂ ਦੌਰਾਨ ਕਾਨੂੰਨ-ਵਿਵਸਥਾ ਬਣਾਈ ਰੱਖਣ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਲੋੜੀਂਦੇ ਪ੍ਰਬੰਧ ਕਰਨ ਬਾਰੇ ਵੀ ਵਿਚਾਰ ਕੀਤਾ ਜਾਵੇਗਾ।

ਚੋਣ ਕਮਿਸ਼ਨ ਦੀ ਟੀਮ ਦਾ ਅਕਤੂਬਰ ਵਿੱਚ ਹੋਣ ਵਾਲਾ ਦੌਰਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਹੈ। ਇਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਅਤੇ ਤਾਰੀਖ਼ਾਂ ਦਾ ਐਲਾਨ ਹੋ ਸਕਦਾ ਹੈ। ਹਾਲਾਂਕਿ,

## ਇੰਟਰਨੈੱਟ ਦੀ ਵਰਤੋਂ ਮੌਲਿਕ ਅਧਿਕਾਰ, ਬੱਚਿਆਂ ਨੂੰ ਇਸ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਰੱਖ ਸਕਦੇ: ਸੁਪਰੀਮ ਕੋਰਟ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਕਿਹਾ ਹੈ ਕਿ ਇੰਟਰਨੈੱਟ ਦੀ ਵਰਤੋਂ ਕਰਨਾ ਹਰ ਵਿਅਕਤੀ ਦਾ ਮੌਲਿਕ ਅਧਿਕਾਰ ਹੈ। ਅਦਾਲਤ ਨੇ ਸਪਸ਼ਟ ਕੀਤਾ ਕਿ ਬੱਚਿਆਂ ਨੂੰ ਆਨਲਾਈਨ ਖ਼ਤਰਿਆਂ ਤੋਂ ਬਚਾਉਣ ਦੇ ਨਾਂ 'ਤੇ ਉਨ੍ਹਾਂ ਨੂੰ ਇੰਟਰਨੈੱਟ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਰੱਖਿਆ ਜਾ ਸਕਦਾ। ਅਦਾਲਤ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਆਜ਼ਾਦੀ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ, ਸਗੋਂ ਬੱਚਿਆਂ ਨੂੰ ਦੋਵਾਂ ਦੀ ਲੋੜ ਹੈ।

ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਕੇ ਵਿਨੋਦ ਚੰਦਰਨ ਦੇ ਬੈਂਚ ਨੇ ਇਹ ਗੱਲਾਂ 15 ਅਕਤੂਬਰ ਨੂੰ ਸੁਣਾਏ ਹੁਕਮ ਵਿੱਚ ਕਹੀਆਂ, ਜਿਸ ਦੀ ਜਾਣਕਾਰੀ ਸ਼ਨਿੱਚਰਵਾਰ ਨੂੰ ਸਾਹਮਣੇ ਆਈ। ਅਦਾਲਤ ਨੇ ਸੰਵਿਧਾਨ ਦੀ ਧਾਰਾ 21 ਅਤੇ ਧਾਰਾ 19(1)(ਏ) ਦਾ ਹਵਾਲਾ ਦਿੰਦਿਆਂ ਕਿਹਾ ਕਿ ਇੰਟਰਨੈੱਟ ਤੱਕ ਪਹੁੰਚ ਅਤੇ ਇਸ ਦੀ ਵਰਤੋਂ ਦਾ ਅਧਿਕਾਰ ਜੀਵਨ, ਨਿੱਜੀ ਆਜ਼ਾਦੀ ਅਤੇ ਬੋਲਣ ਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਨਾਲ ਜੁੜਿਆ ਹੋਇਆ ਹੈ।

**ਬੱਚਿਆਂ ਦੀ ਸੁਰੱਖਿਆ ਲਈ ਪੂਰੀ ਪਾਬੰਦੀ ਹੱਲ ਨਹੀਂ**



ਅਦਾਲਤ ਨੇ ਕਿਹਾ ਕਿ ਇੰਟਰਨੈੱਟ ਬੱਚਿਆਂ ਲਈ ਸਿੱਖਿਆ, ਜਾਣਕਾਰੀ ਅਤੇ ਆਪਣੇ ਵਿਚਾਰ ਪ੍ਰਗਟਾਉਣ ਦਾ ਅਹਿਮ ਸਾਧਨ ਹੈ। ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਰਹਿਣ ਵਾਲੇ ਕਈ ਬੱਚਿਆਂ ਲਈ ਇਹ ਸਿੱਖਣ ਅਤੇ ਜਾਣਕਾਰੀ ਹਾਸਲ ਕਰਨ ਦਾ ਮੁੱਖ ਸਰੋਤ ਹੈ। ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਵੀ ਇੰਟਰਨੈੱਟ ਦੂਜਿਆਂ ਨਾਲ ਜੁੜਨ ਅਤੇ ਆਪਣੇ ਵਰਗੇ ਲੋਕਾਂ ਨਾਲ ਸੰਪਰਕ ਬਣਾਉਣ ਦਾ ਸਾਧਨ ਹੋ ਸਕਦਾ ਹੈ। ਬੈਂਚ ਨੇ ਕਿਹਾ ਕਿ ਸੋਸ਼ਲ ਮੀਡੀਆ ਕੰਪਨੀਆਂ ਦੀ ਨਾਕਾਮੀ ਲਈ ਬੱਚਿਆਂ ਨੂੰ ਸਜ਼ਾ ਨਹੀਂ ਦਿੱਤੀ ਜਾ ਸਕਦੀ। ਜੇ ਬੱਚਿਆਂ 'ਤੇ ਪੂਰੀ ਪਾਬੰਦੀ ਲਾਈ ਜਾਂਦੀ ਹੈ ਤਾਂ ਉਹ ਅਜਿਹੀਆਂ ਵੈੱਬਸਾਈਟਾਂ ਅਤੇ ਮੰਚਾਂ ਵੱਲ ਜਾ ਸਕਦੇ ਹਨ, ਜਿੱਥੇ ਉਨ੍ਹਾਂ ਦੀ ਸੁਰੱਖਿਆ ਲਈ ਪ੍ਰਬੰਧ ਹੋਰ ਵੀ ਕਮਜ਼ੋਰ ਹੋਣ। ਅਦਾਲਤ ਨੇ ਇਹ ਵੀ ਚਿੰਤਾ ਪ੍ਰਗਟਾਈ ਕਿ ਪਾਬੰਦੀ ਦੇ ਡਰ ਕਾਰਨ ਆਨਲਾਈਨ ਧਮਕੀਆਂ ਜਾਂ ਸ਼ੋਸ਼ਣ ਦਾ ਸਾਹਮਣਾ ਕਰ ਰਹੇ ਬੱਚੇ ਆਪਣੇ ਮਾਪਿਆਂ ਜਾਂ ਭਰੋਸੇਯੋਗ ਵਿਅਕਤੀਆਂ ਨੂੰ ਦੱਸਣ ਤੋਂ ਝਿਜਕ ਸਕਦੇ ਹਨ।

ਅਦਾਲਤ ਨੇ ਬੱਚਿਆਂ ਦੀ ਸੁਰੱਖਿਆ ਲਈ ਉਨ੍ਹਾਂ ਦੇ ਸੋਸ਼ਲ ਮੀਡੀਆ ਖਾਤਿਆਂ ਵਿੱਚ 'ਚਾਈਲਡ ਮੋਡ' ਵਰਗੇ ਪ੍ਰਬੰਧ ਕਰਨ ਦਾ ਸੁਝਾਅ ਦਿੱਤਾ। ਇਸ ਤਹਿਤ ਬੱਚਿਆਂ ਦੇ ਖਾਤੇ ਮੂਲ ਰੂਪ ਵਿੱਚ ਨਿੱਜੀ ਰੱਖਣ, ਅਣਜਾਣ ਬਾਲਗਾਂ ਵੱਲੋਂ ਸੁਨੇਹੇ ਭੇਜਣ ਅਤੇ ਸੰਪਰਕ ਕਰਨ 'ਤੇ ਪਾਬੰਦੀਆਂ ਲਾਉਣ ਅਤੇ ਉਨ੍ਹਾਂ ਨੂੰ ਦਿਖਾਈ ਜਾਣ ਵਾਲੀ ਸਮੱਗਰੀ ਤੇ ਇਸ਼ਤਿਹਾਰਾਂ 'ਤੇ ਨਿਯੰਤਰਣ ਕਰਨ ਵਰਗੇ ਕਦਮ ਚੁੱਕੇ ਜਾ ਸਕਦੇ ਹਨ। ਬੱਚਿਆਂ ਦੀ ਇੰਟਰਨੈੱਟ ਵਰਤੋਂ ਵਿੱਚ ਮਾਪਿਆਂ ਦੀ ਸਹਿਮਤੀ, ਸੇਧ ਅਤੇ ਨਿਗਰਾਨੀ ਨੂੰ ਵੀ ਅਹਿਮ ਮੰਨਿਆ ਗਿਆ ਹੈ।

**ਬੱਚਿਆਂ ਦੇ ਜਿਨਸੀ ਸ਼ੋਸ਼ਣ ਵਾਲੀ ਸਮੱਗਰੀ ਹਟਾਉਣ ਦੇ ਨਿਰਦੇਸ਼**

ਅਦਾਲਤ ਨੇ ਆਨਲਾਈਨ ਬੱਚਿਆਂ ਦੇ ਜਿਨਸੀ ਸ਼ੋਸ਼ਣ ਅਤੇ ਦੁਰਵਿਹਾਰ ਨਾਲ ਸਬੰਧਤ ਸਮੱਗਰੀ ਦੀ ਪਛਾਣ ਕਰਨ ਅਤੇ ਉਸ ਨੂੰ ਹਟਾਉਣ ਲਈ ਕੌਮੀ ਡੇਟਾਬੇਸ ਬਣਾਉਣ ਸਮੇਤ ਕਈ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ। ਕੇਂਦਰ ਸਰਕਾਰ ਨੂੰ ਇਸ ਸਬੰਧੀ ਦਿਸ਼ਾ-ਨਿਰਦੇਸ਼ ਅਤੇ ਲੋੜੀਂਦੇ ਨਿਯਮ ਤਿਆਰ ਕਰਨ ਲਈ ਕਿਹਾ ਗਿਆ ਹੈ। ਸਰਕਾਰ ਨੂੰ ਅਗਲੀ ਸੁਣਵਾਈ 'ਤੇ 10 ਦਸੰਬਰ ਤੱਕ ਕੀਤੀ ਕਾਰਵਾਈ ਬਾਰੇ ਹਲਫ਼ਨਾਮਾ ਦਾਖ਼ਲ ਕਰਨਾ ਹੋਵੇਗਾ।

## ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੂਧਨਸਾਧਾਂ ਵਿਖੇ ਉੱਤਰ ਪ੍ਰਦੇਸ਼ ਤੋਂ ਆ ਰਹੇ ਪੀ.ਆਰ. ਝੋਨੇ ਨਾਲ ਭਰੇ ਟਰੱਕ ਨੂੰ ਕੀਤਾ ਪੁਲਿਸ ਹਵਾਲੇ

**ਪਟਿਆਲਾ, 17 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ 2026-27 ਦੌਰਾਨ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਬਾਹਰਲੇ ਰਾਜਾਂ ਤੋਂ ਗ਼ੈਰਕਾਨੂੰਨੀ ਢੰਗ ਨਾਲ ਝੋਨਾ ਲਿਆ ਕੇ ਪੰਜਾਬ ਦੀਆਂ ਮੰਡੀਆਂ ਵਿੱਚ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਵੇਚਣ ਦੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ ਵੱਖ-ਵੱਖ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਹੋਈਆ ਹਨ। ਇਹ ਜਾਣਕਾਰੀ ਦਿੰਦਿਆਂ ਦੂਧਨਸਾਧਾਂ ਦੇ ਸਕੱਤਰ ਮਾਰਕੀਟ ਕਮੇਟੀ ਅਸ਼ੋਕ ਕੁਮਾਰ ਜਿੰਦਲ ਨੇ ਦੱਸਿਆ ਕਿ ਡਿਪਟੀ ਜਨਰਲ ਮੈਨੇਜਰ ਰਜਨੀਸ਼ ਗੋਇਲ ਦੇ ਦਿਸ਼ਾ-ਨਿਰਦੇਸ਼ਾਂ, ਪਟਿਆਲਾ ਜ਼ਿਲ੍ਹਾ ਮੰਡੀ ਅਫ਼ਸਰ ਅਸਲਮ ਮੁਹੰਮਦ ਦੀ ਅਗਵਾਈ ਅਤੇ ਦੂਧਨਸਾਧਾਂ ਦੇ ਐਸ ਡੀ ਐਮ ਹਰਜੋਤ ਕੌਰ ਦੀਆਂ ਹਦਾਇਤਾਂ ਅਨੁਸਾਰ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੂਧਨਸਾਧਾਂ ਵਿਖੇ ਉੱਤਰ ਪ੍ਰਦੇਸ਼ ਤੋਂ ਆ ਰਹੇ ਪੀ.ਆਰ. ਝੋਨੇ ਨਾਲ ਭਰੇ ਟਰੱਕ ਨੂੰ ਕਾਬੂ ਕਰਕੇ ਪੁਲਿਸ ਹਵਾਲੇ ਕੀਤਾ ਗਿਆ ਹੈ। ਸਕੱਤਰ ਨੇ ਦੱਸਿਆ ਕਿ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਮਾਰਕੀਟ ਕਮੇਟੀ ਅਤੇ ਖੁਰਾਕ ਅਤੇ ਸਿਵਲ ਸਪਲਾਈਜ ਵਿਭਾਗ ਵੱਲੋਂ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੂਧਨਸਾਧਾਂ ਅਤੇ ਹੋਰ ਨਾਕਿਆਂ 'ਤੇ 24 ਘੰਟੇ ਸ਼ਿਫਟਾਂ ਅਨੁਸਾਰ ਮੁਲਾਜਮਾਂ ਦੀਆਂ ਡਿਊਟੀਆਂ ਲਗਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਇਸ ਮੁਹਿੰਮ ਤਹਿਤ ਮਿਤੀ 15 ਅਕਤੂਬਰ ਨੂੰ ਰਾਤ ਤਕਰੀਬਨ 7:40 ਵਜੇ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੂਧਨਸਾਧਾਂ ਵਿਖੇ ਮਾਰਕੀਟ ਕਮੇਟੀ ਅਤੇ ਖੁਰਾਕ ਅਤੇ ਸਿਵਲ ਸਪਲਾਈਜ ਵਿਭਾਗ ਦੇ ਮੁਲਾਜਮਾਂ ਵੱਲੋਂ ਸਾਂਝੇ ਤੌਰ 'ਤੇ ਚੈਕਿੰਗ ਕੀਤੀ ਜਾ ਰਹੀ ਸੀ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਟਰੱਕ ਨੰਬਰ ਐਚ ਪੀ 72 ਡੀ 5277 ਨੂੰ ਰੋਕ ਕੇ ਜਾਂਚ ਕੀਤੀ ਗਈ, ਤਾਂ



ਟਰੱਕ ਵਿੱਚ ਪੀ.ਆਰ. ਝੋਨਾ ਲੱਦਿਆ ਹੋਇਆ ਪਾਇਆ ਗਿਆ, ਜਿਸ ਸਬੰਧੀ ਟਰੱਕ ਦੇ ਡਰਾਈਵਰ ਕੋਲ ਕੋਈ ਦਸਤਾਵੇਜ਼ ਮੌਜੂਦ ਨਹੀਂ ਸਨ। ਟਰੱਕ ਵਿੱਚ ਡਰਾਈਵਰ ਤੋਂ ਇਲਾਵਾ ਰਮੇਸ਼ ਲਾਲ ਪੁੱਤਰ ਸੁੰਦਰ ਲਾਲ, ਵਾਸੀ ਰਮਾਣਾ ਰਮਾਣੀ, ਜ਼ਿਲ੍ਹਾ ਕਰਨਾਲ, ਹਰਿਆਣਾ, ਵੀ ਮੌਜੂਦ ਸੀ। ਪੁੱਛਗਿੱਛ ਦੌਰਾਨ ਉਸ ਨੇ ਦੱਸਿਆ ਕਿ ਉਕਤ ਝੋਨਾ ਹਰਦੋਈ, ਉੱਤਰ ਪ੍ਰਦੇਸ਼ ਤੋਂ ਲਿਆਂਦਾ ਗਿਆ ਸੀ ਅਤੇ ਇਸ ਨੂੰ ਪਟਿਆਲਾ ਲਿਜਾਇਆ ਜਾ ਰਿਹਾ ਸੀ। ਵਿਭਾਗੀ ਮੁਲਾਜਮਾਂ ਵੱਲੋਂ ਮੌਕੇ 'ਤੇ ਸੈਂਪਲਿੰਗ ਵੀ ਕੀਤੀ ਗਈ। ਟਰੱਕ ਦੀ ਜਾਂਚ ਦੌਰਾਨ ਡਰਾਈਵਰ ਅਤੇ ਉਸ ਦੇ ਨਾਲ ਮੌਜੂਦ ਵਿਅਕਤੀ ਨੂੰ ਝੋਨੇ ਸਬੰਧੀ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਕਿਹਾ ਗਿਆ, ਪਰੰਤੂ ਉਨ੍ਹਾਂ ਨੇ ਕੋਈ ਵੀ ਅਜਿਹਾ ਤਸੱਲੀਬਖ਼ਸ਼ ਜਵਾਬ ਜਾਂ ਦਸਤਾਵੇਜ਼ ਪੇਸ਼ ਨਹੀਂ ਕੀਤਾ, ਜਿਸ ਨਾਲ ਉਕਤ ਝੋਨੇ ਦੀ ਆਮਦ ਨੂੰ ਨਿਯਮਾਂ ਅਨੁਸਾਰ ਸਹੀ ਸਾਬਤ ਕੀਤਾ ਜਾ ਸਕੇ। ਇਸ ਉਪਰੰਤ ਵਿਭਾਗੀ ਮੁਲਾਜ਼ਮਾਂ ਵੱਲੋਂ ਅਗਲੇਰੀ ਕਾਰਵਾਈ ਲਈ ਟਰੱਕ ਸਮੇਤ ਸਬੰਧਤ ਵਿਅਕਤੀਆਂ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ। ਅਸ਼ੋਕ ਕੁਮਾਰ ਜਿੰਦਲ ਨੇ ਦੱਸਿਆ ਕਿ ਇਸ ਸਬੰਧੀ ਪੁਲਿਸ ਵੱਲੋਂ ਮੁਕੱਦਮਾ ਨੰਬਰ 155/2026, ਬੀ.ਐਨ.ਐਸ. ਦੀ ਧਾਰਾ 318(4) 61(2) ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਹੋਰ ਕਿਹਾ ਕਿ ਸਬੰਧਤ ਵਿਭਾਗਾਂ ਦੇ ਮੁਲਾਜਮਾਂ ਵੱਲੋਂ ਆਪਸੀ ਤਾਲਮੇਲ ਨਾਲ ਗੈਰ-ਕਾਨੂੰਨੀ ਢੰਗ ਨਾਲ ਝੋਨੇ ਦੀ ਆਮਦ ਨੂੰ ਰੋਕਣ ਲਈ ਲਗਾਤਾਰ ਚੌਕਸੀ ਵਰਤੀ ਜਾ ਰਹੀ ਹੈ। ਇਸ ਸਬੰਧੀ ਉਪ ਮੰਡਲ ਮੈਜਿਸਟਰੇਟ, ਦੂਧਨ ਸਾਧਾਂ, ਹਰਜੋਤ ਕੌਰ ਨੇ ਵੀ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ। ਮਾਰਕੀਟ ਕਮੇਟੀ ਦੂੱਧਨਸਾਧਾਂ ਦੇ ਸਕੱਤਰ ਅਸ਼ੋਕ ਕੁਮਾਰ ਜਿੰਦਲ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣਾ ਵਿਭਾਗ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦੁੱਧਨਸਾਧਾਂ ਵੱਲੋਂ ਬੈਰੀਅਰਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਵਿਭਾਗ ਵੱਲੋਂ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਸੁਰੱਖਿਆ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਚੈਕਿੰਗ ਅਤੇ ਨਿਗਰਾਨੀ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ।

ਸਕੱਤਰ ਨੇ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਵੀ ਜੇਕਰ ਕੋਈ ਵਿਅਕਤੀ, ਆੜ੍ਹਤੀ, ਲੇਬਰ ਜਾਂ ਹੋਰ ਕੋਈ ਸ਼ਰਾਰਤੀ ਅਨਸਰ ਗੈਰ-ਕਾਨੂੰਨੀ ਢੰਗ ਨਾਲ ਝੋਨਾ ਲਿਆਉਣ ਜਾਂ ਇਸ ਵਿੱਚ ਸ਼ਾਮਲ ਪਾਇਆ ਜਾਂਦਾ ਹੈ, ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਬਾਹਰਲੇ ਰਾਜਾਂ ਤੋਂ ਗੈਰ-ਕਾਨੂੰਨੀ ਢੰਗ ਨਾਲ ਝੋਨਾ ਲਿਆਉਣ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ, ਤਾਂ ਉਹ ਮਾਰਕੀਟ ਕਮੇਟੀ ਦੁੱਧਨਸਾਧਾਂ ਦੇ ਦਫ਼ਤਰ ਵਿਖੇ ਸੂਚਿਤ ਕਰ ਸਕਦਾ ਹੈ। ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਪ੍ਰਾਪਤ ਜਾਣਕਾਰੀ ਦੇ ਆਧਾਰ 'ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

## ਪਰਵਿੰਦਰ ਝੋਟਾ ਹੱਤਿਆਕਾਂਡ- ਧਰਨਾ 5ਵੇਂ ਦਿਨ ਵੀ ਜਾਰੀ, ਹਜ਼ਾਰਾਂ ਲੋਕ ਪਹੁੰਚੇ

**ਮਾਨਸਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਐਂਟੀ ਡਰੱਗ ਟਾਸਕ ਫੋਰਸ ਦੇ ਆਗੂ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਮਾਮਲੇ 'ਚ ਇਨਸਾਫ਼ ਲੈਣ ਲਈ ਮਾਨਸਾ ਤਿੰਨਕੋਨੀ ਨਜ਼ਦੀਕ ਧਰਨਾ 5ਵੇਂ ਦਿਨ ਵੀ ਜਾਰੀ ਹੈ। ਧਰਨੇ 'ਚ ਹਜ਼ਾਰਾਂ ਲੋਕ ਪਹੁੰਚੇ ਹੋਏ ਹਨ।

ਅੱਜ ਧਰਨੇ ਨੂੰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ, ਕਾਕਾ ਸਿੰਘ ਕੋਟੜਾ, ਪਰਵਿੰਦਰ ਸਿੰਘ ਬਾਲਿਆਂਵਾਲੀ, ਅਕਾਲੀ ਦਲ (ਵਾਰਿਸ ਪੰਜਾਬ ਦੇ) ਗਿੱਲ ਰਮਤਾਂ, ਹਰਮੀਤ ਸਿੰਘ ਕਾਦੀਆਂ, ਲੱਖਾ ਸਿਧਾਣਾ, ਧੰਨਾ ਮੱਲ ਗੋਇਲ, ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਸੁਖਵਿੰਦਰ ਸਿੰਘ ਔਲਖ, ਮਾਨਿਕ ਗੋਇਲ ਆਦਿ ਨੇ ਸੰਬੋਧਨ ਕੀਤਾ ਜਦਕਿ ਵੱਖ-ਵੱਖ ਰਾਜਨੀਤਕ ਤੇ ਜਨਤਕ ਜਥੇਬੰਦੀਆਂ ਦੇ ਆਗੂ ਪਹੁੰਚੇ ਹੋਏ ਹਨ। ਪਤਾ ਲੱਗਾ ਹੈ ਕਿ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੀ ਧਰਨੇ ਨੂੰ ਸੰਬੋਧਨ ਕਰਨ ਲਈ ਪਹੁੰਚਣਗੇ। ਉੱਧਰ ਧਰਨੇ ਦੇ ਮੱਦੇਨਜ਼ਰ ਪੁਲਿਸ ਵਲੋਂ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਹੋਏ ਹਨ।

## ਜ਼ਖ਼ਮੀਆਂ ਦਾ ਪਤਾ ਲੈਣ ਪਹੁੰਚੇ 'ਆਪ' ਵਿਧਾਇਕ ਵਿਜੇ ਸਿੰਗਲਾ ਦਾ ਨਿਹੰਗ ਸਿੰਘਾਂ ਵੱਲੋਂ ਜ਼ਬਰਦਸਤ ਵਿਰੋਧ



**ਮਾਨਸਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਨੂੰ ਲੈ ਕੇ ਮਾਹੌਲ ਤਣਾਅਪੂਰਨ ਬਣਿਆ ਹੋਇਆ ਹੈ। ਮਾਨਸਾ ਦੇ ਵਿਧਾਇਕ ਡਾ. ਵਿਜੈ ਸਿੰਗਲਾ ਜ਼ਖ਼ਮੀ ਨੌਜਵਾਨਾਂ ਦਾ ਹਾਲ-ਚਾਲ ਜਾਣਨ ਲਈ ਸਰਕਾਰੀ ਸਿਵਲ ਹਸਪਤਾਲ ਪਹੁੰਚੇ। ਹਸਪਤਾਲ ਵਿੱਚ ਜ਼ਖ਼ਮੀਆਂ ਨਾਲ ਮੁਲਾਕਾਤ ਕਰਦਿਆਂ ਵਿਧਾਇਕ ਡਾ. ਵਿਜੈ ਸਿੰਗਲਾ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜ਼ਖ਼ਮੀਆਂ ਦੇ ਇਲਾਜ ਦਾ ਸਾਰਾ ਖ਼ਰਚਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ।ਇਸ ਦੌਰਾਨ ਹਸਪਤਾਲ ਵਿੱਚ ਮੌਜੂਦ ਨਿਹੰਗ ਸਿੰਘਾਂ ਨੇ ਵਿਧਾਇਕ ਡਾ. ਵਿਜੈ ਸਿੰਗਲਾ ਦਾ ਵਿਰੋਧ ਕੀਤਾ। ਵਿਰੋਧ ਕਰਦਿਆਂ ਨਿਹੰਗ ਸਿੰਘਾਂ ਨੇ ਉਨ੍ਹਾਂ ਖ਼ਿਲਾਫ਼ ਮੁਰਦਾਬਾਦ ਦੇ ਨਾਅਰੇ ਵੀ ਲਗਾਏ, ਜਿਸ ਕਾਰਨ ਹਸਪਤਾਲ ਵਿੱਚ ਮਾਹੌਲ ਤਣਾਅਪੂਰਨ ਹੋ ਗਿਆ।

ਸਥਿਤੀ ਨੂੰ ਦੇਖਦਿਆਂ ਪੁਲੀਸ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਨਜ਼ਰ ਆਇਆ। ਪੁਲੀਸ ਮੁਲਾਜ਼ਮਾਂ ਨੇ ਮੁਸਤੈਦੀ ਦਿਖਾਉਂਦਿਆਂ ਵਿਧਾਇਕ ਡਾ. ਵਿਜੈ ਸਿੰਗਲਾ ਨੂੰ ਸੁਰੱਖਿਅਤ ਢੰਗ ਨਾਲ ਉੱਥੋਂ ਬਾਹਰ ਕੱਢ ਲਿਆ। ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਤੋਂ ਬਾਅਦ ਮਾਨਸਾ ਵਿੱਚ ਤਣਾਅ ਵਾਲੇ ਹਾਲਾਤ ਬਣੇ ਹੋਏ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਇਸ ਮਾਮਲੇ ਨੂੰ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਸਿਆਸੀ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਕੀ ਘਟਨਾਕ੍ਰਮ ਸਾਹਮਣੇ ਆਉਂਦਾ ਹੈ।




ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## .ਫਤਹਿ ਦੇ ਰਾਜ਼ਦਾਰੁਰਹਿਬਰ, ਹਮਨਵਾ ਤੇ ਚੁਨੌਤੀਕਾਰ

ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਮਿਹਨਤ, ਲਗਨ ਅਤੇ ਅਨੁਸ਼ਾਸਨ ਜਿੰਨੇ ਜ਼ਰੂਰੀ ਹਨ, ਉੱਨਾ ਹੀ ਮਹੱਤਵ ਉਨ੍ਹਾਂ ਲੋਕਾਂ ਦਾ ਵੀ ਹੈ, ਜਿਹੜੇ ਸਾਡੀ ਸੋਚ ਨੂੰ ਨਿਖਾਰਦੇ, ਸਾਡੇ ਹੌਸਲੇ ਨੂੰ ਮਜ਼ਬੂਤ ਕਰਦੇ ਅਤੇ ਸਾਡੀਆਂ ਕਮੀਆਂ ਤੋਂ ਜਾਣੂ ਕਰਵਾਉਂਦੇ ਹਨ। ਇਨਸਾਨ ਭਾਵੇਂ ਆਪਣੀ ਮੰਜ਼ਿਲ ਦਾ ਰਾਹ ਖ਼ੁਦ ਤੈਅ ਕਰਦਾ ਹੈ, ਪਰ ਸਹੀ ਸਾਥ ਉਸ ਦੇ ਸਫ਼ਰ ਨੂੰ ਵਧੇਰੇ ਸੁਚੱਜਾ ਅਤੇ ਸਾਰਥਕ ਬਣਾ ਸਕਦਾ ਹੈ।

ਪਹਿਲਾ ਸਾਥੀ ਉਹ ਹੈ, ਜਿਸ ਤੋਂ ਅਸੀਂ ਸਿੱਖਦੇ ਹਾਂ। ਇਹ ਸਾਥੀ ਸਾਡਾ ਅਧਿਆਪਕ, ਮਾਪਾ, ਦੋਸਤ, ਸਾਡੇ ਨਾਲ ਕੰਮ ਕਰਨ ਵਾਲਾ ਸਾਥੀ ਜਾਂ ਕੋਈ ਤਜਰਬੇਕਾਰ ਹੋ ਸਕਦਾ ਹੈ। ਉਸ ਦੀ ਖ਼ਾਸੀਅਤ ਸਿਰਫ਼ ਗਿਆਨ ਦੇਣਾ ਨਹੀਂ, ਸਗੋਂ ਸਾਨੂੰ ਸਵਾਲ ਪੁੱਛਣ, ਤਰਕ ਕਰਨ ਅਤੇ ਆਪਣੀਆਂ ਗ਼ਲਤੀਆਂ ਤੋਂ ਸਿੱਖਣ ਦੇ ਯੋਗ ਬਣਾਉਣਾ ਹੈ। ਸਿੱਖਣ ਦੀ ਕੰਮ ਕਿਸੇ ਉਮਰ, ਅਹੁਦੇ ਜਾਂ ਡਿਗਰੀ ਦੀ ਮੁਹਤਾਜ ਨਹੀਂ। ਜਿਹੜਾ ਵਿਅਕਤੀ ਇਹ ਮੰਨ ਲੈਂਦਾ ਹੈ ਕਿ ਉਸ ਨੂੰ ਸਭ ਕੁਝ ਆਉਂਦਾ ਹੈ, ਉਹ ਆਪਣੀ ਤਰੱਕੀ ਦੇ ਰਾਹ ਆਪ ਬੰਦ ਕਰ ਲੈਂਦਾ ਹੈ।

ਦੂਜਾ ਸਾਥੀ ਉਹ ਹੈ, ਜਿਸ ਨੂੰ ਸਾਡੀ ਸਮਰੱਥਾ ਉੱਤੇ ਭਰੋਸਾ ਹੁੰਦਾ ਹੈ। ਜਦੋਂ ਅਸੀਂ ਖ਼ੁਦ ਸ਼ੱਕ ਅਤੇ ਦੁਚਿੱਤੀ ਵਿੱਚ ਘਿਰੇ ਹੁੰਦੇ ਹਾਂ, ਉਦੋਂ ਕਿਸੇ ਦਾ ਇਹ ਕਹਿਣਾ ਕਿ 'ਮੈਨੂੰ ਤੇਰੇ 'ਤੇ ਭਰੋਸਾ ਹੈ, ਤੂੰ ਕੋਸ਼ਿਸ਼ ਕਰ' ਸਾਡੇ ਅੰਦਰ ਨਵਾਂ ਹੌਸਲਾ ਪੈਦਾ ਕਰ ਸਕਦਾ ਹੈ। ਅਜਿਹਾ ਵਿਅਕਤੀ ਸਾਡੀਆਂ ਸਾਰੀਆਂ ਗ਼ਲਤੀਆਂ ਨੂੰ ਸਹੀ ਨਹੀਂ ਠਹਿਰਾਉਂਦਾ, ਬਲਕਿ ਸਾਡੀ ਕਾਬਲੀਅਤ ਨੂੰ ਪਛਾਣਦਿਆਂ ਸਾਨੂੰ ਜ਼ਿੰਮੇਵਾਰੀ ਨਿਭਾਉਣ ਦਾ ਮੌਕਾ ਦਿੰਦਾ ਹੈ। ਭਰੋਸੇ ਦਾ ਅਸਲ ਅਰਥ ਅੰਨ੍ਹਾ ਸਮਰਥਨ ਨਹੀਂ, ਸਗੋਂ ਸੱਚਾਈ ਦੇ ਨਾਲ ਖੜ੍ਹਨਾ ਹੈ।

ਤੀਜਾ ਸਾਥੀ ਉਹ ਹੈ, ਜੋ ਸਾਨੂੰ ਮੁਕਾਬਲਾ ਦਿੰਦਾ ਹੈ। ਉਹ ਸਾਡੀਆਂ ਕਮੀਆਂ ਵੱਲ ਧਿਆਨ ਦਿਵਾਉਂਦਾ ਹੈ, ਸਾਡੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਾ ਹੈ ਅਤੇ ਸਾਨੂੰ ਆਪਣੀਆਂ ਹੱਦਾਂ ਤੋਂ ਅੱਗੇ ਵਧਣ ਲਈ ਉਤਸ਼ਾਹਿਤ ਕਰਦਾ ਹੈ। ਪਰ ਇੱਥੇ ਇੱਕ ਫ਼ਰਕ ਸਮਝਣਾ ਜ਼ਰੂਰੀ ਹੈ, ਅੱਗੇ ਵਧਣ ਦੀ ਨੁਕਤਾਚੀਨੀ ਅਤੇ ਬੇਜ਼ਤੀ ਇੱਕੋ ਚੀਜ਼ ਨਹੀਂ ਹਨ। ਜਿਹੜਾ ਇਨਸਾਨ ਸਾਡੀ ਗ਼ਲਤੀ ਦੱਸ ਕੇ ਸੁਧਰਨ ਦਾ ਰਾਹ ਵੀ ਦਿਖਾਉਂਦਾ ਹੈ, ਉਹ ਸਾਡੀ ਤਰੱਕੀ ਵਿੱਚ ਯੋਗਦਾਨ ਪਾਉਂਦਾ ਹੈ। ਇਸ ਦੇ ਉਲਟ, ਜਿਹੜਾ ਸਿਰਫ਼ ਨੀਵਾਂ ਦਿਖਾਉਣ ਜਾਂ ਹੌਸਲਾ ਤੋੜਨ ਲਈ ਆਲੋਚਨਾ ਕਰਦਾ ਹੈ, ਉਸ ਦੀ ਹਰ ਗੱਲ ਨੂੰ ਵਿਕਾਸ ਦਾ ਸਾਧਨ ਨਹੀਂ ਮੰਨਿਆ ਜਾ ਸਕਦਾ।

ਮਨੋਵਿਗਿਆਨ ਵਿੱਚ ਪ੍ਰਚਲਿਤ ਸਵੈ-ਨਿਰਧਾਰਨ ਸਿਧਾਂਤ (ਸੈਲਫ -ਡਿਟਰਮੀਨੇਸ਼ਨ ਥਿਊਰੀ) ਵੀ ਇਸ ਤੱਥ ਨੂੰ ਸਮਝਣ ਵਿੱਚ ਸਹਿਯੋਗ ਕਰਦਾ ਹੈ। ਇਸ ਤਹਿਤ ਇਨਸਾਨ ਦੀ ਪ੍ਰੇਰਣਾ ਅਤੇ ਤਰੱਕੀ ਲਈ ਖ਼ੁਦ ਫ਼ੈਸਲੇ ਕਰਨ ਦੀ ਆਜ਼ਾਦੀ, ਆਪਣੀ ਸਮਰੱਥਾ ਦਾ ਅਹਿਸਾਸ ਅਤੇ ਦੂਜਿਆਂ ਨਾਲ ਲਾਹੇਬੰਧ ਸਬੰਧ ਮਹੱਤਵਪੂਰਨ ਹਨ। ਇਸ ਲਈ ਭਰੋਸਾ, ਸਿੱਖਿਆ ਅਤੇ ਮੁਕਾਬਲੇ ਲਈ ਉਕਸਾਣ ਲਾਭਕਾਰੀ ਬਣਦੇ ਹਨ, ਜਦੋਂ ਉਹ ਇਨਸਾਨ ਦੀ ਖ਼ੁਦਮੁਖ਼ਤਿਆਰੀ ਅਤੇ ਸਵੈ-ਮਾਣ ਨੂੰ ਵੀ ਸੁਰੱਖਿਅਤ ਰੱਖਣ।

ਕਈ ਖ਼ੁਸ਼ਕਿਸਮਤ ਲੋਕਾਂ ਨੂੰ ਇਹ ਤਿੰਨੇ ਗੁਣ ਇੱਕੋ ਦੋਸਤ ਵਿੱਚ ਮਿਲ ਜਾਂਦੇ ਹਨ। ਉਹ ਉਸਤਾਦੀ ਸਿਖਾਉਂਦਾ ਵੀ ਹੈ, ਹੌਸਲਾ ਵੀ ਦਿੰਦਾ ਹੈ ਅਤੇ ਗ਼ਲਤੀ ਹੋਣ 'ਤੇ ਸਖ਼ਤੀ ਨਾਲ ਸੁਧਾਰ ਵੀ ਕਰਵਾਉਂਦਾ ਹੈ। ਪਰ ਜੇ ਇਹ ਤਿੰਨੇ ਗੁਣ ਵੱਖ-ਵੱਖ ਲੋਕਾਂ ਵਿੱਚ ਹੋਣ, ਤਾਂ ਵੀ ਇਹ ਕਿਸੇ ਘਾਟ ਦੀ ਨਿਸ਼ਾਨੀ ਨਹੀਂ। ਅਹਿਮ ਗੱਲ ਇਹ ਹੈ ਕਿ ਸਾਡੀ ਜ਼ਿੰਦਗੀ ਵਿੱਚ ਸਿੱਖਣ, ਭਰੋਸਾ ਪ੍ਰਾਪਤ ਕਰਨ ਅਤੇ ਆਪਣੇ ਆਪ ਨੂੰ ਬਿਹਤਰ ਬਣਾਉਣ ਦੇ ਮੌਕੇ ਮੌਜੂਦ ਹੋਣ।

ਇਸ ਵਿਚਾਰ ਦਾ ਸਭ ਤੋਂ ਮਹੱਤਵਪੂਰਨ ਪੱਖ ਇਹ ਹੈ ਕਿ ਅਸੀਂ ਸਿਰਫ਼ ਅਜਿਹੇ ਲੋਕਾਂ ਦੀ ਭਾਲ ਨਾ ਕਰੀਏ, ਸਗੋਂ ਖ਼ੁਦ ਵੀ ਕਿਸੇ ਲਈ ਅਜਿਹੇ ਇਨਸਾਨ ਬਣੀਏ। ਆਪਣੇ ਤਜਰਬੇ ਨਾਲ ਕਿਸੇ ਨੂੰ ਸਿਖਾਈਏ, ਉਸ ਦੀ ਯੋਗਤਾ ਉੱਤੇ ਭਰੋਸਾ ਕਰੀਏ ਅਤੇ ਉਸ ਦੀਆਂ ਕਮੀਆਂ ਨੂੰ ਨਿੱਜੀ ਹਮਲਾ ਬਣਾਉਣ ਦੀ ਬਜਾਏ ਸੁਧਾਰ ਦਾ ਮੌਕਾ ਸਮਝੀਏ।

ਕਾਮਯਾਬੀ ਦਾ ਅਸਲ ਮਾਪ ਸਿਰਫ਼ ਇਹ ਨਹੀਂ ਕਿ ਤਰੱਕੀ ਤਹਿਤ ਅਸੀਂ ਕਿੰਨਾ ਅੱਗੇ ਪਹੁੰਚੇ ਹਾਂ, ਸਗੋਂ ਇਹ ਵੀ ਹੈ ਕਿ ਸਾਡੇ ਸਫ਼ਰ ਨੇ ਸਾਨੂੰ ਕਿੰਨਾ ਬਿਹਤਰ ਇਨਸਾਨ ਬਣਾਇਆ ਹੈ। ਚੰਗਾ ਸਾਥੀ ਸਾਨੂੰ ਮੰਜ਼ਿਲ ਤੱਕ ਪਹੁੰਚਣ ਵਿੱਚ ਮਦਦ ਕਰਦਾ ਹੈ, ਪਰ ਸਹੀ ਸਾਥੀ ਸਾਨੂੰ ਮੰਜ਼ਿਲ ਦੇ ਕਾਬਲ ਵੀ ਬਣਾਉਂਦਾ ਹੈ।






Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਓ.ਸੀ.ਆਈ ਦਾ ਸੱਚ, ਕਾਨੂੰਨੀ ਕਸ਼ਮਕਸ਼



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਕੀ ਵਿਦੇਸ਼ ਵਸਦੇ ਪੰਜਾਬੀ ਕੋਲ ਭਾਰਤ ਵਿੱਚ ਬੋਲਣ, ਜੁੜਨ ਤੇ ਰੋਸ ਕਰਨ ਦਾ ਹੱਕ ਹੈ? ਕੀ ਸਰਕਾਰ ਇੱਕ ਹੁਕਮ ਨਾਲ ਉਸਨੂੰ ਦੇਸ਼ ਛੱਡਣ ਲਈ ਕਹਿ ਸਕਦੀ ਹੈ?

ਲੱਖਾਂ ਪੰਜਾਬੀ ਕੈਨੇਡਾ, ਅਮਰੀਕਾ, ਯੂ ਕੇ ਤੇ ਆਸਟ੍ਰੇਲੀਆ ਵਿੱਚ ਵਸਦੇ ਹਨ। ਇਨ੍ਹਾਂ ਵਿੱਚੋਂ ਬਹੁਤੇ ਜੇਬ ਵਿੱਚ ਓਸੀਆਈ (ਓਵਰਸੀਜ਼ ਸਿਟੀਜਨ ਆਫ ਇੰਡੀਆ ) ਕਾਰਡ ਰੱਖਦੇ ਹਨ ਅਤੇ ਇਸਨੂੰ ਆਮ ਬੋਲੀ ਵਿੱਚ ਦੋਹਰੀ ਨਾਗਰਿਕਤਾ ਕਹਿ ਦਿੰਦੇ ਹਨ। ਪਰ ਕਾਨੂੰਨ ਦੀ ਨਜ਼ਰ ਵਿੱਚ ਇਹ ਨਾਗਰਿਕਤਾ ਨਹੀਂ, ਇੱਕ ਵਿਸ਼ੇਸ਼ ਇਮੀਗ੍ਰੇਸ਼ਨ ਦਰਜਾ ਹੈ। ਇਹ ਫ਼ਰਕ ਸਮਝਣਾ ਅੱਜ ਪਹਿਲਾਂ ਨਾਲੋਂ ਵੱਧ ਜ਼ਰੂਰੀ ਹੈ।

ਇਹ ਪ੍ਰਬੰਧ ਸਾਲ 2005 ਵਿੱਚ ਨਾਗਰਿਕਤਾ ਐਕਟ, 1955 ਅਧੀਨ ਸ਼ੁਰੂ ਹੋਇਆ। ਇਹ ਭਾਰਤੀ ਮੂਲ ਦੇ ਉਨ੍ਹਾਂ ਵਿਦੇਸ਼ੀ ਨਾਗਰਿਕਾਂ ਲਈ ਹੈ ਜੋ ਪਾਕਿਸਤਾਨ ਜਾਂ ਬੰਗਲਾਦੇਸ਼ ਨਾਲ ਸੰਬੰਧਿਤ ਨਹੀਂ ਹਨ। ਇਸ ਵਿੱਚ ਉਮਰ ਭਰ ਲਈ ਬਹੁ-ਵਾਰ ਦਾਖ਼ਲੇ ਦਾ ਵੀਜ਼ਾ ਮਿਲਦਾ ਹੈ ਅਤੇ ਐਫ.ਆਰ.ਆਰ.ਉ ਕੋਲ ਰਜਿਸਟ੍ਰੇਸ਼ਨ ਤੋਂ ਛੋਟ ਹੈ। ਹੋਰ ਸਹੂਲਤਾਂ ਕੇਂਦਰ ਸਰਕਾਰ ਧਾਰਾ 7ਬੀ (1) ਹੇਠ ਨੋਟੀਫ਼ਿਕੇਸ਼ਨ ਰਾਹੀਂ ਦਿੰਦੀ ਹੈ। ਓ.ਸੀ.ਆਈ ਬਣੇ ਨੂੰ ਪੰਜ ਸਾਲ ਹੋਣ ਅਤੇ ਉਨ੍ਹਾਂ ਵਿੱਚੋਂ ਇੱਕ ਸਾਲ ਭਾਰਤ ਵਿੱਚ ਰਹਿਣ ਤੋਂ ਬਾਅਦ ਧਾਰਾ 5(1)(ਜੀ) ਅਧੀਨ ਭਾਰਤੀ ਨਾਗਰਿਕਤਾ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ।

ਸਭ ਤੋਂ ਅਹਿਮ ਗੱਲ ਇਹ ਹੈ ਕਿ ਓ.ਸੀ.ਆਈ ਧਾਰਕ ਕਾਨੂੰਨੀ ਤੌਰ @ਤੇ ਵਿਦੇਸ਼ੀ ਹੈ। ਇਮੀਗ੍ਰੇਸ਼ਨ ਐਂਡ ਫਾਰੇਨਰਜ਼ ਐਕਟ, 2025 ਦੀ ਧਾਰਾ 2(ਐਫ ) ਅਨੁਸਾਰ ਜੋ ਭਾਰਤ ਦਾ ਨਾਗਰਿਕ ਨਹੀਂ, ਉਹ ਫਾਰੇਨਰ ਹੈ।

ਧਾਰਾ 7ਬੀ (1) ਅਨੁਸਾਰ ਓ.ਸੀ.ਆਈ ਨੂੰ ਉਹੀ ਹੱਕ ਮਿਲਦੇ ਹਨ ਜੋ ਕੇਂਦਰ ਸਰਕਾਰ ਨੋਟੀਫਾਈ ਕਰੇ, ਯਾਨੀ ਇਹ ਹੱਕ ਸਰਕਾਰ ਦੀ ਮਰਜ਼ੀ ਤੇ ਨੋਟੀਫ਼ਿਕੇਸ਼ਨ @ਤੇ ਨਿਰਭਰ ਹਨ, ਜਨਮ-ਸਿੱਧ ਨਹੀਂ। ਧਾਰਾ 7ਬੀ (2) ਵਿੱਚ ਕੁਝ ਹੱਕ ਸਪੱਸ਼ਟ ਤੌਰ @ਤੇ ਖੋਹੇ ਗਏ ਹਨ:

ਸਰਕਾਰੀ ਨੌਕਰੀ ਵਿੱਚ ਬਰਾਬਰ ਮੌਕੇ ਦਾ ਹੱਕ (ਅਨੁਛੇਦ 16)

ਰਾਸ਼ਟਰਪਤੀ (ਅਨੁਛੇਦ 58), ਉਪ-ਰਾਸ਼ਟਰਪਤੀ (ਅਨੁਛੇਦ 66), ਸੁਪਰੀਮ ਕੋਰਟ (ਅਨੁਛੇਦ 124) ਅਤੇ ਹਾਈ ਕੋਰਟ (ਅਨੁਛੇਦ 217) ਦੇ ਜੱਜ ਬਣਨ ਦੀ ਯੋਗਤਾ

ਲੋਕ ਪ੍ਰਤੀਨਿਧਤਾ ਐਕਟ ਅਧੀਨ ਵੋਟਰ ਬਣਨ ਅਤੇ ਸੰਸਦ ਜਾਂ ਵਿਧਾਨ ਸਭਾ/ਪ੍ਰੀਸ਼ਦ ਦੀ ਮੈਂਬਰੀ ਦਾ ਹੱਕ

ਸਰਕਾਰੀ ਸੇਵਾਵਾਂ ਵਿੱਚ ਨਿਯੁਕਤੀ ਜਾਇਦਾਦ ਵਿੱਚ ਐਨਆਰਆਈ ਵਰਗੀ ਬਰਾਬਰੀ ਮਿਲਦੀ ਹੈ, ਪਰ ਖੇਤੀ ਵਾਲੀ ਜ਼ਮੀਨ, ਫਾਰਮ ਹਾਊਸ ਤੇ ਪਲਾਂਟੇਸ਼ਨ ਖ਼ਰੀਦਣ ਦੀ ਮਨਾਹੀ ਹੈ। ਪੰਜਾਬ ਦੇ ਸੰਦਰਭ ਵਿੱਚ ਇਹ ਖ਼ਾਸ ਅਹਿਮੀਅਤ ਰੱਖਦਾ ਹੈ। ਮਾਰਚ 2021 ਦੀ ਨੋਟੀਫ਼ਿਕੇਸ਼ਨ ਅਨੁਸਾਰ ਪੱਤਰਕਾਰੀ, ਖੋਜ, ਮਿਸ਼ਨਰੀ ਤੇ ਪਹਾੜਾਂ ਤੇ ਚੜ੍ਹਨ ਵਰਗੀਆਂ ਸਰਗਰਮੀਆਂ ਲਈ ਪਹਿਲਾਂ ਇਜਾਜ਼ਤ ਲੈਣੀ ਪੈਂਦੀ ਹੈ।

ਸੰਵਿਧਾਨ ਦਾ ਅਨੁਛੇਦ 19 ਛੇ ਆਜ਼ਾਦੀਆਂ ਦਿੰਦਾ ਹੈ - ਬੋਲਣ ਤੇ ਪ੍ਰਗਟਾਵੇ ਦੀ, ਸ਼ਾਂਤੀਪੂਰਨ ਇਕੱਠ ਦੀ, ਸੰਗਠਨ ਬਣਾਉਣ ਦੀ, ਭਾਰਤ ਵਿੱਚ ਹਰ ਥਾਂ ਘੁੰਮਣ ਦੀ, ਕਿਤੇ ਵੀ ਵਸਣ ਦੀ, ਅਤੇ ਕੋਈ ਵੀ ਪੇਸ਼ਾ ਜਾਂ ਕਾਰੋਬਾਰ ਕਰਨ ਦੀ, ਪਰ ਇਹ ਸਿਰਫ਼ ਨਾਗਰਿਕਾਂ ਲਈ ਹਨ। ਓ.ਸੀ.ਆਈ ਧਾਰਕ ਨਾਗਰਿਕ ਲਈ ਨਹੀਂ, ਇਸ ਲਈ ਉਹ ਇਨ੍ਹਾਂ ਹੱਕਾਂ ਦਾ ਸੰਵਿਧਾਨਕ ਦਾਅਵਾ ਨਹੀਂ ਕਰ ਸਕਦਾ। ਬੋਲਣ, ਇਕੱਠ ਤੇ ਸੰਗਠਨ ਦੀਆਂ ਆਜ਼ਾਦੀਆਂ ਸਿਰਫ਼ ਭਾਰਤੀ ਨਾਗਰਿਕਾਂ ਲਈ ਹਨ, ਜਦਕਿ ਵਿਦੇਸ਼ੀਆਂ ਕੋਲ ਅਨੁਛੇਦ 14 ਤੇ 21 ਦੀ ਸੁਰੱਖਿਆ ਰਹਿੰਦੀ ਹੈ।

ਅਨੁਛੇਦ 14 ਹਰ ਵਿਅਕਤੀ ਨੂੰ ਕਾਨੂੰਨ ਸਾਹਮਣੇ ਬਰਾਬਰੀ ਦਿੰਦਾ ਹੈ ਅਤੇ ਅਨੁਛੇਦ 21 ਜੀਵਨ ਤੇ ਨਿੱਜੀ ਆਜ਼ਾਦੀ ਦੀ ਗਾਰੰਟੀ ਦਿੰਦਾ ਹੈ, ਭਾਵੇਂ ਵਿਅਕਤੀ ਵਿਦੇਸ਼ੀ ਹੀ ਕਿਉਂ ਨਾ ਹੋਵੇ। ਇਸ ਲਈ ਮਨਮਾਨੀ ਕਾਰਵਾਈ, ਬਿਨਾਂ ਸੁਣਵਾਈ ਸਜ਼ਾ ਜਾਂ ਗ਼ੈਰ-ਕਾਨੂੰਨੀ ਹਿਰਾਸਤ ਵਿਰੁੱਧ ਅਦਾਲਤ ਦਾ ਦਰਵਾਜ਼ਾ ਖੁੱਲ੍ਹਾ ਹੈ। ਪਰ ਭਾਰਤ ਵਿੱਚ ਟਿਕੇ ਰਹਿਣ ਦਾ ਹੱਕ ਕਿਸੇ ਵਿਦੇਸ਼ੀ ਨੂੰ ਸੰਵਿਧਾਨ ਨਹੀਂ ਦਿੰਦਾ।

ਇੱਥੇ ਇੱਕ ਬਾਰੀਕ ਨੁਕਤਾ ਸਮਝਣਾ ਹੈਓ.ਸੀ.ਆਈ ਨਿਯਮਾਂ ਵਿੱਚ ਹਰ ਸ਼ਾਂਤੀਪੂਰਨ ਰੋਸ ਵਿੱਚ ਸ਼ਾਮਲ ਹੋਣ @ਤੇ ਸਿੱਧੀ, ਸਪੱਸ਼ਟ ਪਾਬੰਦੀ ਨਹੀਂ ਹੈ, ਪਰ ਸਿਆਸੀ ਸਰਗਰਮੀ ਸੰਬੰਧੀ ਇਮੀਗ੍ਰੇਸ਼ਨ ਸ਼ਰਤਾਂ ਤੇ ਪਾਬੰਦੀਆਂ ਲਾਗੂ ਹੋ ਸਕਦੀਆਂ ਹਨ। ਇਸੇ ਧੁੰਦਲੇਪਣ ਕਾਰਨ ਹੀ ਵਿਵਾਦ ਪੈਦਾ ਹੁੰਦੇ ਹਨ।

ਕੇਂਦਰ ਸਰਕਾਰ ਸਿਰਫ਼ ਕਾਨੂੰਨ ਵਿੱਚ ਦਰਜ ਆਧਾਰਾਂ @ਤੇ ਹੀ ਰਜਿਸਟ੍ਰੇਸ਼ਨ ਰੱਦ ਕਰ ਸਕਦੀ ਹੈ:

1. ਧੋਖੇ, ਝੂਠੇ ਬਿਆਨ ਜਾਂ ਤੱਥ ਲੁਕਾ ਕੇ ਕਾਰਡ ਲੈਣਾ
2. ਸੰਵਿਧਾਨ ਪ੍ਰਤੀ ਨਰਾਜ਼ਗੀ ਜਾਂ ਗ਼ੱਦਾਰੀ ਦਿਖਾਉਣੀ
3. ਜੰਗ ਸਮੇਂ ਦੁਸ਼ਮਣ ਨਾਲ ਵਪਾਰ ਜਾਂ ਸੰਚਾਰ
4. ਰਜਿਸਟ੍ਰੇਸ਼ਨ ਦੇ ਪੰਜ ਸਾਲਾਂ ਅੰਦਰ ਦੋ ਸਾਲ ਜਾਂ ਵੱਧ ਕੈਦ
5. ਭਾਰਤ ਦੀ ਖੁਦਮੁਖਤਿਆਰੀ , ਸੁਰੱਖਿਆ ਜਾਂ ਜਨਤਕ ਹਿੱਤਾਂ ਦੇ ਹਿਤ ਵਿੱਚ ਰੱਦ ਕਰਨਾ ਜ਼ਰੂਰੀ ਹੋਣਾ
6. ਵਿਆਹ ਆਧਾਰਿਤ ਕਾਰਡ ਵਾਲੇ ਦਾ ਵਿਆਹ ਟੁੱਟਣਾ (ਜਾਂ ਵਿਆਹ ਤੋਂ ਬਾਅਦ ਪੰਜ ਸਾਲਾਂ ਅੰਦਰ ਧੋਖੇ ਵਾਲਾ ਸੰਬੰਧ ਹੋਣਾ)

ਸਾਲ 2019 ਦੀ ਸੋਧ ਨੇ ਆਧਾਰ ਜੋੜਿਆ: ਇਸ ਐਕਟ ਜਾਂ ਕੇਂਦਰ ਦੀ ਨੋਟੀਫ਼ਿਕੇਸ਼ਨ ਵਿੱਚ ਦਰਸਾਏ ਕਿਸੇ ਹੋਰ ਕਾਨੂੰਨ ਦੀ ਉਲੰਘਣਾ। ਇਸ ਸੰਬੰਧੀ ਅਗਸਤ 2025 ਦੀ ਨੋਟੀਫ਼ਿਕੇਸ਼ਨ ਅਨੁਸਾਰ ਜਿਸ ਓ.ਸੀ.ਆਈ ਨੂੰ ਦੋ ਸਾਲ ਜਾਂ ਵੱਧ ਕੈਦ ਹੋਈ ਹੋਵੇ, ਜਾਂ ਜਿਸ ਵਿਰੁੱਧ ਸੱਤ ਸਾਲ ਜਾਂ ਵੱਧ ਸਜ਼ਾ ਵਾਲੇ ਜੁਰਮ ਦਾ ਚਲਾਨ ਪੇਸ਼ ਹੋਇਆ ਹੋਵੇ, ਉਸਦੀ ਰਜਿਸਟ੍ਰੇਸ਼ਨ ਰੱਦ ਹੋ ਸਕਦੀ ਹੈ।

ਇੱਥੇ ਸਭ ਤੋਂ ਵੱਡੀ ਕਾਨੂੰਨੀ ਢਾਲ ਧਾਰਾ 7ਡੀ ਦੀ ਸ਼ਰਤ ਹੈ। ਓ.ਸੀ.ਆਈ ਨੂੰ ਸੁਣੇ ਜਾਣ ਦਾ ਵਾਜਬ ਮੌਕਾ ਦਿੱਤੇ ਬਿਨਾਂ ਕੋਈ ਰੱਦ ਕਰਨ ਦਾ ਹੁਕਮ ਪਾਸ ਨਹੀਂ ਹੋ ਸਕਦਾ। ਦਿੱਲੀ ਹਾਈ ਕੋਰਟ ਕੋਲ ਆਏ ਮਾਮਲਿਆਂ ਵਿੱਚ ਇਹੀ ਸਵਾਲ ਉੱਠੇ ਹਨ। ਇੱਕ ਮਾਮਲੇ ਵਿੱਚ ਪਟੀਸ਼ਨਰ ਨੂੰ ਹਵਾਈ ਅੱਡੇ @ਤੇ ਪਹੁੰਚ ਕੇ ਹੀ ਪਤਾ ਲੱਗਿਆ ਕਿ ਉਸਦਾ ਕਾਰਡ ਰੱਦ ਹੋ ਚੁੱਕਾ ਹੈ। ਇੱਕ ਹੋਰ ਮਾਮਲੇ ਵਿੱਚ (ਅਸ਼ੋਕ ਸਵੈਨ) ਅਦਾਲਤ ਨੇ ਅਧਿਕਾਰੀਆਂ ਨੂੰ ਧਾਰਾ 7ਡੀ (ਈ) ਵਰਤਣ ਦੇ ਕਾਰਨ ਉਜਾਗਰ ਕਰਦਾ ਵੇਰਵੇ ਸਾਹਿਤ ਹੁਕਮ ਪਾਸ ਕਰਨ ਦੀ ਹਦਾਇਤ ਕੀਤੀ। ਸੰਦੇਸ਼ ਸਾਫ਼ ਹੈ: ਸਰਕਾਰ ਦੀ ਤਾਕਤ ਵੱਡੀ ਹੈ, ਪਰ ਬੇਹਿਸਾਬ ਨਹੀਂ। ਨਾ-ਬੋਲਦਾ ਹੁਕਮ ਕਾਨੂੰਨੀ ਜਾਂਚ ਵਿੱਚ ਕਮਜ਼ੋਰ ਪੈਂਦਾ ਹੈ।

ਇਹ ਨਵਾਂ ਕਾਨੂੰਨ ਅਪ੍ਰੈਲ 2025 ਵਿੱਚ ਸੰਸਦ ਨੇ ਪਾਸ ਕੀਤਾ। ਇਸ ਨੇ ਪਾਸਪੋਰਟ (ਭਾਰਤ ਵਿੱਚ ਦਾਖ਼ਲਾ) ਐਕਟ 1920, ਫਾਰੇਨਰਜ਼ ਰਜਿਸਟ੍ਰੇਸ਼ਨ ਐਕਟ 1939, ਫਾਰੇਨਰਜ਼ ਐਕਟ 1946 ਅਤੇ ਇਮੀਗ੍ਰੇਸ਼ਨ (ਕੈਰੀਅਰਜ਼ ਦੀ ਜ਼ਿੰਮੇਵਾਰੀ) ਐਕਟ 2000 ਨੂੰ ਖ਼ਤਮ ਕਰ ਦਿੱਤਾ। ਜਾਅਲੀ ਪਾਸਪੋਰਟ ਜਾਂ ਵੀਜ਼ੇ ਲਈ ਸੱਤ ਸਾਲ ਤੱਕ ਕੈਦ ਅਤੇ ਦਸ ਲੱਖ ਰੁਪਏ ਤੱਕ ਜੁਰਮਾਨੇ ਦਾ ਪ੍ਰਬੰਧਕ ਹੈ।

ਧਾਰਾ 7: ਕੇਂਦਰ ਸਰਕਾਰ ਨੂੰ ਵਿਦੇਸ਼ੀਆਂ ਦੇ ਭਾਰਤ ਵਿੱਚ ਦਾਖ਼ਲੇ, ਰਵਾਨਗੀ, ਮੌਜੂਦਗੀ ਤੇ ਆਵਾਜਾਈ ਨੂੰ ਨਿਯਮਿਤ, ਸੀਮਤ ਜਾਂ ਮਨ੍ਹਾ ਕਰਨ ਲਈ ਹੁਕਮ ਜਾਰੀ ਕਰਨ ਦੀ ਤਾਕਤ ਮਿਲਦੀ ਹੈ। ਉਪ-ਧਾਰਾ 7(2)(ਸੀ) ਅਧੀਨ ਸਰਕਾਰ ਕਿਸੇ ਵਿਦੇਸ਼ੀ ਨੂੰ ਭਾਰਤ ਜਾਂ ਕਿਸੇ ਖ਼ਾਸ ਇਲਾਕੇ ਵਿੱਚ ਨਾ ਰਹਿਣ ਦੀ ਹਦਾਇਤ ਕਰ ਸਕਦੀ ਹੈ।

ਧਾਰਾ 29: ਇਹ ਵਿਦੇਸ਼ੀ ਨੂੰ ਹਟਾਉਣ (ਰਿਮੂਵਲ) ਨਾਲ ਸੰਬੰਧਿਤ ਹੈ। ਰਿਪੋਰਟਾਂ ਅਨੁਸਾਰ ਐਕਟ, ਨਿਯਮਾਂ ਜਾਂ ਹੁਕਮਾਂ ਦੀ ਉਲੰਘਣਾ ਜਾਂ ਸੁਰੱਖਿਆ ਸੰਬੰਧੀ ਖਿਲਾਫ ਰਿਪੋਰਟ ਦੀ ਸੂਰਤ ਵਿੱਚ ਇਹ ਵਰਤੀ ਜਾ ਸਕਦੀ ਹੈ। ਦੋ ਕਾਨੂੰਨਾਂ ਦਾ ਟਕਰਾਅ ਇੱਥੇ ਹੈ। ਧਾਰਾ 7ਡੀ ਕਾਰਡ ਰੱਦ ਕਰਨ ਲਈ ਸੁਣਵਾਈ ਮੰਗਦੀ ਹੈ, ਜਦਕਿ ਇਮੀਗ੍ਰੇਸ਼ਨ ਐਕਟ ਦੀਆਂ ਧਾਰਾਵਾਂ ਕਾਰਡ ਰੱਦ ਕੀਤੇ ਬਿਨਾਂ ਵੀ ਵਿਅਕਤੀ ਨੂੰ ਦੇਸ਼ ਛੱਡਣ ਲਈ ਕਹਿ ਸਕਦੀਆਂ ਹਨ। ਇਸ @ਤੇ ਸੁਪਰੀਮ ਕੋਰਟ ਤੇ ਹਾਈ ਕੋਰਟਾਂ ਦਾ ਅੰਤਿਮ ਫ਼ੈਸਲਾ ਅਜੇ ਉਡੀਕਵਾਂ ਹੈ।

ਰਿਪੋਰਟਾਂ ਮੁਤਾਬਕ ਅਮਰੀਕੀ ਨਾਗਰਿਕ ਤੇ ਅਦਾਕਾਰ ਇਮਰਾਨ ਖ਼ਾਨ ਨੂੰ ਐਫ.ਆਰ.ਆਰ.ਓ ਨੇ ਮੁੰਬਈ ਦੇ ਇੱਕ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਤੋਂ ਬਾਅਦ 28 ਅਕਤੂਬਰ ਤੱਕ ਭਾਰਤ ਛੱਡਣ ਲਈ ਕਿਹਾ ਹੈ ਅਤੇ ਨੋਟਿਸ ਵਿੱਚ ਧਾਰਾ 7(2)(ਸੀ) ਤੇ 29 ਦਾ ਹਵਾਲਾ ਹੈ। ਇਹ ਮਾਮਲਾ ਹੁਣੇ ਚੱਲ ਰਿਹਾ ਹੈ, ਇਸ ਲਈ ਵੇਰਵੇ ਬਦਲ ਵੀ ਸਕਦੇ ਹਨ ਅਤੇ ਅੰਤਿਮ ਕਾਨੂੰਨੀ ਨਤੀਜਾ ਅਦਾਲਤ ਤੈਅ ਕਰੇਗੀ। ਪਰ ਇਸ ਤੋਂ ਹਰ ਓ.ਸੀ.ਆਈ ਲਈ ਸਬਕ ਨਿਕਲਦਾ ਹੈ।

1. ਓਸੀਆਈ ਹੱਕ ਨਹੀਂ, ਸਹੂਲਤ ਹੈ। ਇਹ ਕਾਨੂੰਨ ਤੇ ਨੋਟੀਫ਼ਿਕੇਸ਼ਨਾਂ ਨਾਲ ਬੱਝੀ ਹੈ ਅਤੇ ਬਦਲੀ ਜਾ ਸਕਦੀ ਹੈ।
2. ਅਨੁਛੇਦ 19 ਲਾਗੂ ਨਹੀਂ। ਸਿਆਸੀ ਰੋਸ, ਧਰਨੇ ਜਾਂ ਸੰਗਠਨਾਂ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਕਾਨੂੰਨੀ ਸਲਾਹ ਲਵੋ। ਸੋਸ਼ਲ ਮੀਡੀਆ ਪੋਸਟਾਂ ਵੀ ਇਸੇ ਦਾਇਰੇ ਵਿੱਚ ਆ ਸਕਦੀਆਂ ਹਨ।
3. ਅਨੁਛੇਦ 14 ਤੇ 21 ਹਮੇਸ਼ਾ ਸਾਥ ਦਿੰਦੇ ਹਨ। ਨਿਰਪੱਖ ਪ੍ਰਕਿਰਿਆ, ਕਾਰਨ ਸਹਿਤ ਹੁਕਮ ਅਤੇ ਸੁਣਵਾਈ ਦੀ ਮੰਗ ਕੀਤੀ ਜਾ ਸਕਦੀ ਹੈ।
4. ਕਿਸੇ ਵੀ ਨੋਟਿਸ ਨੂੰ ਅਣਡਿੱਠ ਨਾ ਕਰੋ। ਜਵਾਬ ਦੇਣ ਦੀ ਸਮਾਂ-ਸੀਮਾ ਖੁੰਝਣ ਨਾਲ ਕਾਨੂੰਨੀ ਬਚਾਅ ਕਮਜ਼ੋਰ ਹੁੰਦਾ ਹੈ। ਹਾਈ ਕੋਰਟ ਵਿੱਚ ਰਿੱਟ ਦਾ ਰਾਹ ਖੁੱਲ੍ਹਾ ਹੈ।
5. ਪੂਰੇ ਹੱਕ ਚਾਹੀਦੇ ਹਨ ਤਾਂ ਨਾਗਰਿਕਤਾ ਹੀ ਰਾਹ ਹੈ। ਧਾਰਾ 5(1)(ਜੀ) ਇਸਦਾ ਕਾਨੂੰਨੀ ਰਾਹ ਦੱਸਦੀ ਹੈ।

ਸਿੱਧੀ ਗੱਲ ਇਹ ਹੈ ਕਿ ਓ.ਸੀ.ਆਈ ਭਾਰਤ ਨਾਲ ਭਾਵਨਾਤਮਕ ਤੇ ਸੱਭਿਆਚਾਰਕ ਰਿਸ਼ਤੇ ਦੀ ਕਾਨੂੰਨੀ ਪਛਾਣ ਹੈ, ਪਰ ਸੰਵਿਧਾਨਕ ਨਾਗਰਿਕਤਾ ਦਾ ਬਦਲ ਨਹੀਂ। ਇਹ ਲੇਖ ਜਾਣਕਾਰੀ ਲਈ ਹੈ, ਕਾਨੂੰਨੀ ਸਲਾਹ ਨਹੀਂ। ਕਿਸੇ ਖ਼ਾਸ ਮਾਮਲੇ ਲਈ ਯੋਗ ਵਕੀਲ ਦੀ ਸਲਾਹ ਲਵੋ। ਮੈਂ ਵਕੀਲ ਨਹੀਂ ਹਾਂ।

# ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਨਾਲ ਜੋੜਨ ਲਈ ਐਨ.ਜੀ.ਓਜ਼

**ਫ਼ਤਹਿਗੜ੍ਹ ਸਾਹਿਬ, 17 ਅਕਤੂਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-**



ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਰਾਹੀਂ ਚਲਾਏ ਜਾ ਰਹੇ ਪੰਜਾਬ ਐਨ.ਜੀ.ਓ. ਡਿਜੀਟਾਈਜ਼ੇਸ਼ਨ ਮਿਸ਼ਨ ਤਹਿਤ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਨਾਲ ਜੋੜਨ ਲਈ ਬਾਲ , ਬਜ਼ੁਰਗਾਂ, ਮਹਿਲਾ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰ ਰਹੀਆਂ ਇੱਛੁਕ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਨੂੰ 20 ਅਕਤੂਬਰ, 2026 ਤੱਕ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾਉਣ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਦੱਸਿਆ ਕਿ ਯੋਗ ਸੰਸਥਾਵਾਂ ਆਪਣੀ ਰਜਿਸਟ੍ਰੇਸ਼ਨ ਲਈ ਵੈੱਬਸਾਈਟ www.cityneeds.info 'ਤੇ ਜਾ ਸਕਦੀਆਂ ਹਨ। ਇਸ ਤੋਂ ਇਲਾਵਾ, ਸੰਸਥਾਵਾਂ ਸਿੱਧੇ ਰਜਿਸਟ੍ਰੇਸ਼ਨ ਫਾਰਮ https://tinyurl.com/RegisterPNDM ਰਾਹੀਂ ਵੀ ਆਪਣੀ ਅਰਜ਼ੀ ਜਮ੍ਹਾਂ ਕਰਵਾ ਸਕਦੀਆਂ ਹਨ। ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਆਉਣ 'ਤੇ ਸੰਸਥਾਵਾਂ ਮੋਬਾਈਲ ਨੰਬਰ 82890-66979 'ਤੇ ਸੰਪਰਕ ਕਰ ਸਕਦੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਭਲਾਈ ਦੇ ਕਾਰਜਾਂ ਨਾਲ ਜੋੜਨਾ ਹੈ। ਇਸ ਮਿਸ਼ਨ ਰਾਹੀਂ ਵਿਦਿਆਰਥੀਆਂ ਨੂੰ ਬਾਲ ਭਲਾਈ, ਬਜ਼ੁਰਗਾਂ ਦੀ ਦੇਖਭਾਲ, ਮਹਿਲਾ ਸਸ਼ਕਤੀਕਰਨ ਅਤੇ ਦਿਵਿਆਂਗਜਨਾਂ ਦੀ ਭਲਾਈ ਦੇ ਖੇਤਰਾਂ ਵਿੱਚ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਲ ਜੋੜ ਕੇ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਦੇ ਮੌਕੇ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਦੇ ਨਾਲ ਹੀ, ਡਿਜੀਟਲ ਮੰਚ ਰਾਹੀਂ ਸਮਾਜ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਜਾਣਕਾਰੀ ਨੂੰ ਡਿਜੀਟਲ ਰੂਪ ਵਿੱਚ ਉਪਲਬਧ ਕਰਵਾਉਣਾ, ਉਨ੍ਹਾਂ ਦੀ ਸਮਰੱਥਾ ਵਧਾਉਣਾ ਅਤੇ ਉਨ੍ਹਾਂ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਸਹਿਯੋਗ ਦੇਣਾ ਵੀ ਇਸ ਮਿਸ਼ਨ ਦਾ ਅਹਿਮ ਉਦੇਸ਼ ਹੈ। ਡਿਪਟੀ ਕਮਿਸ਼ਨਰ ਨੇ ਸਮਾਜ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸਾਰੀਆਂ ਯੋਗ ਗੈਰ-ਸਰਕਾਰੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ 20 ਅਕਤੂਬਰ, 2026 ਤੱਕ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ ਅਤੇ ਪੰਜਾਬ ਐਨ.ਜੀ.ਓ. ਡਿਜੀਟਾਈਜ਼ੇਸ਼ਨ ਮਿਸ਼ਨ ਨਾਲ ਜੁੜਨ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਸੰਸਥਾਵਾਂ ਦੀ ਸ਼ਮੂਲੀਅਤ ਨਾਲ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਦੇ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਬਾਲ ਭਲਾਈ, ਬਜ਼ੁਰਗਾਂ, ਮਹਿਲਾਵਾਂ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।

# ਪਿਓ-ਪੁੱਤ ਸਮੇਤ ਪੰਜ ਕਾਬੂ; ਅਸਾਲਟ ਰਾਈਫਲ, 2 ਹੈਂਡ ਗ੍ਰਨੇਡ ਅਤੇ 13 ਪਿਸਤੌਲ ਬਰਾਮਦ




**ਅੰਮ੍ਰਿਤਸਰ, 17 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਕਾਊਂਟਰ ਇੰਟੈਲੀਜੈਂਸ (ਸੀ ਆਈ) ਅੰਮ੍ਰਿਤਸਰ ਨੇ ਪਿਓ-ਪੁੱਤ ਸਮੇਤ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਹਥਿਆਰ ਅਤੇ ਵਿਸਫ਼ੋਟਕ ਤਸਕਰੀ ਮਾਡਿਊਲ ਦਾ ਪਰਦਾਫ਼ਾਸ਼ ਕੀਤਾ ਹੈ।

ਪੁਲੀਸ ਨੇ ਉਨ੍ਹਾਂ ਕੋਲੋਂ ਇੱਕ .30 ਬੋਰ ਦੀ ਅਸਾਲਟ ਰਾਈਫਲ, ਦੋ ਹੈਂਡ ਗ੍ਰਨੇਡ ਅਤੇ 13 ਵਿਦੇਸ਼ੀ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡੀ ਜੀ ਪੀ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਪ੍ਰੀਤ ਸਿੰਘ ਅਤੇ ਉਸ ਦੇ ਪੁੱਤਰ ਜਸਕਰਨ ਸਿੰਘ (ਦੋਵੇਂ ਵਾਸੀ ਪਿੰਡ ਬੱਲੜਵਾਲ, ਅਜਨਾਲਾ), ਵੀਨੂ ਵਾਸੀ ਸਾਗਰਪੁਰ (ਬਟਾਲਾ), ਅੰਮ੍ਰਿਤਪਾਲ ਸਿੰਘ ਵਾਸੀ ਪਿੰਡ ਰਸੂਲਪੁਰ ਅਤੇ ਗੌਰਵ ਮਸੀਹ ਵਾਸੀ ਪਿੰਡ ਗੌਂਸਪੁਰਾ (ਬਟਾਲਾ) ਵਜੋਂ ਹੋਈ ਹੈ।

ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਚਾਰ 9 ਐੱਮ ਐੱਮ ਗਲੌਕ ਅਤੇ ਨੌਂ .30 ਬੋਰ ਦੇ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ 25 ਜ਼ਿੰਦਾ ਕਾਰਤੂਸ ਵੀ ਬਰਾਮਦ ਹੋਏ ਹਨ। ਹਥਿਆਰਾਂ ਅਤੇ ਵਿਸਫ਼ੋਟਕਾਂ ਤੋਂ ਇਲਾਵਾ ਪੁਲੀਸ ਨੇ ਉਨ੍ਹਾਂ ਦੇ ਦੋ ਮੋਟਰਸਾਈਕਲ, ਜਿਨ੍ਹਾਂ ਦੀ ਵਰਤੋਂ ਇਨ੍ਹਾਂ ਖੇਪਾਂ ਨੂੰ ਡਿਲੀਵਰ ਕਰਨ ਲਈ ਕੀਤੀ ਜਾ ਰਹੀ ਸੀ, ਵੀ ਜ਼ਬਤ ਕਰ ਲਏ ਹਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡੀ ਜੀ ਪੀ ਨੇ ਦੱਸਿਆ ਕਿ ਸੀ ਆਈ ਅੰਮ੍ਰਿਤਸਰ ਨੂੰ ਖ਼ੁਫ਼ੀਆ ਜਾਣਕਾਰੀ ਮਿਲੀ ਸੀ ਕਿ ਪਿਓ-ਪੁੱਤ ਗੁਰਪ੍ਰੀਤ ਸਿੰਘ ਅਤੇ ਜਸਕਰਨ ਸਿੰਘ ਵਿਦੇਸ਼ ਵਿੱਚ ਬੈਠੇ ਤਸਕਰ ਦੇ ਲਗਾਤਾਰ ਸੰਪਰਕ ਵਿੱਚ ਹਨ। ਉਹ ਉਸ ਦੇ ਨਿਰਦੇਸ਼ਾਂ 'ਤੇ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੇ ਗਏ ਹਥਿਆਰਾਂ, ਗੋਲੀ-ਸਿੱਕਾ ਅਤੇ ਵਿਸਫ਼ੋਟਕਾਂ ਦੀਆਂ ਖੇਪਾਂ ਪ੍ਰਾਪਤ ਕਰਦੇ ਹਨ ਅਤੇ ਆਪਣੇ ਸਾਥੀਆਂ ਵੀਨੂ, ਅੰਮ੍ਰਿਤਪਾਲ ਸਿੰਘ ਅਤੇ ਗੌਰਵ ਮਸੀਹ ਰਾਹੀਂ ਅੱਗੇ ਸਪਲਾਈ ਕਰਦੇ ਹਨ।

ਉਨ੍ਹਾਂ ਦੱਸਿਆ ਕਿ ਖ਼ੁਫ਼ੀਆ ਜਾਣਕਾਰੀ ਰਾਹੀਂ ਇਹ ਵੀ ਪਤਾ ਲੱਗਾ ਕਿ ਗੁਰਪ੍ਰੀਤ ਅਤੇ ਜਸਕਰਨ ਆਪਣੇ ਸਾਥੀਆਂ ਵੀਨੂੰ, ਅੰਮ੍ਰਿਤਪਾਲ ਅਤੇ ਗੌਰਵ ਨੂੰ ਹਥਿਆਰਾਂ ਅਤੇ ਵਿਸਫ਼ੋਟਕਾਂ ਦੀ ਖੇਪ ਪਹੁੰਚਾਉਣ ਲਈ ਮਿਲਣ ਵਾਲੇ ਸਨ। ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ, ਸੀ ਆਈ ਅੰਮ੍ਰਿਤਸਰ ਦੀਆਂ ਟੀਮਾਂ ਨੇ ਨਿਰਧਾਰਤ ਸਥਾਨ 'ਤੇ ਛਾਪਾ ਮਾਰਿਆ ਅਤੇ ਹਥਿਆਰਾਂ ਤੇ ਵਿਸਫ਼ੋਟਕਾਂ ਦੀ ਖੇਪ ਸਮੇਤ ਮੌਕੇ 'ਤੇ ਸਾਰੇ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਡੀ ਜੀ ਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਵਿਦੇਸ਼ੀ ਤਸਕਰ ਪੁਲੀਸ ਦੀ ਪਛਾਣ ਤੋਂ ਬਚਣ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਦੇਣ ਲਈ ਏਨਕ੍ਰਿਪਟਡ ਸੰਚਾਰ ਪਲੇਟਫਾਰਮਾਂ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਤਸਕਰੀ ਦੇ ਨੈੱਟਵਰਕ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ, ਥਾਣਾ ਸਟੇਟ ਸਪੈਸ਼ਲ ਆਪਰੇਸ਼ਨ ਸੈੱਲ (ਐਸ ਐਸ ਓ ਸੀ), ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25 ਅਤੇ 25(1)-ਏ, ਵਿਸਫ਼ੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4 ਅਤੇ 5 ਅਤੇ ਭਾਰਤੀ ਨਿਆਂ ਸੰਹਿਤਾ (ਬੀ ਐੱਨ ਐੱਸ) ਦੀ ਧਾਰਾ 61(2) ਤਹਿਤ ਕੇਸ ਦਰਜ ਕੀਤਾ ਹੈ।

# ਰੋਡਵੇਜ਼ ਮੁਲਾਜ਼ਮਾਂ ਵੱਲੋਂ 21 ਨੂੰ ਮੁਕੰਮਲ ਹੜਤਾਲ ਦਾ ਐਲਾਨ



**ਜਗਰਾਉਂ, 17 ਅਕਤੂਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਖ਼ਿਲਾਫ਼ ਆਪਣੇ ਹੱਕਾਂ ਲਈ ਲੜ ਰਹੇ ਪੰਜਾਬ ਰੋਡਵੇਜ਼, ਪਨਬਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਦੇ ਮੁਲਾਜ਼ਮਾਂ ਵੱਲੋਂ ਸਰਕਾਰ ਦੀ ਵਾਅਦਾ-ਖ਼ਿਲਾਫ਼ੀ ਅਤੇ ਲਗਪਗ 75 ਵਾਰ ਮੀਟਿੰਗਾਂ ਕਰਨ ਦੇ ਬਾਵਜੂਦ ਮੰਗਾਂ ਨੂੰ ਅਣਗੌਲਿਆਂ ਕਰਨ ਦਾ ਦੋਸ਼ ਲਾਉਂਦਿਆਂ ਰੋਸ ਵਜੋਂ ਅੱਜ ਜਗਰਾਉਂ ਵਿੱਚ ਗੇਟ ਰੈਲੀ ਕੀਤੀ। ਇਸ ਦੌਰਾਨ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ। ਇਸ ਮੌਕੇ ਮੁਲਾਜ਼ਮ ਆਗੂਆਂ ਜਲੌਰ ਸਿੰਘ ਗਿੱਲ, ਹਰਮਿੰਦਰ ਸਿੰਘ ਸਿੱਧੂ ਅਤੇ ਦਵਿੰਦਰ ਸਿੰਘ ਭੀਮ ਨੇ ਸਰਕਾਰ 'ਤੇ ਹਮਲੇ ਕਰਦਿਆਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਨੇ ਝੂਠ ਬੋਲ ਕੇ ਸੱਤਾ ਹਥਿਆਈ ਹੈ ਅਤੇ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਹਰ ਵਰਗ ਨਾਲ ਛਲ ਕੀਤਾ ਜਾ ਰਿਹਾ ਹੈ।

ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਨੇ ਆਪਣੇ ਕਾਰਜਕਾਲ ਵਿੱਚ ਇੱਕ ਵੀ ਨਵੀਂ ਸਰਕਾਰੀ ਬੱਸ ਨਹੀਂ ਪਾਈ ਅਤੇ ਠੇਕੇਦਾਰ ਪ੍ਰਣਾਲੀ ਰਾਹੀਂ ਨੌਜਵਾਨਾਂ ਦਾ ਆਰਥਿਕ ਸ਼ੋਸ਼ਣ ਜਾਰੀ ਹੈ। ਕਿਲੋਮੀਟਰ ਸਕੀਮ ਰਾਹੀਂ ਚਹੇਤਿਆਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲਾ ਐਕਟ ਠੰਢੇ ਬਸਤੇ ਪਾ ਦਿੱਤਾ ਗਿਆ ਹੈ।

31 ਸਾਲ ਪੁਰਾਣੇ ਨਿਯਮ ਲਾਗੂ ਨਾ ਕਰ ਕੇ ਮੁਲਾਜ਼ਮਾਂ ਦਾ ਮਾਨਸਿਕ ਅਤੇ ਸਰੀਰਕ ਸ਼ੋਸ਼ਣ ਕੀਤਾ ਜਾ ਰਿਹਾ ਹੈ ਜਿਸਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਯੂਨੀਅਨ ਦੇ ਆਗੂਆਂ ਨੇ ਐਲਾਨ ਕੀਤਾ ਕਿ ਆਪਣੀਆਂ ਮੰਗਾਂ ਨੂੰ ਮੰਨਵਾਉਣ ਲਈ 21 ਅਕਤੂਬਰ ਨੂੰ ਮੁਕੰਮਲ ਹੜਤਾਲ ਕੀਤੀ ਜਾਵੇਗੀ ਅਤੇ ਵਿਧਾਨ ਸਭਾ ਸੈਸ਼ਨ ਦੇ ਨਾਲ-ਨਾਲ ਮੁੱਖ ਮੰਤਰੀ ਦੀ ਰਿਹਾਇਸ਼ ਦੇ ਬਾਹਰ ਪੱਕਾ ਮੋਰਚਾ ਲਗਾ ਕੇ ਧਰਨਾ ਦਿੱਤਾ ਜਾਵੇਗਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਸ. ਮਨਮੀਤ ਸਿੰਘ ਭੁੱਲਰ ਯਾਦਗਾਰੀ ਸਾਲਾਨਾ ਵਾਰ ਅਤੇ ਕਵੀਸ਼ਰੀ ਲੈਕਚਰ ਲੜੀ ਦਾ ਉਦਘਾਟਨ



**ਫ਼ਤਹਿਗੜ੍ਹ ਸਾਹਿਬ, 17 ਅਕਤੂਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਸੰਗੀਤ ਵਿਭਾਗ (ਵੋਕਲ) ਵੱਲੋਂ ਸਿੱਖ ਸੰਗੀਤਕ ਪਰੰਪਰਾਵਾਂ ਦੀ ਸੰਭਾਲ ਅਤੇ ਪ੍ਰਫੁੱਲਤਾ ਦੇ ਉਦੇਸ਼ ਨਾਲ ਸ. ਮਨਮੀਤ ਸਿੰਘ ਭੁੱਲਰ ਯਾਦਗਾਰੀ ਸਾਲਾਨਾ ਵਾਰ ਅਤੇ ਕਵੀਸ਼ਰੀ ਲੈਕਚਰ ਲੜੀ ਦਾ ਉਦਘਾਟਨੀ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਕੈਨੇਡਾ ਦੇ ਕੈਲਗਰੀ, ਅਲਬਰਟਾ ਤੋਂ ਸ. ਬਲਜਿੰਦਰ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਇਸ ਲੈਕਚਰ ਲੜੀ ਲਈ ਵਿੱਤੀ ਸਹਾਇਤਾ ਦਿੱਤੀ ਹੈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਸ. ਮਨਮੀਤ ਸਿੰਘ ਭੁੱਲਰ ਦੇ ਸਮਾਜ ਭਲਾਈ ਕਾਰਜਾਂ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਗੁਰਮਤਿ ਅਨੁਸਾਰ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਗੁਰਮਤਿ ਸੰਗੀਤ ਵਿਭਾਗ ਦੇ ਸਾਬਕਾ ਪ੍ਰੋਫੈਸਰ ਅਤੇ ਡੀਨ (ਡਾ.) ਗੁਰਨਾਮ ਸਿੰਘ ਨੇ ਮੁੱਖ ਵਕਤਾ ਵਜੋਂ ਵਾਰ ਅਤੇ ਕਵੀਸ਼ਰੀ ਦੀ ਇਤਿਹਾਸਕ, ਸਾਹਿਤਕ ਅਤੇ ਸੰਗੀਤਕ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਇਨ੍ਹਾਂ ਪਰੰਪਰਾਵਾਂ ਦੀ ਸੰਭਾਲ ਅਤੇ ਅਗਲੀ ਪੀੜ੍ਹੀ ਤੱਕ ਸੰਚਾਰ ਦੀ ਲੋੜ 'ਤੇ ਜ਼ੋਰ ਦਿੱਤਾ।

ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਭਾਈ ਜਸਬੀਰ ਸਿੰਘ ਮੋਹਲੇਕੇ ਦੇ ਹਜ਼ੂਰੀ ਢਾਡੀ ਜਥੇ ਨੇ ਸਿੱਖ ਇਤਿਹਾਸ ਦੀਆਂ ਗੌਰਵਮਈ ਘਟਨਾਵਾਂ, ਕੁਰਬਾਨੀਆਂ ਅਤੇ ਸੂਰਬੀਰਤਾ ਦੀਆਂ ਗਾਥਾਵਾਂ ਪੇਸ਼ ਕੀਤੀਆਂ। ਯੂਨੀਵਰਸਿਟੀ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਵੀ ਕਵੀਸ਼ਰੀ ਗਾਇਨ ਦੀ ਪੇਸ਼ਕਾਰੀ ਕੀਤੀ।

ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਅਗਵਾਈ ਹੇਠ ਯੂਨੀਵਰਸਿਟੀ ਵੱਲੋਂ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਕਲਾ, ਸੱਭਿਆਚਾਰ ਅਤੇ ਵਿਰਾਸਤ ਨਾਲ ਸਬੰਧਤ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਡਾ. ਸਵਰਲੀਨ ਕੌਰ, ਰਵਿੰਦਰ ਕੌਰ, ਸ਼ਬਨਮ, ਲਖਵਿੰਦਰ ਕੌਰ ਅਤੇ ਸ੍ਰੀ ਜਸਪ੍ਰੀਤ ਸਿੰਘ (ਤਬਲਾ ਵਾਦਕ) ਨੇ ਸਮਾਗਮ ਦੇ ਪ੍ਰਬੰਧਾਂ ਅਤੇ ਵਿਦਿਆਰਥੀਆਂ ਦੀ ਤਿਆਰੀ ਵਿੱਚ ਅਹਿਮ ਯੋਗਦਾਨ ਪਾਇਆ। ਇਹ ਸਮਾਗਮ ਸਿੱਖ ਸੰਗੀਤਕ ਵਿਰਾਸਤ ਦੀ ਸੰਭਾਲ ਅਤੇ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਵੱਲ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਇਆ।






# ਭਾਜਪਾ ਨੇ ਕਿਸਾਨ ਮੋਰਚੇ ਦੇ ਸੂਬਾ ਕਾਰਜਕਾਰਨੀ ਮੈਂਬਰ ਭਿਲੋਵਾਲ ਨੂੰ ਜਿਲਾ ਪਟਿਆਲਾ ਦਾ ਇੰਚਾਰਜ ਕੀਤਾ ਨਿਯੁਕਤ

**ਪਟਿਆਲਾ, 17 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਜਪਾ ਵੱਲੋਂ ਸੂਬੇ ਅੰਦਰ 2027 ਦੀਆਂ ਵਿਧਾਨ ਸਭਾ ਚੋਣਾਂ ਅਤੇ ਕਿਸਾਨਾਂ ਦੀਆਂ ਮੁਸ਼ਕਿਲਾਂ ਦੇ ਹੱਲ ਕਰਨ ਲਈ ਬਣਾਏ ਗਏ ਕਿਸਾਨ ਮੋਰਚਾ ਪੰਜਾਬ ਵਿਚ ਹੋਰ ਨਿਯੁਕਤੀਆਂ ਜੰਗੀ ਪੱਧਰ ਤੇ ਕੀਤੀ ਜਾ ਰਹੀਆਂ ਹਨ ਤਾਂ ਜੋ ਕਿਸਾਨਾਂ ਦੇ ਮਸਲਿਆਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਤੱਕ ਪਹੁੰਚਾਇਆ ਜਾ ਸਕੇ ਇਸੇ ਅਨੁਸਾਰ ਪਾਰਟੀ ਹਾਈ ਕਮਾਂਡ ਵੱਲੋਂ ਕਿਸਾਨ ਮੋਰਚਾ ਪੰਜਾਬ ਅੰਦਰ ਪਿਛਲੇ ਲੰਬੇ ਸਮੇਂ ਤੋਂ ਕੰਮ ਕਰਨ ਵਾਲੇ ਮਿਹਨਤੀ ਵਰਕਰ ਵਜੋਂ ਆਪਣੀਆ ਸੇਵਾਵਾਂ ਨਿਭਾਉਂਦੇ ਆ ਰਹੇ ਰਮਨਦੀਪ ਸਿੰਘ ਭਿਲੋਵਾਲ ਨੂੰ ਪਹਿਲਾਂ ਕਿਸਾਨ ਮੋਰਚਾ ਪੰਜਾਬ ਅੰਦਰ ਸੂਬਾ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ ਗਿਆ ਸੀ ਜਿਨਾਂ ਦੇ ਕੰਮ ਨੂੰ ਦੇਖਦੇ ਹੋਏ ਹੁਣ ਮੁੜ ਤੋਂ ਪਾਰਟੀ ਹਾਈ ਕਮਾਂਡ ਨੇ ਸੂਬਾ ਪੱਧਰੀ ਕਾਰਜਕਾਰਨੀ ਮੈਂਬਰ ਦੇ ਨਾਲ ਨਾਲ ਕਿਸਾਨ ਮੋਰਚਾ ਜਿਲਾ ਪਟਿਆਲਾ ਦਾ ਇੰਚਾਰਜ ਨਿਯੁਕਤ ਕਰ ਦਿੱਤਾ ਗਿਆ ਹੈ ਜਿਸ ਨਾਲ ਨੌਜਵਾਨਾਂ ਅਤੇ ਕਿਸਾਨਾਂ ਵਿੱਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ। ਜਿਕਰਯੋਗ ਹੈ ਕੀ ਰਮਨਦੀਪ ਸਿੰਘ ਭਿਲੋਵਾਲ ਪਿਛਲੇ ਲੰਮੇ ਸਮੇਂ ਤੋਂ ਬਤੌਰ ਵਰਕਰ ਆਪਣੀਆਂ ਸੇਵਾਵਾਂ ਪਾਰਟੀ ਆਗੂਆਂ ਦੇ ਦਿਸ਼ਾ ਨਿਰਦੇਸ਼ਾ ਹੇਠ ਨਿਭਾਉਂਦੇ ਆ ਰਹੇ ਹਨ ਜੋ ਹਰ ਗਤੀਵਿਧੀ ਵਿੱਚ ਹਿੱਸਾ ਲੈਂਦੇ ਹੋਏ ਕਿਸਾਨਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਪਾਰਟੀ ਹਾਈ ਕਮਾਂਡ ਨਾਲ ਸਮੇਂ ਸਮੇਂ ਸਿਰ ਗੱਲਬਾਤ ਕਰਦੇ ਰਹਿੰਦੇ ਹਨ ਇਸ ਨਿਯੁਕਤੀ ਦਾ ਜਿਲਾ ਭਾਜਪਾ ਇਕਾਈ ਅੰਦਰ ਵੀ ਸਵਾਗਤ ਕੀਤਾ ਜਾ ਰਿਹਾ ਹੈ ਭਾਜਪਾ ਕਿਸਾਨ ਮੋਰਚਾ ਦੇ ਜ਼ਿਲ੍ਹਾ ਇੰਚਾਰਜ ਰਾਮਨਦੀਪ ਸਿੰਘ ਭਿਲੋਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪਾਰਟੀ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਿਲਾ ਪੱਧਰ ਤੇ ਕਿਸਾਨ ਮੋਰਚੇ ਵਿੱਚ ਨੌਜਵਾਨਾਂ ਦੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ ਤਾਂ ਜੋ ਕਿਸਾਨੀ ਲਈ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਨੂੰ ਹਰ ਕਿਸਾਨ ਤੱਕ ਪਹੁੰਚਾਇਆ ਜਾ ਸਕੇ।

ਉਹਨਾਂ ਕਿਹਾ ਕਿ ਕਿਸਾਨ ਮੋਰਚੇ ਦੀਆਂ ਜਿਲਾ ਪੱਧਰ ਤੇ ਬਣਨ ਵਾਲੀਆਂ ਨਵੀਆਂ ਕਮੇਟੀਆਂ ਵਿੱਚ ਕਿਸਾਨਾਂ ਦੇ ਲੜਕਿਆਂ ਨੂੰ ਵੀ ਇਸ ਮੋਰਚੇ ਵਿੱਚ ਸ਼ਾਮਿਲ ਕੀਤਾ ਜਾਵੇਗਾ ਤਾਂ ਜੋ ਕਿਸਾਨਾਂ ਨਾਲ ਜੁੜੇ ਮਸਲਿਆਂ ਦਾ ਪਹਿਲ ਦੇ ਅਧਾਰ ਤੇ ਕੇਂਦਰ ਸਰਕਾਰ ਤੋਂ ਹੱਲ ਕਰਵਾਇਆ ਜਾ ਸਕੇ ਉਹਨੂੰ ਕਿਹਾ ਕਿ ਕਿਸਾਨ ਮੋਰਚਾ ਪੰਜਾਬ ਦੇ ਆਗੂਆਂ ਵੱਲੋਂ ਜਿਲਾ ਪਟਿਆਲਾ ਅੰਦਰ ਕਿਸਾਨਾਂ ਦੀ ਜਾਗਰੂਕ ਵੀ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਲਈ ਚਲਾਈਆ ਗਈਆ ਸਕੀਮਾਂ ਪ੍ਰਤੀ ਜਾਣੂ ਕਰਵਾਇਆ ਜਾ ਜਿਲਾ ਇੰਚਾਰਜ ਭਿਲੋਵਾਲ ਨੇ ਸੂਬੇ ਦੇ ਭਾਜਪਾ ਸੰਗਠਨ ਇੰਚਾਰਜ ਸ੍ਰੀ ਨਿਵਾਸਲੂ ,ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਮੋਮੀ, ਪੰਜਾਬ ਇੰਚਾਰਜ ਸਤੀਸ਼ ਪੁਨੀਆ , ਸੂਬਾ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਸੂਬਾ ਕਾਰਜਕਾਰਨੀ ਮੈਂਬਰ ਗੁਰਤੇਜ ਸਿੰਘ ਢਿੱਲੋਂ ਆਦਿ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਭਿਲੋਵਾਲ ਨੇ ਕਿਹਾ ਕਿ ਭਾਜਪਾ ਕਿਸਾਨ ਮੋਰਚਾ ਨੂੰ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰ ਦੇਵਾਂਗਾ।

# ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਰਾਸ਼ਟਰੀ ਸਰਵੋਤਮ ਅਭਿਆਸਾਂ ਦੀ ਸੂਚੀ ਵਿੱਚ ਸ਼ਾਮਲ

**ਪਟਿਆਲਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਨੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੀਆਂ ਆਪਣੀਆਂ ਨਵੀਨਤਮ ਪਹਿਲਕਦਮੀਆਂ ਰਾਹੀਂ ਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਮਿਸ਼ਨ ਕਲੀਨ ਪਟਿਆਲਾ ਅਤੇ ਪਟਿਆਲਾ ਦੇ ਇੱਕ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ (ਏਪੀਸੀਡੀ) ਦੀ ਸਥਾਪਨਾ ਨੂੰ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ (ਸੀਪੀਸੀਬੀ) ਵੱਲੋਂ ਰਾਸ਼ਟਰੀ ਸਾਫ਼ ਹਵਾ ਪ੍ਰੋਗਰਾਮ (ਐਨਸੀਏਪੀ), 2026 ਤਹਿਤ ਜਾਰੀ ਕੀਤੇ ਗਏ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੰਡੀ ਗੋਬਿੰਦਗੜ੍ਹ ਦਾ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਵੀ ਪੰਜਾਬ ਦੀਆਂ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ ਹਨ।

ਇਹ ਮਾਨਤਾ ਹਵਾ ਪ੍ਰਦੂਸ਼ਣ ਦੇ ਵੱਖ-ਵੱਖ ਸਰੋਤਾਂ ਨਾਲ ਨਜਿੱਠਣ ਲਈ ਪੰਜਾਬ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਉਜਾਗਰ ਕਰਦੀ ਹੈ। ਇਨ੍ਹਾਂ ਵਿੱਚ ਲੋਕਾਂ ਦੀ ਭਾਗੀਦਾਰੀ, ਤਕਨਾਲੋਜੀ ਆਧਾਰਿਤ ਹੱਲ ਅਤੇ ਟਿਕਾਊ ਕੂੜਾ ਪ੍ਰਬੰਧਨ ਸ਼ਾਮਲ ਹਨ। ਇਹ ਪਹਿਲਕਦਮੀਆਂ ਦਰਸਾਉਂਦੀਆਂ ਹਨ ਕਿ ਸਥਾਨਕ ਪੱਧਰ 'ਤੇ ਕੀਤੀ ਕਾਰਵਾਈ, ਸੰਸਥਾਗਤ ਸਹਿਯੋਗ ਅਤੇ ਵਿਹਾਰਕ ਹੱਲ ਦੇਸ਼ ਵਿੱਚ ਸਾਫ਼ ਹਵਾ ਦੇ ਵੱਡੇ ਟੀਚੇ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

**ਮਿਸ਼ਨ ਕਲੀਨ ਪਟਿਆਲਾ: ਸਾਫ਼-ਸੁਥਰੇ ਮਾਹੌਲ ਨੂੰ ਲੋਕ ਲਹਿਰ ਬਣਾਉਣਾ**

ਪੀਪੀਸੀਬੀ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਅਤੇ ਸੈਂਟਰ ਫਾਰ ਦਿ ਸਟੱਡੀ ਆਫ਼ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ (ਸੀਐਸਟੀਈਪੀ) ਦੇ ਸਹਿਯੋਗ ਨਾਲ ਸੰਕਲਪਿਤ, ਮਿਸ਼ਨ ਕਲੀਨ ਪਟਿਆਲਾ ਨੇ ਵਿਦਿਅਕ ਸੰਸਥਾਵਾਂ, ਸਰਕਾਰੀ ਵਿਭਾਗਾਂ, ਸੰਗਠਨਾਂ ਅਤੇ ਨਾਗਰਿਕਾਂ ਨੂੰ ਸ਼ਹਿਰੀ ਸਫਾਈ ਨੂੰ ਬਿਹਤਰ ਬਣਾਉਣ ਅਤੇ ਵਾਤਾਵਰਣ ਸੁਰੱਖਿਆ ਵਿੱਚ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ ਲਾਮਬੰਦ ਕੀਤਾ ਹੈ। ਨਿਯਮਤ ਸੜਕ ਸਫ਼ਾਈ ਮੁਹਿੰਮਾਂ ਰਾਹੀਂ ਇਹ ਪਹਿਲਕਦਮੀ ਇਕੱਠੇ ਹੋਏ ਕੂੜੇ ਨੂੰ ਹਟਾਉਣ, ਖੁੱਲ੍ਹੇ ਵਿੱਚ ਕੂੜਾ ਸਾੜਨ ਨੂੰ ਰੋਕਣ ਅਤੇ ਜ਼ਿੰਮੇਵਾਰ ਕੂੜਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰਦੀ ਹੈ। ਵਿਦਿਆਰਥੀਆਂ, ਸਰਕਾਰੀ ਏਜੰਸੀਆਂ ਅਤੇ ਸਥਾਨਕ ਭਾਈਚਾਰਿਆਂ ਨੂੰ ਨਾਲ ਜੋੜ ਕੇ ਇਹ ਮੁਹਿੰਮ ਸਫ਼ਾਈ ਨੂੰ ਕਿਸੇ ਇੱਕ ਮੌਕੇ ਤੱਕ ਸੀਮਿਤ ਰੱਖਣ ਦੀ ਬਜਾਏ ਇੱਕ ਲਗਾਤਾਰ ਨਾਗਰਿਕ ਆਦਤ ਬਣਾਉਣ ਦਾ ਯਤਨ ਕਰਦੀ ਹੈ। ਇਹ ਪਹਿਲਕਦਮੀ ਠੋਸ ਕੂੜਾ ਪ੍ਰਬੰਧਨ ਅਤੇ ਹਵਾ ਦੀ ਗੁਣਵੱਤਾ ਵਿਚਕਾਰ ਸਬੰਧ ਨੂੰ ਵੀਮਜ਼ਬੂਤ ਕਰਦੀ ਹੈ। ਕੂੜੇ ਦੇ ਇਕੱਠ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਤੋਂ ਰੋਕਣ ਨਾਲ ਪਾਰਟੀਕੁਲੇਟ ਮੈਟਰ ਅਤੇ ਹੋਰ ਹਾਨੀਕਾਰਕ ਪ੍ਰਦੂਸ਼ਕਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।



ਪਟਿਆਲਾ ਦੇ ਇੱਕ ਰਵਾਇਤੀ ਲੱਕੜ ਆਧਾਰਿਤ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ ਦੀ ਸਥਾਪਨਾ ਧਾਰਮਿਕ ਅਤੇ ਸੱਭਿਆਚਾਰਕ ਰਵਾਇਤਾਂ ਦਾ ਸਨਮਾਨ ਕਰਦੇ ਹੋਏ ਹਵਾ ਵਿੱਚ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣਨੂੰ ਘਟਾਉਣ ਦੀ ਕੋਸ਼ਿਸ਼ ਹੈ। ਐਨਸੀਏਪੀ ਤਹਿਤ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤੀ ਗਈ ਇਹ ਪਹਿਲਕਦਮੀ ਰਵਾਇਤੀ ਅੰਤਿਮ ਸੰਸਕਾਰ ਦੌਰਾਨ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਆਧਾਰਿਤ ਹੱਲ ਮੌਜੂਦਾ ਰਵਾਇਤਾਂ ਦੇ ਨਾਲ ਤਾਲਮੇਲ ਬਣਾ ਕੇ, ਬਿਨਾਂ ਭਾਈਚਾਰੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤੇ, ਸਾਫ਼ ਹਵਾ ਲਈ ਯੋਗਦਾਨ ਪਾ ਸਕਦੇ ਹਨ।

ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟਾਂ ਨੂੰ ਸ਼ਾਮਲ ਕੀਤਾ ਜਾਣਾ ਰਵਾਇਤੀ ਲੱਕੜ ਆਧਾਰਿਤ ਅੰਤਿਮ ਸੰਸਕਾਰ 'ਤੇ ਨਿਰਭਰਤਾ ਘਟਾਉਣ ਅਤੇ ਇਸ ਨਾਲ ਜੁੜੇ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਵਿਕਲਪਿਕ ਪਹੁੰਚ ਨੂੰ ਦਰਸਾਉਂਦਾ ਹੈ।

ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਟਿਕਾਊ ਸ਼ਹਿਰੀ ਵਾਤਾਵਰਣ ਪ੍ਰਬੰਧਨ ਦੀਇੱਕ ਉਦਾਹਰਨ ਹੈ। ਇਹ ਜੈਵਿਕ ਕੂੜੇ ਦੀ ਪ੍ਰੋਸੈਸਿੰਗ ਕਰਕੇ ਬਾਇਓਗੈਸ ਪੈਦਾ ਕਰਨਵਿੱਚ ਮਦਦ ਕਰਦਾ ਹੈ। ਇਸ ਨਾਲ ਢੁਕਵੇਂ ਕੂੜੇ ਨੂੰ ਰਵਾਇਤੀ ਨਿਪਟਾਰੇ ਦੇ ਤਰੀਕਿਆਂਤੋਂ ਹਟਾ ਕੇ ਸਰੋਤਾਂ ਦੀ ਮੁੜ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਪ੍ਰਭਾਵਸ਼ਾਲੀ ਕੂੜਾ ਵੱਖਰੀਕਰਨ ਅਤੇ ਪਲਾਂਟ ਦੇ ਸੁਚਾਰੂ ਸੰਚਾਲਨ ਨਾਲ ਅਜਿਹੀਆਂ ਸਹੂਲਤਾਂ ਬਿਹਤਰ ਕੂੜਾ ਪ੍ਰਬੰਧਨ ਅਤੇ ਵਾਤਾਵਰਣ 'ਤੇ ਘੱਟ ਪ੍ਰਭਾਵ ਪਾਉਣ ਵਿੱਚ ਯੋਗਦਾਨ ਪਾ ਸਕਦੀਆਂ ਹਨ।

ਇਹ ਸਾਰੀਆਂ ਪਹਿਲਕਦਮੀਆਂ ਮਿਲ ਕੇ ਦਰਸਾਉਂਦੀਆਂ ਹਨ ਕਿ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ ਕਈ ਪੱਧਰਾਂ 'ਤੇ ਕੰਮ ਕਰਨ ਦੀ ਲੋੜ ਹੈ - ਜਿਸ ਵਿੱਚ ਸਾਫ਼ ਤਕਨਾਲੋਜੀ, ਕੂੜਾ ਪ੍ਰਬੰਧਨ, ਲੋਕਾਂ ਦੀ ਭਾਗੀਦਾਰੀ ਅਤੇ ਪ੍ਰਦੂਸ਼ਣ ਨੂੰ ਸਰੋਤ 'ਤੇ ਹੀ ਰੋਕਣ ਵਰਗੇ ਕਦਮ ਸ਼ਾਮਲ ਹਨ।

ਇਹ ਪਹਿਲਕਦਮੀਆਂ ਤਕਨਾਲੋਜੀਕਲ ਹੱਲਾਂ ਨੂੰ ਮੌਜੂਦਾ ਰਵਾਇਤਾਂ ਦੇ ਨਾਲ ਜੋੜ ਕੇਸਾਫ਼ ਹਵਾ ਲਈ ਕੰਮ ਕਰਨ ਦਾ ਮਾਡਲ ਪੇਸ਼ ਕਰਦੀਆਂ ਹਨ। ਪ੍ਰਦਰਸ਼ਨ ਦੇ ਮੁਲਾਂਕਣਅਤੇ ਸਥਾਨਕ ਲੋੜਾਂ ਦੇ ਆਧਾਰ 'ਤੇ ਇਨ੍ਹਾਂ ਨੂੰ ਹੋਰ ਸ਼ਹਿਰਾਂ ਵਿੱਚ ਵੀ ਅਪਣਾਇਆ ਜਾ ਸਕਦਾ ਹੈ। ਸੀਪੀਸੀਬੀ ਦੇ ਐਨਸੀਏਪੀ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਇਨ੍ਹਾਂ ਪਹਿਲਕਦਮੀਆਂ ਦੀਸ਼ਮੂਲੀਅਤ ਸਥਾਨਕ ਲੋੜਾਂ ਮੁਤਾਬਕ ਹੱਲ ਵਿਕਸਿਤ ਕਰਨ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ। ਇਹ ਪਹਿਲਕਦਮੀਆਂ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵਾਤਾਵਰਣ ਸੁਰੱਖਿਆਲਈ ਵੀ ਮਾਰਗਦਰਸ਼ਨ ਪ੍ਰਦਾਨ ਕਰ ਸਕਦੀਆਂ ਹਨ। ਇਹ ਮਾਨਤਾ ਤਕਨਾਲੋਜੀ ਆਧਾਰਿਤ ਦਖ਼ਲਅੰਦਾਜ਼ੀ ਨੂੰ ਲੋਕਾਂ ਦੀ ਭਾਗੀਦਾਰੀ ਅਤੇ ਲਗਾਤਾਰ ਕਾਰਵਾਈ ਨਾਲ ਜੋੜਨ ਦੀ ਮਹੱਤਤਾ ਨੂੰ ਵੀ ਦਰਸਾਉਂਦੀ ਹੈ।

ਪੀਪੀਸੀਬੀ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ, ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਨੂੰ ਰਾਸ਼ਟਰੀ ਪੱਧਰ 'ਤੇ ਮਿਲੀ ਮਾਨਤਾ ਸਾਡੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਟਿਕਾਊ ਵਾਤਾਵਰਣਕ ਬਦਲਾਅ ਵਿਗਿਆਨਕ ਹੱਲਾਂ ਅਤੇ ਲੋਕਾਂਦੀ ਭਾਗੀਦਾਰੀ ਨੂੰ ਇਕੱਠੇ ਲਿਆਉਣ ਨਾਲ ਹੀ ਸੰਭਵ ਹੈ।

# ਪਿੰਡ ਬਿਰੜਵਾਲ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ, ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ



**ਨਾਭਾ, 17 ਅਕਤੂਬਰ/-ਪੁਨੀਤ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਬਲਾਕ ਨਾਭਾ ਦੇ ਸਰਕਲ ਅਗੋਲ ਅਧੀਨ ਪਿੰਡ ਬਿਰੜਵਾਲ ਵਿਖੇ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਡਾ. ਦਾਰਾ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ ਸ੍ਰੀ ਜਪਿੰਦਰ ਗਿੱਲ ਦੀ ਅਗਵਾਈ ਹੇਠ ਲਗਾਇਆ ਗਿਆ।

ਕੈਂਪ ਦੌਰਾਨ ਬੀ.ਟੀ.ਐੱਮ. ਸ੍ਰੀ ਸੁਰਿੰਦਰ ਸਿੰਘ ਅਤੇ ਬੀ.ਟੀ.ਐੱਮ. ਸ੍ਰੀਮਤੀ ਨਵਜੋਤ ਕੌਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਮਿੱਟੀ ਦੇ ਲਾਭਦਾਇਕ ਜੀਵਾਣੂਆਂ ਦਾ ਨੁਕਸਾਨ ਹੁੰਦਾ ਹੈ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦਾ ਸੁਚੱਜਾ ਪ੍ਰਬੰਧਨ ਕਰਨ। ਇਸ ਨਾਲ ਜਿੱਥੇ ਵਾਤਾਵਰਣ ਨੂੰ ਸਾਫ਼ ਰੱਖਣ ਵਿੱਚ ਮਦਦ ਮਿਲੇਗੀ, ਉੱਥੇ ਹੀ ਮਿੱਟੀ ਦੀ ਸਿਹਤ ਵਿੱਚ ਸੁਧਾਰ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵੀ ਯਕੀਨੀ ਬਣਾਈ ਜਾ ਸਕਦੀ ਹੈ।

ਇਸ ਮੌਕੇ ਪਿੰਡ ਬਿਰੜਵਾਲ ਦੇ ਕਿਸਾਨਾਂ ਨੇ ਕੈਂਪ ਵਿੱਚ ਸ਼ਮੂਲੀਅਤ ਕੀਤੀ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੋਂ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਹੋਰਨਾਂ ਕਿਸਾਨਾਂ ਨੂੰ ਵੀ ਜਾਗਰੂਕ ਕਰਕੇ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ।

# ਨਿਹੰਗ ਸਿੰਘਾਂ ਦੇ ਗੁੱਸੇ ਦਾ ਸ਼ਿਕਾਰ ਬਣਿਆ ਕਿੱਲਿਆਂਵਾਲੀ ਦਾ ਕੈਫ਼ੇ; ਦੋ ਮੁਲਾਜ਼ਮ ਜ਼ਖ਼ਮੀ



**ਲੰਬੀ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਮਿੰਦਰ ਸਿੰਘ ਝੋਟਾ ਦੀ ਹੱਤਿਆ ਖ਼ਿਲਾਫ਼ ਪੰਜਾਬ ਬੰਦ ਦੇ ਸੱਦੇ ਦੌਰਾਨ ਅੱਜ ਮੰਡੀ ਕਿੱਲਿਆਂਵਾਲੀ ਵਿੱਚ ਇੱਕ ਨਿੱਜੀ ਹਸਪਤਾਲ ਦੀ ਪਹਿਲੀ ਮੰਜ਼ਿਲ 'ਤੇ ਸਥਿਤ ਕੈਫ਼ੇ ਵਿੱਚ ਹੰਗਾਮਾ ਹੋ ਗਿਆ। ਨਿਹੰਗ ਸਿੰਘਾਂ ਨੇ ਕੈਫ਼ੇ ਵਿੱਚ ਲੜਕੇ-ਲੜਕੀਆਂ ਦੀ ਮੌਜੂਦਗੀ 'ਤੇ ਤਿੱਖਾ ਇਤਰਾਜ਼ ਜਤਾਇਆ। ਇਸ ਦੌਰਾਨ ਕੈਫ਼ੇ ਸੰਚਾਲਕ ਨਵਜੋਤ ਸਿੰਘ ਵਾਸੀ ਪਿਉਰੀ ਅਤੇ ਮੁਲਾਜ਼ਮ ਅਰਸ਼ਦੀਪ ਸਿੰਘ ਜ਼ਖ਼ਮੀ ਹੋ ਗਏ। ਦੋਵਾਂ ਨੂੰ ਸਰਕਾਰੀ ਸਿਹਤ ਕੇਂਦਰ ਲੰਬੀ ਲਿਜਾਇਆ ਗਿਆ।

ਪੁਲੀਸ ਨੇ ਕਈ ਲੜਕੇ-ਲੜਕੀਆਂ ਨੂੰ ਬਾਹਰ ਕਢਵਾਇਆ। ਚਸ਼ਮਦੀਦਾਂ ਮੁਤਾਬਕ ਕਰੀਬ 25 ਮਿੰਟ ਹੰਗਾਮਾ ਚੱਲਿਆ। ਨਿਹੰਗ ਸਿੰਘਾਂ ਨੇ ਮੌਕੇ 'ਤੇ ਕੈਫ਼ੇ ਬੰਦ ਕਰਵਾਉਣ ਲਈ ਥਾਣਾ ਕਿੱਲਿਆਂਵਾਲੀ ਵਿੱਚ ਸ਼ਿਕਾਇਤ ਵੀ ਦਿੱਤੀ। ਘਟਨਾ ਦੌਰਾਨ ਮੌਕੇ 'ਤੇ ਲੋਕਾਂ ਦਾ ਵੱਡਾ ਹਜੂਮ ਜੁਟ ਗਿਆ।

ਤਲਵੰਡੀ ਸਾਬੋ ਤੋਂ ਆਏ ਕਰੀਬ ਦੋ ਦਰਜਨ ਨਿਹੰਗ ਸਿੰਘ ਅਤੇ ਕਿਸਾਨ ਕਾਰਕੁਨ ਬੰਦ ਦੇ ਸੱਦੇ ਤਹਿਤ ਦੁਕਾਨਾਂ ਬੰਦ ਕਰਵਾਉਣ ਦੀ ਅਪੀਲ ਕਰ ਰਹੇ ਸਨ। ਤਰਨਾ ਦਲ (96 ਕਰੋੜੀ), ਤਲਵੰਡੀ ਸਾਬੋ ਦੇ ਨਿਹੰਗ ਸਿੰਘ ਬਲਜਿੰਦਰ ਸਿੰਘ ਨੇ ਦੱਸਿਆ ਕਿ ਇਸੇ ਦੌਰਾਨ ਉਨ੍ਹਾਂ ਨੂੰ ਕਾਲਜ ਨੇੜਲੇ ਕੈਫ਼ੇ ਵਿੱਚ ਕਥਿਤ ਇਤਰਾਜ਼ਯੋਗ ਗਤੀਵਿਧੀਆਂ ਦੀ ਸੂਚਨਾ ਮਿਲੀ ਸੀ। ਉਨ੍ਹਾਂ ਦਾਅਵਾ ਕੀਤਾ ਕਿ ਕੈਬਿਨਾਂ ਵਿੱਚ ਲੜਕੇ-ਲੜਕੀਆਂ ਮੌਜੂਦ ਸਨ। ਉਨ੍ਹਾਂ ਮੁਤਾਬਕ ਪ੍ਰਸ਼ਾਸਨ ਦੀ ਮੌਜੂਦਗੀ ਵਿੱਚ ਇੱਕ ਕਮਰੇ ਦਾ ਦਰਵਾਜ਼ਾ ਖੁੱਲ੍ਹਵਾਇਆ ਗਿਆ। ਇਸ ਦੌਰਾਨ ਭੱਜਣ ਦੀ ਕੋਸ਼ਿਸ਼ ਕਰਦਿਆਂ ਇੱਕ ਨੌਜਵਾਨ ਤਿਲਕ ਕੇ ਪਿੱਲਰ ਨਾਲ ਟਕਰਾ ਗਿਆ ਅਤੇ ਜ਼ਖ਼ਮੀ ਹੋ ਗਿਆ।

ਦੂਜੇ ਪਾਸੇ, ਜ਼ਖ਼ਮੀ ਕੈਫ਼ੇ ਸੰਚਾਲਕ ਨਵਜੋਤ ਸਿੰਘ ਅਤੇ ਮੁਲਾਜ਼ਮ ਅਰਸ਼ਦੀਪ ਸਿੰਘ ਨੇ ਦੋਸ਼ ਲਾਇਆ ਕਿ ਕੈਫ਼ੇ ਵਿੱਚ ਆਮ ਗਾਹਕ ਖਾਣਾ ਖਾ ਰਹੇ ਸਨ। ਨਿਹੰਗ ਸਿੰਘਾਂ ਨੇ ਅੰਦਰ ਦਾਖ਼ਲ ਹੁੰਦਿਆਂ ਹੀ ਸ਼ਟਰ ਬੰਦ ਕਰਕੇ ਰਾਡਾਂ ਨਾਲ ਉਨ੍ਹਾਂ ਦੀ ਕੁੱਟਮਾਰ ਕੀਤੀ। ਉਨ੍ਹਾਂ ਦੇ ਸਿਰ ਅਤੇ ਨੱਕ 'ਤੇ ਸੱਟਾਂ ਲੱਗੀਆਂ। ਦੋਵਾਂ ਨੇ ਕੈਫ਼ੇ ਵਿੱਚ ਇਤਰਾਜ਼ਯੋਗ ਗਤੀਵਿਧੀਆਂ ਦੇ ਦੋਸ਼ ਖ਼ਾਰਜ ਕੀਤੇ।

ਉੱਥੇ ਹੀ ਥਾਣਾ ਕਿੱਲਿਆਂਵਾਲੀ ਦੀ ਮੁਖੀ ਕਰਮਜੀਤ ਕੌਰ ਨੇ ਕਿਹਾ ਕਿ ਪੜਤਾਲ ਦੌਰਾਨ ਕੈਫ਼ੇ ਵਿੱਚ ਕੋਈ ਇਤਰਾਜ਼ਯੋਗ ਗਤੀਵਿਧੀ ਨਹੀਂ ਮਿਲੀ।

# ਵਪਾਰੀਆਂ ਦੇ ਮਸਲਿਆਂ ਨੂੰ ਤਰਜੀਹ ਦਿੱਤੀ: ਸਿੰਘੀ

**ਲੁਧਿਆਣਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਰਤ ਸਰਕਾਰ ਦੇ ਟਰੇਡਰਜ਼ ਵੈੱਲਫੇਅਰ ਬੋਰਡ ਦੇ ਚੇਅਰਮੈਨ ਸੁਨੀਲ ਸਿੰਘੀ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਦੇਸ਼ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕਰ ਰਹੀ ਹੈ।

ਉਹ ਅੱਜ ਆਪਣੇ ਪੰਜਾਬ ਦੌਰੇ ਦੌਰਾਨ ਭਾਜਪਾ ਪੰਜਾਬ ਟਰੇਡ ਸੈੱਲ ਦੇ ਨਵ-ਨਿਯੁਕਤ ਕੋ-ਕਨਵੀਨਰ ਜਸਪ੍ਰੀਤ ਸਿੰਘ ਹੌਬੀ ਦੇ ਦਫ਼ਤਰ ਵਿੱਚ ਵਪਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਸੁਨੀਲ ਸਿੰਘੀ ਨੇ ਜਸਪ੍ਰੀਤ ਸਿੰਘ ਹੌਬੀ ਨੂੰ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆ। ਉਨ੍ਹਾਂ ਨਾਲ ਪੰਜਾਬ ਟਰੇਡ ਸੈੱਲ ਦੇ ਕਨਵੀਨਰ ਰਜਿੰਦਰ ਸਿੰਘ ਮਰਵਾਹਾ ਵੀ ਹਾਜ਼ਰ ਸਨ। ਇਸ ਮੌਕੇ ਹੌਬੀ ਨੇ ਦੋਵਾਂ ਆਗੂਆਂ ਦਾ ਸਨਮਾਨ ਕੀਤਾ।

ਸੁਨੀਲ ਸਿੰਘੀ ਨੇ ਕਿਹਾ ਕਿ ਪੰਜਾਬ ਦੇਸ਼ ਦਾ ਪ੍ਰਮੁੱਖ ਸੂਬਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਵਪਾਰੀਆਂ ਨੂੰ ਕਿਹਾ ਕਿ ਉਹ ਆਪਣੀਆਂ ਮੁਸ਼ਕਲਾਂ ਬੇਝਿੱਜਕ ਉਨ੍ਹਾਂ ਅੱਗੇ ਰੱਖਣ ਜਿਨ੍ਹਾਂ ਦਾ ਹੱਲ ਕੱਢ ਕੇ ਵਪਾਰੀਆਂ ਨੂੰ ਰਾਹਤ ਦਿੱਤੀ ਜਾਵੇਗੀ।

ਇਸ ਤੋਂ ਪਹਿਲਾਂ ਹੌਬੀ ਨੇ ਕਿਹਾ ਕਿ ਵਪਾਰੀ ਵਰਗ ਦੀਆਂ ਸਮੱਸਿਆਵਾਂ ਨੂੰ ਸਮਝਣਾ, ਉਨ੍ਹਾਂ ਦੇ ਮੁੱਦਿਆਂ ਨੂੰ ਯੋਗ ਮੰਚਾਂ ਤੱਕ ਪਹੁੰਚਾਉਣਾ ਅਤੇ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਬਿਹਤਰ ਤਾਲਮੇਲ ਸਥਾਪਤ ਕਰਨਾ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਰਹੇਗਾ। ਇਸ ਮੌਕੇ ਗੁਰਨਿੰਦਰ ਸਿੰਘ ਗੋਜੀ, ਨਵਦੀਪ ਸਿੰਘ ਵਿਰਦੀ, ਗੁਰਪ੍ਰੀਤ ਸਿੰਘ ਸਰਨਾ, ਜਗਪ੍ਰੀਤ ਸਿੰਘ, ਡਾ. ਅਜੇ ਗਾਂਧੀ, ਸਰਬਜੀਤ ਸਿੰਘ ਮੌਂਟੂ, ਰਿਪਨ ਜੈਨ, ਤਜਿੰਦਰ ਸਿੰਘ ਸਭਰਵਾਲ, ਜੋਬਨਜੋਤ ਸਿੰਘ ਖਹਿਰਾ, ਅਮਨਮੀਤ ਸਿੰਘ, ਜਸਵਿੰਦਰ ਸਿੰਘ ਵਿੱਕੀ ਜਗਰੂਪ ਸਿੰਘ ਖਾਲਸਾ, ਗੋਪਾਲ ਸ਼ਰਮਾ ਅਤੇ ਜਸਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

# ਡਾ. ਨਿਰਮਲ ਨੈਯਰ ਭਾਜਪਾ ਪੰਜਾਬ ਦੀ ਸੂਬਾ ਕਾਰਜਕਾਰਨੀ ਦੇ ਮੈਂਬਰ ਨਿਯੁਕਤ

**ਲੁਧਿਆਣਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਰਤੀ ਜਨਤਾ ਪਾਰਟੀ ਲੁਧਿਆਣਾ ਦੇ ਸਾਬਕਾ ਉਪ ਪ੍ਰਧਾਨ ਡਾ. ਨਿਰਮਲ ਨੈਯਰ ਨੂੰ ਭਾਜਪਾ ਪੰਜਾਬ ਦੀ ਸੂਬਾ ਕਾਰਜਕਾਰਨੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਲੁਧਿਆਣਾ ਦੇ ਭਾਜਪਾ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ।

ਇਸ ਮੌਕੇ ਡਾ. ਨਿਰਮਲ ਨੈਯਰ ਨੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ, ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਅਤੇ ਸੂਬਾ ਜਨਰਲ ਸਕੱਤਰ ਰਜਨੀਸ਼ ਧੀਮਾਨ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਪਾਰਟੀ ਲੀਡਰਸ਼ਿਪ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਦਾ ਮੁੱਖ ਉਦੇਸ਼ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ ਅਤੇ ਭਾਜਪਾ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੋਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

# ਮਨਪ੍ਰੀਤ ਬਾਦਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਕੀਤੀ ਮੁਲਾਕਾਤ; ਸਿਆਸੀ ਹਲਕਿਆ 'ਚ ਚਰਚਾ

## ਧੀ 'ਰੀਆ ਬਾਦਲ' ਦੇ ਵਿਆਹ ਦਾ ਦਿੱਤਾ ਸੱਦਾ



**ਨਵੀਂ ਦਿੱਲੀ, 17 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਵਿੱਚ ਦਿਨੋ-ਦਿਨ ਗਰਮਾ ਰਹੇ ਸਿਆਸੀ ਅਤੇ ਚੋਣ ਮਾਹੌਲ ਦੇ ਮੱਦੇਨਜ਼ਰ ਸੂਬੇ ਨਾਲ ਜੁੜੀ ਹਰ ਗਤੀਵਿਧੀ- ਚਾਹੇ ਉਹ ਰਣਨੀਤਕ ਬੈਠਕ ਹੋਵੇ ਜਾਂ ਸ਼ਿਸ਼ਟਾਚਾਰ ਮੁਲਾਕਾਤ, ਵਿਸ਼ੇਸ਼ ਅਹਿਮੀਅਤ ਰੱਖਦੀ ਹੈ। ਇਸੇ ਦੌਰਾਨ ਜਦੋਂ ਭਾਜਪਾ ਦੇ ਕੌਮੀ ਉਪ-ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਆਪਣੇ ਪਰਿਵਾਰ ਸਮੇਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ, ਤਾਂ ਦਿੱਲੀ ਦੇ ਸਿਆਸੀ ਹਲਕਿਆਂ ਵਿੱਚ ਇਸ ਦੇ ਮਕਸਦ ਨੂੰ ਲੈ ਕੇ ਕਈ ਤਰ੍ਹਾਂ ਦੇ ਅਟਕਲਾਂ ਦਾ ਬਾਜ਼ਾਰ ਗਰਮ ਹੋ ਗਿਆ।

ਹੁਣ ਇਹ ਸਾਫ਼ ਹੋ ਗਿਆ ਹੈ ਕਿ ਮਨਪ੍ਰੀਤ ਬਾਦਲ 7 ਲੋਕ ਕਲਿਆਣ ਮਾਰਗ (ਪ੍ਰਧਾਨ ਮੰਤਰੀ ਨਿਵਾਸ) ਵਿਖੇ ਆਪਣੀ ਧੀ ਰੀਆ ਬਾਦਲ ਦੇ ਵਿਆਹ ਦਾ ਸੱਦਾ ਪੱਤਰ ਦੇਣ ਲਈ ਪਹੁੰਚੇ ਸਨ। ਰੀਆ ਬਾਦਲ ਦਾ ਵਿਆਹ ਕਾਂਗਰਸ ਦੇ ਸੀਨੀਅਰ ਆਗੂ ਡਾ. ਕਰਨ ਸਿੰਘ ਦੇ ਪੋਤੇ ਆਰ. ਕੇ. ਮਾਰਤੰਡ ਸਿੰਘ ਨਾਲ ਹੋਣ ਜਾ ਰਿਹਾ ਹੈ। ਮਾਰਤੰਡ ਸਿੰਘ, ਵਿਕਰਮਾਦਿੱਤਿਆ ਸਿੰਘ ਦੇ ਸਪੁੱਤਰ ਹਨ ਅਤੇ ਇਸ ਵਿਆਹ ਨਾਲ ਦੇਸ਼ ਦੇ ਦੋ ਪ੍ਰਮੁੱਖ ਘਰਾਣੇ ਆਪਸ ਵਿੱਚ ਜੁੜਨਗੇ।

ਇਸ ਮੁਲਾਕਾਤ ਦੌਰਾਨ ਮਨਪ੍ਰੀਤ ਸਿੰਘ ਬਾਦਲ ਦੇ ਨਾਲ ਉਨ੍ਹਾਂ ਦੀ ਪਤਨੀ, ਬੇਟਾ ਅਤੇ ਧੀ ਰੀਆ ਬਾਦਲ ਵੀ ਮੌਜੂਦ ਸਨ। ਵਿਆਹ ਦੇ ਵਿਸਥਾਰਤ ਸਮਾਗਮਾਂ ਦੀ ਸ਼ੁਰੂਆਤ 28 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਰਾਤ ਦੇ ਖਾਣੇ (ਡਿਨਰ) ਅਤੇ ਰਿਸੈਪਸ਼ਨ ਨਾਲ ਹੋਵੇਗੀ। ਇਸ ਤੋਂ ਬਾਅਦ 1 ਨਵੰਬਰ ਨੂੰ ਦਿੱਲੀ ਵਿੱਚ ਸੰਗੀਤ ਸਮਾਰੋਹ ਰੱਖਿਆ ਗਿਆ ਹੈ, ਜਦਕਿ ਵਿਆਹ 3 ਨਵੰਬਰ ਨੂੰ ਦਿੱਲੀ ਵਿੱਚ ਹੋਵੇਗਾ। ਅਨੰਦ ਕਾਰਜ ਦੀ ਰਸਮ 4 ਨਵੰਬਰ ਨੂੰ ਦਿੱਲੀ ਵਿਖੇ ਨਿਭਾਈ ਜਾਵੇਗੀ।

# 210 ਪਰਿਵਾਰਾਂ ਨੂੰ ਘਰਾਂ ਦੇ ਮਾਲਕੀ ਹੱਕ ਮਿਲੇ



**ਬਠਿੰਡਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੌਂਦ ਨੇ ਪੰਜਰੁੱਖਾ ਦੇ 70 ਤੇ ਕੋਟਲਾ ਢੱਕ ਦੇ 140 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਦਿੰਦੇ ਹੋਏ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ।

ਪੰਜਾਬ ਸਰਕਾਰ ਦੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਹਲਕੇ ਦੇ ਪਿੰਡ ਪੰਜਰੁੱਖਾ ਅਤੇ ਕੋਟਲਾ ਢੱਕ ਦੇ ਕੁੱਲ 210 ਪਰਿਵਾਰਾਂ ਨੂੰ ਉਨ੍ਹਾਂ ਦੇ ਰਿਹਾਇਸ਼ੀ ਮਕਾਨਾਂ ਦੇ ਸਰਕਾਰੀ ਮਾਲਕੀ ਹੱਕ (ਪ੍ਰਾਪਰਟੀ ਕਾਰਡ) ਸੌਂਪੇ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਰਵਾਏ ਇਸ ਵਿਸ਼ੇਸ਼ ਸਮਾਗਮ ਦੌਰਾਨ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪਿੰਡ ਕੋਟਲਾ ਢੱਕ ਦੇ 70 ਅਤੇ ਪਿੰਡ ਪੰਜਰੁੱਖਾ ਦੇ 140 ਲਾਭਪਾਤਰੀ ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਤਕਸੀਮ ਕੀਤੇ।ਇਸ ਮੌਕੇ ਕੈਬਨਿਟ ਮੰਤਰੀ ਸੌਂਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਲਾਲ ਲਕੀਰ ਦੇ ਅੰਦਰ ਆਉਂਦੇ ਘਰਾਂ ਵਿੱਚ ਲੰਮੇ ਸਮੇਂ ਤੋਂ ਰਹਿ ਰਹੇ ਲੋਕਾਂ ਨੂੰ ਹੁਣ ਜਾਇਦਾਦ ਦੇ ਪੱਕੇ ਮਾਲਕੀ ਹੱਕ ਮਿਲਣ ਨਾਲ ਬਹੁਤ ਵੱਡੀ ਰਾਹਤ ਮਿਲੀ ਹੈ। ਇਹ ਇਤਿਹਾਸਕ ਕਦਮ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਸਮਾਜਿਕ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਵੱਲ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਹੁਣ ਮਕਾਨਾਂ ਦੇ ਮਾਲਕ ਨਿਯਮਾਂ ਅਨੁਸਾਰ ਆਪਣੀ ਜਾਇਦਾਦ ਨੂੰ ਖ਼ਰੀਦ ਜਾਂ ਵੇਚ ਸਕਣਗੇ। ਇਸ ਤੋਂ ਇਲਾਵਾ ਉਹ ਇਸ ਸੰਪਤੀ ਦੇ ਆਧਾਰ 'ਤੇ ਬੈਂਕਾਂ ਤੋਂ ਆਸਾਨੀ ਨਾਲ ਕਰਜ਼ਾ ਲੈ ਸਕਣਗੇ ਅਤੇ ਆਪਣੀ ਜਾਇਦਾਦ ਆਪਣੇ ਕਾਨੂੰਨੀ ਵਾਰਸਾਂ ਦੇ ਨਾਮ ਤਬਦੀਲ ਕਰਵਾਉਣ ਦੇ ਪੂਰੀ ਤਰ੍ਹਾਂ ਯੋਗ ਹੋਣਗੇ।

ਮਾਲ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਪ੍ਰਾਪਰਟੀ ਕਾਰਡ ਆਉਣ ਵਾਲੇ ਸਮੇਂ ਵਿੱਚ ਜਾਇਦਾਦ ਨਾਲ ਜੁੜੇ ਕਾਨੂੰਨੀ ਕੰਮਕਾਜ ਲਈ ਇੱਕ ਅਹਿਮ ਅਤੇ ਮਜ਼ਬੂਤ ਦਸਤਾਵੇਜ਼ ਬਣਨਗੇ। ਇਸ ਮੌਕੇ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਹੀਰੋ ਮੈਨਸ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ-2026 ਦੇ ਟਰਾਫ਼ੀ ਟੂਰ ਦੌਰਾਨ ਮਾਲੇਰਕੋਟਲਾ ਵਿਖੇ ਹੋਵੇਗਾ ਪ੍ਰਦਰਸ਼ਨੀ ਮੈਚ

**ਮਲੇਰਕੋਟਲਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਹੀਰੋ ਮੈਨਸ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ-2026 ਦਾ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਚੈਂਪੀਅਨਸ਼ਿਪ ਤੋਂ ਪਹਿਲਾਂ ਟਰਾਫ਼ੀ ਦਾ ਪੰਜਾਬ ਰਾਜ ਵਿੱਚ ਟੂਰ ਕਰਵਾਇਆ ਜਾ ਰਿਹਾ ਹੈ, ਜਿਸ ਦਾ ਉਦੇਸ਼ ਇਸ ਹਾਕੀ ਚੈਂਪੀਅਨਸ਼ਿਪ ਸਬੰਧੀ ਲੋਕਾਂ ਨੂੰ ਜਾਣੂ ਕਰਵਾਉਣ ਦੇ ਨਾਲ-ਨਾਲ ਹਾਕੀ ਖੇਡ ਪ੍ਰਤੀ ਉਤਸ਼ਾਹ ਵਧਾਉਣਾ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਨਾ ਹੈ।



ਇਸੇ ਲੜੀ ਤਹਿਤ ਟਰਾਫ਼ੀ 19 ਅਕਤੂਬਰ ਨੂੰ ਸਵੇਰੇ 8 ਵਜੇ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਪਹੁੰਚੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਦੱਸਿਆ ਕਿ ਟਰਾਫ਼ੀ ਦੇ ਸਵਾਗਤ ਲਈ ਨਨਕਾਣਾ ਸਾਹਿਬ ਪਬਲਿਕ ਸਕੂਲ, ਰਾਮਪੁਰ ਛੰਨਾ, ਅਮਰਗੜ੍ਹ ਵਿਖੇ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਇਸ ਮੌਕੇ ਟਰਾਫ਼ੀ ਦਾ ਸਵਾਗਤ ਕਰਨ ਦੇ ਨਾਲ-ਨਾਲ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਹਾਕੀ ਪ੍ਰਤੀ ਉਤਸ਼ਾਹ ਪੈਦਾ ਕਰਨ ਲਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਮੌਕੇ ਸਕੂਲ ਵਿਖੇ ਸਥਿਤ ਹਾਕੀ ਦੇ ਸਿਕਸ-ਏ-ਸਾਈਡ ਐਸਟਰੋਟਰਫ਼ ਗਰਾਊਂਡ ਵਿੱਚ ਪ੍ਰਦਰਸ਼ਨੀ ਮੈਚ ਕਰਵਾਇਆ ਜਾਵੇਗਾ ਅਤੇ ਟਰਾਫ਼ੀ ਨੂੰ ਵੀ ਸਜਾਇਆ ਜਾਵੇਗਾ।

ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਅਜਿਹੇ ਸਮਾਗਮ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਖੇਡਾਂ ਦੇ ਮਹੱਤਵ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਹਾਕੀ ਪੰਜਾਬ ਦੀ ਮਾਣਮੱਤੀ ਖੇਡ ਰਹੀ ਹੈ ਅਤੇ ਇਸ ਖੇਡ ਨੂੰ ਹੋਰ ਪ੍ਰਫੁੱਲਤ ਕਰਨ ਲਈ ਨੌਜਵਾਨਾਂ ਦੀ ਸ਼ਮੂਲੀਅਤ ਬਹੁਤ ਮਹੱਤਵਪੂਰਨ ਹੈ। ।

ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਵਿਖੇ ਸਮਾਗਮ ਉਪਰੰਤ ਟਰਾਫ਼ੀ ਸੜਕ ਰਸਤੇ ਜ਼ਿਲ੍ਹਾ ਬਰਨਾਲਾ ਲਈ ਰਵਾਨਾ ਹੋਵੇਗੀ ਅਤੇ ਤਕਰੀਬਨ ਦੁਪਹਿਰ 12 ਵਜੇ ਬਰਨਾਲਾ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਸੌਂਪ ਦਿੱਤੀ ਜਾਵੇਗੀ। ਇਸ ਤਰ੍ਹਾਂ ਟਰਾਫ਼ੀ ਟੂਰ ਰਾਹੀਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹਾਕੀ ਚੈਂਪੀਅਨਸ਼ਿਪ ਪ੍ਰਤੀ ਜਾਗਰੂਕਤਾ ਅਤੇ ਉਤਸ਼ਾਹ ਪੈਦਾ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਖੇਡ ਅਫਸਰ ਨੇ ਜ਼ਿਲ੍ਹੇ ਦੇ ਸਮੂਹ ਖੇਡ ਪ੍ਰੇਮੀਆਂ, ਹਾਕੀ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਇਸ ਸਮਾਗਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਜ਼ਰੂਰੀ ਹੈ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਵਿੱਚ ਸਿਹਤਮੰਦ ਜੀਵਨ ਸ਼ੈਲੀ, ਅਨੁਸ਼ਾਸਨ ਅਤੇ ਟੀਮ ਭਾਵਨਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ ।

# ਬੇਟ ਖੇਤਰ ਵਿੱਚ ਅਕਾਲੀ ਦਲ ਹੋਇਆ ਹੋਰ ਮਜਬੂਤ



**ਮਾਛੀਵਾੜਾ ਸਾਹਿਬ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੁਆਰਾ ਪੰਜਾਬ ਦੇ ਸ਼ਹਿਰ-ਸ਼ਹਿਰ ਅਤੇ ਪਿੰਡ-ਪਿੰਡ ਜਾ ਕੇ ਆਮ ਲੋਕਾਂ ਨਾਲ ਰਾਬਤਾ ਕਾਇਮ ਕਰਨ ਲਈ ਸ਼ੁਰੂ ਮੁਹਿੰਮ ਨੂੰ ਪੂਰੇ ਪੰਜਾਬ ਵਿੱਚ ਭਾਰੀ ਸਮੱਰਥਨ ਮਿਲ ਰਿਹਾ ਹੈ। ਹਲਕਾ ਸਮਰਾਲਾ 'ਚ ਮਹਿਲਾਵਾਂ ਨਾਲ ਰਾਬਤਾ ਕਾਇਮ ਕਰਨ ਦੀ ਕਮਾਨ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਅਤੇ ਹਲਕਾ ਇੰਚਾਰਜ ਸਮਰਾਲਾ ਦੀ ਧਰਮਪਤਨੀ ਬੀਬਾ ਸੁਖਪ੍ਰੀਤ ਕੌਰ ਢਿੱਲੋਂ ਵੱਲੋਂ ਸੰਭਾਲੀ ਜਾ ਚੁੱਕੀ ਹੈ। ਜਿਸ ਤਹਿਤ ਉਨ੍ਹਾਂ ਵੱਲੋਂ ਹਲਕੇ ਅਧੀਨ ਪੈਂਦੇ ਪਿੰਡਾਂ ਦਾ ਰੋਜਾਨਾਂ ਦੌਰਾ ਕੀਤਾ ਜਾ ਰਿਹਾ ਹੈ। ਅੱਜ ਜਾਤੀਵਾਲ ਸਰਕਲ ਅਧੀਨ ਪੈਂਦੇ ਪਿੰਡ ਝੜੌਦੀ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਇਕੱਤਰ ਮਹਿਲਾਵਾਂ ਨੂੰ ਸੰਬੋਧਨ ਕਰਦੇ ਹੋਏ ਸੁਖਪ੍ਰੀਤ ਕੌਰ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜੋ ਕਿ ਪੰਜਾਬ ਦੀ ਇੱਕੋ ਇੱਕ ਖੇਤਰੀ ਪਾਰਟੀ ਹੈ, ਜਿਸਨੂੰ ਪੰਜਾਬ ਨਾਲ ਦਿਲੋਂ ਹਮਦਰਦੀ ਹੈ। ਪੰਜਾਬ ਦੇ ਭੋਲੇ ਭਾਲੇ ਲੋਕ ਜੋ 2022 ਦੀਆਂ ਚੋਣਾਂ ਵਿੱਚ ਇੱਕ ਅਜਿਹੀ ਝੂਠੀ ਪਾਰਟੀ ਵੱਲੋਂ ਦਿਖਾਏ ਝੂਠੇ ਸਬਜਬਾਗਾਂ ਦੇ ਝਾਂਸੇ ਵਿੱਚ ਆ ਗਏ ਸਨ, ਅੱਜ ਪੰਜਾਬ ਦੇ ਲੋਕ ਉਸ ਪਾਰਟੀ ਤੋਂ ਇੰਨੇ ਜਿਆਦਾ ਤੰਗ ਆ ਚੁੱਕੇ ਹਨ, ਜਿਨ੍ਹਾਂ ਦੇ ਕੰਧਾਂ ਉੱਤੇ ਲੱਗੇ ਪੋਸਟਰ ਜਾਂ ਫਲੈਕਸਾਂ ਦੇਖਣ ਲਈ ਤਿਆਰ ਨਹੀਂ ਹਨ। ਸੂਬੇ ਦੇ ਲੋਕ ਮੁੜ ਸ਼੍ਰੋਮਣੀ ਅਕਾਲੀ ਦਲ ਨੂੰ ਲਿਆਉਂਣ ਲਈ ਤਤਪਰ ਹਨ। ਮੀਟਿੰਗ 'ਚ ਹਲਕਾ ਸਮਰਾਲਾ ਤੋਂ ਇਸਤਰੀ ਅਕਾਲੀ ਦੀ ਪ੍ਰਧਾਨ ਪਰਮਜੀਤ ਕੌਰ ਕੰਗ ਅਤੇ ਸ਼ਹਿਰੀ ਅਕਾਲੀ ਦਲ ਦੀ ਪ੍ਰਧਾਨ ਪ੍ਰਕਾਸ਼ ਕੌਰ ਨੇ ਵੀ ਸੰਬੋਧਨ ਕੀਤਾ।

# ਪਰਮਿੰਦਰ ਸਿੰਘ ਝੋਟਾ ਦੇ ਕਤਲ 'ਤੇ ਭਖਿਆ ਪੰਜਾਬ, ਨਸ਼ਾ ਤਸਕਰੀ ਤੇ ਵਿਗੜੀ ਕਾਨੂੰਨ ਵਿਵਸਥਾ ਵਿਰੁੱਧ ਵਾਰਿਸ ਪੰਜਾਬ ਦੇ ਨੇ ਚੁੱਕੀ ਆਵਾਜ




**ਨਾਭਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਤਜਿੰਦਰ ਸਿੰਘ ਰਾਜੂ (ਹਲਕਾ ਨਾਭਾ ), ਵਾਰਿਸ ਪੰਜਾਬ ਦੇ, ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਪੰਜਾਬ ਦਾ ਇੱਕ ਸੰਘਰਸ਼ਸ਼ੀਲ ਯੋਧਾ ਸੀ, ਜੋ ਲੰਮੇ ਸਮੇਂ ਤੋਂ ਪੰਜਾਬ ਵਿੱਚੋਂ ਨਸ਼ਿਆਂ ਦਾ ਖ਼ਾਤਮਾ ਕਰਵਾਉਣ ਲਈ ਨਸ਼ਾ ਤਸਕਰਾਂ ਵਿਰੁੱਧ ਜੰਗ ਲੜ ਰਿਹਾ ਸੀ।

ਪਰਮਿੰਦਰ ਸਿੰਘ ਝੋਟਾ ਦੇ ਹੋਏ ਕਤਲ ਦੇ ਮਾਮਲੇ ਨੂੰ ਲੈ ਕੇ ਅੱਜ ਸਾਰਾ ਪੰਜਾਬ ਰੋਸ ਦੀ ਅੱਗ ਵਿੱਚ ਸੜ ਰਿਹਾ ਹੈ। ਪੂਰੇ ਪੰਜਾਬ ਵਿੱਚ ਸੋਗ ਦੀ ਲਹਿਰ ਫੈਲੀ ਹੋਈ ਹੈ ਅਤੇ ਹਰ ਪਾਸੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਕਰਨ ਵਿੱਚ ਅਸਫ਼ਲ ਰਹੀ ਹੈ। ਪੰਜਾਬ ਵਿੱਚ ਨਸ਼ਾ ਤਸਕਰੀ ਦਿਨੋਂ-ਦਿਨ ਵਧ ਰਹੀ ਹੈ।

ਅੱਜ ਪੰਜਾਬ ਦੇ ਹਰ ਪਿੰਡ ਅਤੇ ਹਰ ਸ਼ਹਿਰ ਦੀਆਂ ਗਲੀਆਂ ਤੱਕ ਨਸ਼ਾ ਪਹੁੰਚ ਚੁੱਕਾ ਹੈ। ਹਾਲਾਤ ਇਹ ਹਨ ਕਿ ਘਰ-ਘਰ ਨਸ਼ਿਆਂ ਦੀ ਸਪਲਾਈ ਹੋ ਰਹੀ ਹੈ ਅਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਵਾਰਿਸ ਪੰਜਾਬ ਦੇ ਪਾਰਟੀ ਪਰਮਿੰਦਰ ਸਿੰਘ ਝੋਟਾ ਦੇ ਹੱਕ ਵਿੱਚ ਪੂਰੀ ਤਰ੍ਹਾਂ ਖੜ੍ਹੀ ਹੈ ਅਤੇ ਹਰ ਸਮੇਂ ਉਨ੍ਹਾਂ ਦੇ ਪਰਿਵਾਰ ਤੇ ਹਮਾਇਤੀਆਂ ਦੇ ਨਾਲ ਡਟ ਕੇ ਖੜ੍ਹੀ ਰਹੇਗੀ।

# ਸੁਖਨਾ ਵੈੱਟਲੈਂਡ ਨੂੰ ਰਾਮਸਰ ਸਾਇਟ ਐਲਾਨਿਆ ਗਿਆ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਾਤਾਵਰਣ ਸੰਭਾਲ਼ ਦੇ ਖੇਤਰ ਵਿੱਚ ਇੱਕ ਇਤਿਹਾਸਿਕ ਉਪਲਬਧ ਹਾਸਲ ਕਰਦੇ ਹੋਏ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਨੇ ਇੱਕ ਬੜਾ ਮੁਕਾਮ ਤੈਅ ਕੀਤਾ ਹੈ। ਸੁਖਨਾ ਵੈੱਟਲੈਂਡ ਨੂੰ ਅਧਿਕਾਰਿਤ ਤੌਰ 'ਤੇ 'ਅੰਤਰਰਾਸ਼ਟਰੀ ਮਹੱਤਵ ਦਾ ਰਾਮਸਰ ਸਾਇਟ' ਐਲਾਨ ਕਰ ਦਿੱਤਾ ਗਿਆ ਹੈ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਵਾਤਾਵਰਣ ਸੰਭਾਲ਼ ਅਤੇ ਪ੍ਰਕ੍ਰਿਤੀ ਦੇ ਬਿਹਤਰ ਪ੍ਰਬੰਧਨ ਲਈ ਇਸ ਇਤਿਹਾਸਿਕ ਕਦਮ ਦੀ ਸ਼ਲਾਘਾ ਕੀਤੀ ਹੈ। ਪ੍ਰਸ਼ਾਸਨ ਅਤੇ ਨਾਗਰਿਕਾਂ ਵੱਲੋਂ ਗਹਿਰੀ ਖੁਸ਼ੀ ਅਤੇ ਮਾਣ ਜਤਾਉਂਦੇ ਹੋਏ ਸ਼੍ਰੀ ਕਟਾਰੀਆ ਨੇ ਚੰਡੀਗੜ੍ਹ ਦੇ ਲੋਕਾਂ, ਵਾਤਾਵਰਣ ਪ੍ਰੇਮੀਆਂ, ਮਾਹਰਾਂ, ਵਣ ਅਤੇ ਵਣਜੀਵ ਵਿਭਾਗ ਅਤੇ ਇਸ ਨਾਲ ਜੁੜੇ ਸਾਰੇ ਲੋਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੇ ਲਗਾਤਾਰ ਪ੍ਰਯਾਸਾਂ ਨਾਲ ਇਸ ਪ੍ਰਾਕ੍ਰਿਤਿਕ ਧਰੋਹਰ ਨੂੰ ਸੁਰੱਖਿਅਤ ਰੱਖਿਆ ਜਾ ਸਕਿਆ।

ਇਸ ਪ੍ਰਤਿਸ਼ਠਿਤ ਅੰਤਰਰਾਸ਼ਟਰੀ ਸੂਚੀ ਵਿੱਚ ਸੁਖਨਾ ਵੈੱਟਲੈਂਡ ਦੇ ਸ਼ਾਮਲ ਹੋਣ ਨਾਲ ਵੈਟਲੈਂਡ ਸੰਭਾਲ਼, ਜੈਵ ਵਿਵਿਧਤਾ ਦੀ ਸੁਰੱਖਿਆ ਅਤੇ ਵਾਤਾਵਰਣ ਪ੍ਰਬੰਧਨ ਵਿੱਚ ਭਾਰਤ ਦੀ ਆਲਮੀ ਸਾਖ ਹੋਰ ਮਜ਼ਬੂਤ ਹੋਈ ਹੈ।

ਸੁਖਨਾ ਵੈੱਟਲੈਂਡ ਨੂੰ ਰਾਮਸਰ ਸਾਇਟ ਦਾ ਦਰਜਾ ਮਿਲਣਾ ਇਸ ਦੇ ਵਾਤਾਵਰਣਕ ਅਤੇ ਸੱਭਿਆਚਾਰਕ ਮਹੱਤਵ ਨੂੰ ਦਰਸਾਉਂਦਾ ਹੈ। ਇਹ ਕੇਵਲ ਸ਼ਹਿਰ ਦੀ ਇੱਕ ਪਹਿਚਾਣ ਹੀ ਨਹੀਂ ਹੈ, ਬਲਕਿ ਜੀਵਨ ਅਤੇ ਜੈਵ ਵਿਵਿਧਤਾ ਦਾ ਇੱਕ ਅਹਿਮ ਕੇਂਦਰ ਵੀ ਹੈ। ਇਹ ਹਰ ਸਾਲ 'ਸੈਂਟਰਲ ਏਸ਼ੀਅਨ ਫਲਾਈਵੇਅ' ਤੋਂ ਹੋ ਕੇ ਗੁਜਰਨ ਵਾਲੇ ਹਜ਼ਾਰਾਂ ਪ੍ਰਵਾਸੀ ਪੰਛੀਆਂ ਨੂੰ ਸੁਰੱਖਿਅਤ ਟਿਕਾਣਾ ( ਪ੍ਰਦਾਨ ਕਰਦਾ ਹੈ। ਰਾਮਸਰ ਕਨਵੈਂਨਸ਼ਨ ਦੇ ਤਹਿਤ ਇਸ ਅੰਤਰਰਾਸ਼ਟਰੀ ਮਾਨਤਾ ਨਾਲ ਹੁਣ ਇਸ ਨੂੰ ਆਲਮੀ ਵਿਗਿਆਨਿਕ ਸਹਿਯੋਗ, ਬਿਹਤਰ ਤਕਨੀਕੀ ਮਦਦ, ਅਤੇ ਵਾਤਾਵਰਣ ਸਿੱਖਿਆ ਦੇ ਨਾਲ-ਨਾਲ ਈਕੋ-ਟੂਰਿਜ਼ਮ ਦੇ ਨਵੇਂ ਅਵਸਰ ਮਿਲਣਗੇ। ਇਹ ਇਤਿਹਾਸਿਕ ਦਰਜਾ ਚੰਡੀਗੜ੍ਹ ਪ੍ਰਸ਼ਾਸਨ ਦੇ ਉਸ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ, ਜਿਸ ਦੇ ਤਹਿਤ ਵੈਟਲੈਂਡ, ਇਸ ਦੇ ਵਿਸ਼ਾਲ ਜਲ-ਗ੍ਰਹਿਣ ਖੇਤਰ (ਕੈਚਮੈਂਟ ਏਰੀਆ) ਅਤੇ ਪਾਸ ਦੀ ਸੁਖਨਾ ਵਣਜੀਵ ਰੱਖ (ਸੈਂਕਚੁਰੀ) ਨੂੰ ਨੁਕਸਾਨ ਤੋਂ ਬਚਾਇਆ ਜਾਵੇਗਾ ਅਤੇ ਲੰਬੇ ਸਮੇਂ ਤੱਕ ਵਾਤਾਵਰਣਕ ਸੰਤੁਲਨ ਬਣਿਆ ਰਹੇਗਾ।

ਇਹ ਬੜੀ ਅੰਤਰਰਾਸ਼ਟਰੀ ਉਪਲਬਧੀ ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਲਗਾਤਾਰ ਮਾਰਗਦਰਸ਼ਨ, ਦੂਰਦਰਸ਼ੀ ਅਗਵਾਈ ਅਤੇ ਸਹਿਯੋਗ ਨਾਲ ਹੀ ਸੰਭਵ ਹੋ ਸਕੀ ਹੈ। ਉਨ੍ਹਾਂ ਦੀ ਸਰਗਰਮ ਅਗਵਾਈ ਅਤੇ ਸਪਸ਼ਟ ਸੋਚ ਦੇ ਤਹਿਤ, ਚੰਡੀਗੜ੍ਹ ਪ੍ਰਸ਼ਾਸਨ ਨੇ ਵਾਤਾਵਰਣ ਸੁਧਾਰ ਦੇ ਕਾਰਜਾਂ ਨੂੰ ਗਤੀ ਦਿੱਤੀ, ਜਲ-ਗ੍ਰਹਿਣ ਖੇਤਰ ਦੇ ਪ੍ਰਬੰਧਨ ਨੂੰ ਪ੍ਰਾਥਮਿਕਤਾ ਦਿੱਤੀ ਅਤੇ ਆਲਮੀ ਮਿਆਰਾਂ ਨੂੰ ਪੂਰਾ ਕਰਨ ਲਈ ਵਿਭਿੰਨ ਵਿਭਾਗਾਂ ਦੇ ਦਰਮਿਆਨ ਤਾਲਮੇਲ ਨੂੰ ਤੇਜ਼ ਕੀਤਾ।

ਉਨ੍ਹਾਂ ਦੇ ਲਗਾਤਾਰ ਪ੍ਰੋਤਸਾਹਨ ਨੇ ਅਧਿਕਾਰੀਆਂ,ਸੰਭਾਲ਼ ਮਾਹਰਾਂ ਅਤੇ ਸਥਾਨਕ ਜਨਤਾ ਨੂੰ ਮਿਲ ਕੇ ਕੰਮ ਕਰਨ ਦੀ ਪ੍ਰੇਰਣਾ ਦਿੱਤੀ, ਜਿਸ ਨਾਲ ਸੁਖਨਾ ਵੈੱਟਲੈਂਡ ਨੂੰ ਇਹ ਅੰਤਰਰਾਸ਼ਟਰੀ ਦਰਜਾ ਮਿਲਿਆ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਦਾ ਨਾਮ ਦੁਨੀਆ ਭਰ ਵਿੱਚ ਰੌਸ਼ਨ ਹੋਇਆ।

ਸੁਖਨਾ ਵੈੱਟਲੈਂਡ ਸ਼ਹਿਰ ਨਾਲ ਲਗਦਾ ਇੱਕ ਵੈੱਟਲੈਂਡ ਖੇਤਰ ਹੈ,ਜਿਸ ਵਿੱਚ ਖੁੱਲ੍ਹਾ ਪਾਣੀ, ਤਟਵਰਤੀ ਬਨਸਪਤੀਆਂ, ਝਾੜੀਆਂ ਅਤੇ ਜੰਗਲ ਸ਼ਾਮਲ ਹਨ। ਇਹ ਵਿਭਿੰਨ ਤਰ੍ਹਾਂ ਦੇ ਪੇੜ-ਪੌਦਿਆਂ ਅਤੇ ਜੀਵ-ਜੰਤੂਆਂ ਨੂੰ ਰਹਿਣ ਦੀ ਜਗ੍ਹਾ ਦਿੰਦਾ ਹੈ। ਇਹ ਸਥਾਨਕ ਪਾਣੀ ਦੇ ਪੰਛੀਆਂ ਅਤੇ ਸੈਂਟਰਲ ਏਸ਼ੀਅਨ ਫਲਾਈਵੇਅ ਤੋਂ ਆਉਣ ਵਾਲੇ ਪ੍ਰਵਾਸੀ ਪੰਛੀਆਂ ਦੇ ਭੋਜਨ, ਪ੍ਰਜਨਨ ਅਤੇ ਸਰਦੀਆਂ ਵਿੱਚ ਠਹਿਰਨ ਲਈ ਬੇਹੱਦ ਅਹਿਮ ਹੈ। ਇੱਥੇ ਪਾਏ ਜਾਣ ਵਾਲੇ ਪ੍ਰਮੁੱਖ ਜੀਵਾਂ ਵਿੱਚ ਸੰਕਟਗ੍ਰਸਤ ਕੌਮਨ ਪੋਚਾਰਡ (ਆਇਥਿਆ ਫੇਰੀਨਾ) ਅਤੇ ਖ਼ਤਰੇ ਵਿੱਚ ਪੱਲਾਸ ਫਿਸ਼ ਈਗਲ (ਹਾਲੀਏਟਸ ਲਿਊਕੋਰੀਫਸ) ਸ਼ਾਮਲ ਹਨ। ਇਸ ਦੇ ਉਥਲੇ ਤਟਵਰਤੀ ਇਲਾਕੇ ਸੰਕਟਗ੍ਰਸਤ 'ਬਲੈਕ ਪੌਂਡ ਟਰਟਲ' (ਜੀਓਕਲੇਮਿਸ ਹੈਮਿਲਟੋਨੀ) ਕਾਲੇ ਤਲਾਅ ਦੇ ਕੱਛੂਆਂ ਜਿਹੇ ਸੱਪਾਂ ਨੂੰ ਵੀ ਸਹਾਰਾ ਦਿੰਦੇ ਹਨ। ਇਸ ਦੇ ਨਾਲ ਹੀ, ਇਹ ਵੈਟਲੈਂਡ ਚੰਡੀਗੜ੍ਹ ਦੇ ਲੋਕਾਂ ਲਈ ਘੁੰਮਣ-ਫਿਰਨ, ਸਕੂਨ ਪ੍ਰਾਪਤ ਕਰਨ ਅਤੇ ਪ੍ਰਕ੍ਰਿਤੀ ਨੂੰ ਕਰੀਬ ਤੋਂ ਸਿੱਖਣ-ਸਮਝਣ ਦਾ ਇੱਕ ਬਿਹਤਰੀਨ ਜ਼ਰੀਆ ਵੀ ਹੈ।

# ਪੱਬਰਾ ਸਰਫੇਸ ਵਾਟਰ ਪ੍ਰੋਜੈਕਟ ਵਿਖੇ ਕਲੋਰੀਨ ਤੇ ਅੱਗ ਤੋਂ ਸੁਰੱਖਿਆ ਸਬੰਧੀ ਐਕਸਪੋਜ਼ਰ ਵਿਜ਼ਿਟ-ਕਮ-ਮੌਕ ਡਰਿੱਲ ਸਫਲਤਾਪੂਰਵਕ ਕਰਵਾਈ



**ਪਟਿਆਲਾ, 17 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਭਰ ਦੇ ਸਰਫੇਸ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ, ਐਮਰਜੈਂਸੀ ਨਾਲ ਨਜਿੱਠਣ ਦੀ ਤਿਆਰੀ ਨੂੰ ਮਜ਼ਬੂਤ ਕਰਨ ਅਤੇ ਸੁਰੱਖਿਆ ਦੇ ਬਿਹਤਰ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੱਬਰਾ ਸਰਫੇਸ ਵਾਟਰ ਪ੍ਰੋਜੈਕਟ, ਘਨੌਰ, ਪਟਿਆਲਾ ਵਿਖੇ ਕਲੋਰੀਨ ਅਤੇ ਅੱਗ ਤੋਂ ਸੁਰੱਖਿਆ ਸਬੰਧੀ ਐਕਸਪੋਜ਼ਰ ਵਿਜ਼ਿਟ-ਕਮ-ਮੌਕ ਡਰਿੱਲ ਕਰਵਾਈ ਗਈ।

ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਰਜਕਾਰੀ ਇੰਜੀਨੀਅਰ ਅਤੇ ਸੀਨੀਅਰ ਵਾਤਾਵਰਣ ਮਾਹਿਰ ਸਰਬਜੀਤ ਸਿੰਘ ਨੇ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਕੰਮਕਾਜੀ ਸੁਰੱਖਿਆ, ਰੋਕਥਾਮ ਦੇ ਉਪਾਵਾਂ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਅਗਾਊਂ ਤਿਆਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਪ੍ਰੋਗਰਾਮ ਵਿੱਚ ਪੰਜਾਬ ਭਰ ਦੇ ਸਰਫੇਸ ਵਾਟਰ ਪ੍ਰੋਜੈਕਟਾਂ ਨਾਲ ਸਬੰਧਤ ਉਪ-ਮੰਡਲ ਇੰਜੀਨੀਅਰਾਂ, ਜੂਨੀਅਰ ਇੰਜੀਨੀਅਰਾਂ ਅਤੇ ਪ੍ਰੋਜੈਕਟ ਮੈਨੇਜਰਾਂ ਨੇ ਸ਼ਮੂਲੀਅਤ ਕੀਤੀ।

ਅੱਗ ਤੋਂ ਸੁਰੱਖਿਆ ਸਬੰਧੀ ਮੌਕ ਡਰਿੱਲ ਪੰਜਾਬ ਦੇ ਫਾਇਰ ਸਰਵਿਸਿਜ਼ ਵਿਭਾਗ ਦੇ ਰਮਨ ਕੁਮਾਰ ਵੱਲੋਂ ਕਰਵਾਈ ਗਈ। ਉਨ੍ਹਾਂ ਨੇ ਅੱਗ ਲੱਗਣ ਦੀ ਸਥਿਤੀ ਵਿੱਚ ਕੀਤੀ ਜਾਣ ਵਾਲੀ ਕਾਰਵਾਈ ਅਤੇ ਅੱਗ ਬੁਝਾਊ ਉਪਕਰਨਾਂ ਦੀ ਸੁਰੱਖਿਅਤ ਵਰਤੋਂ ਬਾਰੇ ਵਿਹਾਰਕ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ, ਕਲੋਰੀਨ ਸੁਰੱਖਿਆ ਸਬੰਧੀ ਸੈਸ਼ਨ ਦੌਰਾਨ ਬੋਡਲ ਕੈਮੀਕਲਜ਼ ਲਿਮਟਿਡ ਦੇ ਇੱਕ ਮਾਹਿਰ ਨੇ ਕਲੋਰੀਨ ਦੀ ਸੁਰੱਖਿਅਤ ਵਰਤੋਂ ਅਤੇ ਭੰਡਾਰਨ, ਰੋਕਥਾਮ ਦੇ ਉਪਾਵਾਂ, ਕਲੋਰੀਨ ਲੀਕ ਹੋਣ ਤੋਂ ਬਚਾਅ ਅਤੇ ਐਮਰਜੈਂਸੀ ਦੌਰਾਨ ਅਪਣਾਈ ਜਾਣ ਵਾਲੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਨ੍ਹਾਂ ਵਿਹਾਰਕ ਪ੍ਰਦਰਸ਼ਨਾਂ ਰਾਹੀਂ ਭਾਗੀਦਾਰਾਂ ਨੂੰ ਅਮਲੀ ਤਜਰਬਾ ਹਾਸਲ ਹੋਇਆ ਅਤੇ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਅੱਗ ਤੋਂ ਬਚਾਅ, ਕਲੋਰੀਨ ਲੀਕ ਹੋਣ ਦੀ ਸਥਿਤੀ ਨਾਲ ਨਜਿੱਠਣ, ਕੰਮਕਾਜੀ ਸੁਰੱਖਿਆ ਅਤੇ ਐਮਰਜੈਂਸੀ ਪ੍ਰਤੀਕਿਰਿਆ ਸਬੰਧੀ ਉਨ੍ਹਾਂ ਦੀ ਸਮਝ ਹੋਰ ਬਿਹਤਰ ਹੋਈ।

ਇਹ ਪ੍ਰੋਗਰਾਮ ਡਿਵੀਜ਼ਨ ਪੱਧਰ ਦੇ ਅਧਿਕਾਰੀਆਂ ਅਤੇ ਐਮ/ਐਸ ਕੇ.ਐਨ.ਕੇ. ਪ੍ਰਾਈਵੇਟ ਲਿਮਟਿਡ ਦੀ ਟੀਮ ਦੇ ਸਮਰਪਿਤ ਯਤਨਾਂ ਅਤੇ ਪ੍ਰਭਾਵਸ਼ਾਲੀ ਤਾਲਮੇਲ ਸਦਕਾ ਸਫਲਤਾਪੂਰਵਕ ਨੇਪਰੇ ਚੜ੍ਹਿਆ। ਲੋੜੀਂਦੇ ਪ੍ਰਬੰਧ ਕਰਨ ਅਤੇ ਵਿਹਾਰਕ ਸੈਸ਼ਨਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਵਿੱਚ ਉਨ੍ਹਾਂ ਦਾ ਅਹਿਮ ਯੋਗਦਾਨ ਰਿਹਾ।

ਇਹ ਪਹਿਲਕਦਮੀ ਪੰਜਾਬ ਭਰ ਦੇ ਸਰਫੇਸ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਵਾਤਾਵਰਣਕ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ, ਕਰਮਚਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਸੁਰੱਖਿਆ ਤੇ ਐਮਰਜੈਂਸੀ ਲਈ ਤਿਆਰ ਰਹਿਣ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਪ੍ਰਤੀ ਵਿਭਾਗ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਮਾਲੇਰਕੋਟਲਾ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਮੁਹਿੰਮ ਤੇਜ਼; ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਸਫ਼ਾਈ ਕਾਰਜ ਸ਼ੁਰੂ

**ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ ਸੰਵੇਦਨਸ਼ੀਲ ਇਲਾਕਿਆਂ ਵਿੱਚ ਨਾਕਾਬੰਦੀ ਅਤੇ ਤਲਾਸ਼ੀ ਮੁਹਿੰਮ ਲਗਾਤਾਰ ਜਾਰੀ -ਡੀ.ਐਸ.ਪੀ. ਯਾਦਵਿੰਦਰ ਸਿੰਘ**



**ਮਲੇਰਕੋਟਲਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਨੂੰ ਨਸ਼ਿਆਂ ਦੀ ਅਲਾਮਤ ਤੋਂ ਮੁਕਤ ਕਰਨ ਲਈ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਸਾਂਝੇ ਯਤਨ ਤੇਜ਼ ਕਰਦਿਆਂ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਸਫ਼ਾਈ ਮੁਹਿੰਮ ਆਰੰਭੀ ਗਈ ਹੈ। ਇਸ ਤਹਿਤ ਜ਼ਿਲ੍ਹੇ ਦੇ ਸ਼ਨਾਖ਼ਤ ਕੀਤੇ 7 ਹਾਟਸਪਾਟਾਂ ਦੇ ਆਲੇ-ਦੁਆਲੇ ਸੁੰਨਸਾਨ ਥਾਵਾਂ, ਖਾਲੀ ਇਮਾਰਤਾਂ, ਨਹਿਰਾਂ ਅਤੇ ਰਜਵਾਹਿਆਂ ਦੇ ਕੰਢਿਆਂ ਦੀ ਸਾਫ਼-ਸਫ਼ਾਈ ਕਰਵਾਉਣ ਦੇ ਨਾਲ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਸਬੰਧੀ ਡੀ.ਐਸ.ਪੀ. ਯਾਦਵਿੰਦਰ ਸਿੰਘ ਨੇ ਦੱਸਿਆ ਕਿ ਨਸ਼ਿਆਂ ਦੀ ਰੋਕਥਾਮ ਲਈ ਸਿਰਫ਼ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਹੀ ਨਹੀਂ, ਸਗੋਂ ਉਨ੍ਹਾਂ ਸਥਾਨਾਂ ਨੂੰ ਵੀ ਸੁਰੱਖਿਅਤ ਬਣਾਉਣਾ ਜ਼ਰੂਰੀ ਹੈ, ਜਿੱਥੇ ਸੁੰਨਸਾਨ ਮਾਹੌਲ ਕਾਰਨ ਨਸ਼ਿਆਂ ਦੀ ਵਰਤੋਂ ਵਰਗੀਆਂ ਗਤੀਵਿਧੀਆਂ ਦਾ ਖ਼ਦਸ਼ਾ ਰਹਿੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੀਆਂ ਥਾਵਾਂ ਦੀ ਸਫ਼ਾਈ, ਢੁੱਕਵੀਂ ਰੌਸ਼ਨੀ ਅਤੇ ਸੀ.ਸੀ.ਟੀ.ਵੀ. ਨਿਗਰਾਨੀ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਨਸ਼ਾ ਪ੍ਰਭਾਵਿਤ ਇਲਾਕਿਆਂ ਵਿੱਚ ਪੁਲਿਸ ਵੱਲੋਂ ਨਾਕਾਬੰਦੀ, ਅਚਨਚੇਤ ਚੈਕਿੰਗ ਅਤੇ ਤਲਾਸ਼ੀ ਮੁਹਿੰਮਾਂ ਲਗਾਤਾਰ ਜਾਰੀ ਹਨ। ਨਸ਼ਿਆਂ ਦੀ ਸਪਲਾਈ ਚੇਨ ਤੋੜਨ ਅਤੇ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਡੀ.ਐਸ.ਪੀ. ਨੇ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਮਾਰ ਸਿਰਫ਼ ਇੱਕ ਵਿਅਕਤੀ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਪੂਰੇ ਪਰਿਵਾਰ ਦੇ ਸੁਪਨਿਆਂ ਅਤੇ ਭਵਿੱਖ ਨੂੰ ਪ੍ਰਭਾਵਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆਏ ਨੌਜਵਾਨਾਂ ਨੂੰ ਨਫ਼ਰਤ ਜਾਂ ਤਿਰਸਕਾਰ ਦੀ ਬਜਾਏ ਸਹੀ ਸੇਧ, ਇਲਾਜ ਅਤੇ ਪਰਿਵਾਰਕ ਸਹਾਰੇ ਦੀ ਲੋੜ ਹੈ। ਸਾਡਾ ਉਦੇਸ਼ ਨਸ਼ਾ ਤਸਕਰੀ ਨੂੰ ਰੋਕਣ ਦੇ ਨਾਲ ਨਸ਼ਾ ਪੀੜਤਾਂ ਨੂੰ ਸਿਹਤਮੰਦ ਜੀਵਨ ਵੱਲ ਪਰਤਣ ਲਈ ਉਤਸ਼ਾਹਿਤ ਕਰਨਾ ਵੀ ਹੈ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ, ਨਗਰ ਕੌਂਸਲਾਂ, ਪੰਚਾਇਤੀ ਰਾਜ ਸੰਸਥਾਵਾਂ ਅਤੇ ਹੋਰ ਵਿਭਾਗਾਂ ਦੇ ਸਹਿਯੋਗ ਨਾਲ ਨਸ਼ਾ ਵਿਰੋਧੀ ਕਾਰਜ ਯੋਜਨਾ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਅਤੇ ਨਸ਼ਾ ਪੀੜਤਾਂ ਨੂੰ ਇਲਾਜ ਲਈ ਪ੍ਰੇਰਿਤ ਕਰਨ।

ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਦੀ ਚੌਕਸੀ ਦੇ ਨਾਲ ਹਰ ਪਰਿਵਾਰ ਦੀ ਜਾਗਰੂਕਤਾ ਅਤੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਬੇਹੱਦ ਜ਼ਰੂਰੀ ਹੈ।

# ਮਹਿਲਾ ਕਰਮਚਾਰੀਆਂ ਨੂੰ ਇਨਸਾਫ ਦਿੱਤਾ ਜਾਵੇ : ਕਰਨ ਸਿੰਘ ਰਾਣਾ



**ਰੂਪਨਗਰ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿਛਲੇ ਤਿੰਨ ਹਫਤਿਆਂ ਤੋਂ ਰੈਲ ਮਾਜਰਾ ਸਥਿਤ ਇੱਕ ਨਿੱਜੀ ਯੂਨੀਵਰਸਿਟੀ ਵੱਲੋਂ ਕੀਤੇ ਗਏ ਮਹਿਲਾ ਸ਼ੋਸ਼ਣ ਤੇ ਧੱਕੇਸ਼ਾਹੀ ਵਿਰੁੱਧ ਦੋ ਕਰਮਚਾਰੀ ਰੋਸ ਵਜੋਂ ਯੂਨੀਵਰਸਟੀ ਦੇ ਗੇਟ ਤੇ ਬੈਠੇ ਹਨ। ਇਹਨਾਂ ਮਹਿਲਾ ਕਰਮਚਾਰੀਆਂ ਨੂੰ ਵੱਖ ਵੱਖ ਇਨਸਾਫ ਪਸੰਦ ਜਥੇਬੰਦੀ ਦੇ ਆਗੂ ਅੱਜ ਮਿਲਣ ਲਈ ਪੁੱਜੇ।

ਇਸ ਮੌਕੇ ਮਹਿਲਾ ਕਰਮਚਾਰੀਆਂ ਨੇ ਜਥੇਬੰਦੀਆਂ ਦੇ ਆਗੂਆਂ ਨੂੰ ਆਪਣਾ ਦੁਖੜਾ ਸੁਣਾਉਂਦੇ ਹੋਏ ਦੱਸਿਆ ਕਿ ਯੂਨੀਵਰਸਿਟੀ ਦੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਸਰੀਰਕ ਸ਼ੋਸ਼ਣ ਕਰਨ ਦਾ ਕੋਝਾ ਯਤਨ ਹੀ ਨਹੀਂ ਹੋਇਆ ਬਲਕਿ ਹੋਰ ਅਨੇਕਾਂ ਸ਼ੋਸ਼ਣ ਅਤੇ ਦਬਾਅ ਦੇ ਹੱਥ ਕੰਡੇ ਵਰਤੇ ਗਏ। ਜਿਸ ਦੀ ਸ਼ਿਕਾਇਤ ਪੰਜਾਬ ਸਰਕਾਰ ਦੇ ਸਬੰਧਤ ਵਿਭਾਗ ਨੂੰ ਕੀਤੀ ਗਈ ਸੀ। ਔਰਤ ਕਰਮਚਾਰੀ ਰਤਨ ਕੌਰ ਨੇ ਦੱਸਿਆ ਕਿ ਜ਼ਿਲਾ ਪੁਲਿਸ ਅਤੇ ਜ਼ਿਲਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੇ ਸਾਡੀ ਸ਼ਿਕਾਇਤ ਦੀ ਪੜਤਾਲ ਕੀਤੀ ਹੈ ।ਅਸੀਂ ਸਾਰੇ ਸਬੂਤ ਪੜਤਾਲੀਆ ਅਧਿਕਾਰੀਆਂ ਨੂੰ ਦੇ ਦਿੱਤੇ ਹਨ ਪਰ ਅਜੇ ਤੱਕ ਕਥਤ ਦੋਸ਼ੀਆਂ ਖਿਲਾਫ ਕਾਰਵਾਈ ਨਹੀਂ ਹੋਈ। ਇਸ ਮੌਕੇ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਨੇ ਜਿਲਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨਿਰਪੱਖ ਜਾਂਚ ਤੁਰੰਤ ਮੁਕੰਮਲ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਅੱਜ ਵੱਖ-ਵੱਖ ਆਗੂਆਂ, ਸਾਥੀ ਮੋਹਨ ਸਿੰਘ ਧਮਾਣਾ, ਗੁਰਨੈਬ ਸਿੰਘ, ਸ਼ਮਸ਼ੇਰ ਸਿੰਘ, ਸੰਤੋਖ ਸਿੰਘ, ਧਰਮਪਾਲ ਭਾਰਥਲਾ, ਕਰਨੈਲ ਸਿੰਘ ਭੱਲਾ ਸਤਪਾਲ ਆਦਿ ਆਗੂਆਂ ਨੇ ਪੀੜਤ ਮਹਿਲਾ ਕਰਮਚਾਰੀਆਂ ਨੂੰ ਇਨਸਾਫ ਲੈਣ ਲਈ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ.।

# ਵਾਰਡ ਨੰਬਰ 38 ਵਿੱਚ ਸੜਕਾਂ ਦੇ ਨਿਰਮਾਣ ਦਾ ਕੰਮ ਜ਼ੋਰਾਂ 'ਤੇ : ਹਰਪਾਲ ਜੁਨੇਜਾ



**ਪਟਿਆਲਾ, 17 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੱਜ ਹਲਕਾ ਪਟਿਆਲਾ ਦੇ ਵਾਰਡ ਨੰਬਰ 38 ਵਿੱਚ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਇਲਾਕਾ ਨਿਵਾਸੀਆਂ ਨੂੰ ਬਿਹਤਰ ਸੜਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਵੱਖ-ਵੱਖ ਇਲਾਕਿਆਂ ਦੀਆਂ ਸੜਕਾਂ ਨੂੰ ਨਵਾਂ ਰੂਪ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਹਰਪਾਲ ਜੁਨੇਜਾ ਨੇ ਦੱਸਿਆ ਕਿ ਵਾਰਡ ਨੰਬਰ 38 ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਰੋਜ਼ ਐਵਨਿਊ, ਸ਼੍ਰੀ ਗੁਰੂ ਤੇਗ ਬਹਾਦਰ ਕਲੋਨੀ, ਮਾਲਵਾ ਕਲੋਨੀ ਅਤੇ ਮੇਨ ਰੋਡਾਂ ਅਤੇ ਵਾਰਡ ਦੀਆਂ ਹੋਰ ਸਾਰੀਆਂ ਸੜਕਾਂ ਦੇ ਨਿਰਮਾਣ ਅਤੇ ਮੁਰੰਮਤ ਦੇ ਕੰਮ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਸੜਕਾਂ ਨੂੰ ਬਿਹਤਰ ਬਣਾਉਣਾ ਲੋਕਾਂ ਦੀ ਇੱਕ ਅਹਿਮ ਲੋੜ ਹੈ। ਸੜਕਾਂ ਦੀ ਹਾਲਤ ਵਿੱਚ ਸੁਧਾਰ ਆਉਣ ਨਾਲ ਜਿੱਥੇ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਹੀ ਇਲਾਕਾ ਨਿਵਾਸੀਆਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੀ ਵੱਡੀ ਸਹੂਲਤ ਮਿਲੇਗੀ।

ਹਰਪਾਲ ਜੁਨੇਜਾ ਨੇ ਵਾਰਡ ਵਾਸੀਆਂ ਨੂੰ ਭਰੋਸਾ ਦਿਤਾ ਕੇ ਵਾਰਡ ਨੰਬਰ 38 ਦੀਆਂ ਸਾਰੀਆਂ ਸੜਕਾਂ ਦੇ ਕੰਮ ਨੂੰ ਇਸੇ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗਤੀ ਨੂੰ ਬਰਕਰਾਰ ਰੱਖਦਿਆਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਾਰਡ ਦਾ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਮੇਰੀ ਮੁੱਖ ਤਰਜੀਹ ਹੈ। ਇਲਾਕੇ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਦੌਰਾਨ ਸਹਿਯੋਗ ਦੇਣ, ਤਾਂ ਜੋ ਸਾਰੇ ਕੰਮ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਪੂਰੇ ਕੀਤੇ ਜਾ ਸਕਣ।

# ਪਰਮਿੰਦਰ ਸਿੰਘ ਢੀਂਡਸਾ ਨੂੰ ਝਟਕਾ; ਪਿੰਡ ਮਨਿਆਣਾ ਦੇ ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ



**ਮੂਨਕ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਲਹਿਰਾ ਦੇ ਪਿੰਡ ਮਨਿਆਣਾ ਵਿੱਚ ਪਰਮਿੰਦਰ ਸਿੰਘ ਢੀਂਡਸਾ ਨੂੰ ਸਿਆਸੀ ਝਟਕਾ ਲੱਗਿਆ ਹੈ। ਢੀਂਡਸਾ ਪਰਿਵਾਰ ਦੇ ਨਜ਼ਦੀਕੀ ਰਹੇ ਜਗਤਾਰ ਸਿੰਘ, ਮਨਦੀਪ ਸਿੰਘ ਅਤੇ ਜੱਜ ਸਿੰਘ ਸਮੇਤ ਕਈ ਪਰਿਵਾਰਾਂ ਨੇ ਉਨ੍ਹਾਂ ਦਾ ਸਾਥ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਨਾਲ ਜੁੜਨ ਵਾਲਾ ਹਰ ਵਿਅਕਤੀ ਉਨ੍ਹਾਂ ਲਈ ਅਹਿਮ ਹੈ ਅਤੇ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਹਲਕੇ ਦੀ ਬਿਹਤਰੀ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੇ ਤਜਰਬੇ ਅਤੇ ਸਹਿਯੋਗ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਲਹਿਰਾ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ, ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਦੀਆਂ ਸਾਂਝੀਆਂ ਲੋੜਾਂ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਦੇ ਹੱਲ ਲਈ ਤਾਲਮੇਲ ਨਾਲ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦਿੱਤੀ ਜਾ ਸਕਦੀ ਹੈ।

ਉਨ੍ਹਾਂ ਦੁਹਰਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਦੇ ਮਾਣ-ਸਨਮਾਨ ਦਾ ਪੂਰਾ ਧਿਆਨ ਰੱਖਿਆ ਜਾਵੇਗਾ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਤੇ ਲੋਕ ਸੇਵਾ ਦੇ ਕਾਰਜਾਂ ਵਿੱਚ ਨਾਲ ਲੈ ਕੇ ਚੱਲਿਆ ਜਾਵੇਗੀ।

# ਮੋਰਿੰਡਾ ਵਿੱਚ ਪ੍ਰਾਪਰਟੀ ਵਿਵਾਦ ਨੂੰ ਲੈ ਕੇ ਚੱਲੀਆਂ ਗੋਲੀਆਂ ਵਾਰਡ ਦੇ ਮੌਜੂਦਾ ਐਮ,ਸੀ ਤੇ ਜਾਨਲੇਵਾ ਹਮਲਾ; ਗੱਡੀ ਦੀ ਕੀਤੀ ਭੰਨ ਤੋੜ

**ਮੋਰਿੰਡਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਜਦੀਕੀ ਪਿੰਡ ਬਲਦੇਵ ਨਗਰ ਸਰਹਿੰਦ ਬਾਈਪਾਸ ਨੇੜੇ ਸਥਿਤ ਇਕ ਕਲੋਨੀ ਵਿੱਚ ਦੁਕਾਨਾਂ ਦੀ ਮਾਲਕੀ ਅਤੇ ਪ੍ਰਾਪਰਟੀ ਦੇ ਵਿਵਾਦ ਨੂੰ ਲੈ ਕੇ ਗੋਲੀਬਾਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਵਿੱਚ ਮੋਰਿੰਡਾ ਦੇ ਵਾਰਡ ਨੰਬਰ 6 ਦੇ ਮੌਜੂਦਾ ਕੌਂਸਲਰ ਮਨਦੀਪ ਸਿੰਘ ਬਾਜਵਾ ਨੇ ਆਪਣੇ ਕੁਝ ਸਾਥੀ ਪ੍ਰਾਪਰਟੀ ਕਾਰੋਬਾਰੀਆਂ ਅਤੇ ਹੋਰ ਵਿਅਕਤੀਆਂ 'ਤੇ ਉਸ ਨੂੰ ਘੇਰ ਕੇ ਕੁੱਟਮਾਰ ਕਰਨ, ਹਾਕੀ ਨਾਲ ਹਮਲਾ ਕਰਨ, ਗੋਲੀਆਂ ਚਲਾਉਣ ਅਤੇ ਗੱਡੀ ਚੜ੍ਹਾ ਕੇ ਜਾਨੋਂ ਮਾਰਨ ਦੀ ਕੋਸ਼ਿਸ਼ ਕਰਨ ਦੇ ਗੰਭੀਰ ਦੋਸ਼ ਲਗਾਏ ਹਨ।

ਪੁਲਿਸ ਨੇ ਮਨਦੀਪ ਸਿੰਘ ਬਾਜਵਾ ਦੀ ਸ਼ਿਕਾਇਤ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਇਸ ਸਬੰਧੀ ਐਸਐਚ ਓ ਸਿਟੀ ਮੋਰਿੰਡਾ ਇੰਸਪੈਕਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਦਿੱਤੇ ਬਿਆਨ ਵਿੱਚ ਮਨਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਉਹ ਪ੍ਰਾਪਰਟੀ ਖਰੀਦਣ ਅਤੇ ਵੇਚਣ ਦਾ ਕਾਰੋਬਾਰ ਕਰਦਾ ਹੈ। ਉਸ ਨੇ ਆਪਣੇ ਸਾਥੀ ਪਰਮਿੰਦਰ ਸਿੰਘ ਅਤੇ ਖਰੜ, ਮੋਹਾਲੀ ਦੇ ਰਹਿਣ ਵਾਲੇ ਕੁਝ ਹੋਰ ਵਿਅਕਤੀਆਂ ਨਾਲ ਮਿਲ ਕੇ ਮੋਰਿੰਡਾ-ਸਰਹਿੰਦ ਬਾਈਪਾਸ ਨੇੜੇ ਬਲਦੇਵ ਨਗਰ ਵਿੱਚ ਇਕ ਕਲੋਨੀ ਕੱਟੀ ਹੋਈ ਹੈ, ਜਿਸ ਵਿੱਚ ਕੁੱਲ 30 ਦੁਕਾਨਾਂ ਹਨ। ਇਨ੍ਹਾਂ ਵਿੱਚੋਂ 15 ਦੁਕਾਨਾਂ ਉਸ ਦੀਆਂ ਅਤੇ ਉਸ ਦੇ ਸਾਥੀ ਦੀਆਂ ਹਨ, ਜਦਕਿ ਬਾਕੀ 15 ਦੁਕਾਨਾਂ ਹੋਰਨਾਂ ਭਾਈਵਾਲਾਂ ਦੀਆਂ ਹਨ। ਉਸ ਅਨੁਸਾਰ ਦੁਕਾਨਾਂ ਦੀ ਵੰਡ ਆਪਸੀ ਸਹਿਮਤੀ ਨਾਲ ਹੋ ਚੁੱਕੀ ਸੀ।



ਮਨਦੀਪ ਸਿੰਘ ਬਾਜਵਾ ਨੇ ਦੋਸ਼ ਲਾਇਆ ਕਿ ਕੁਝ ਦਿਨ ਪਹਿਲਾਂ ਉਸ ਦੀ ਜਾਣਕਾਰੀ ਤੋਂ ਬਿਨਾਂ ਦੋ ਭਾਈਵਾਲਾਂ ਨੇ ਕਥਿਤ ਤੌਰ 'ਤੇ ਸਾਂਝ-ਭਿਆਲੀ ਕਰਕੇ ਅੱਠ ਦੁਕਾਨਾਂ ਨੂੰ ਛੱਡ ਕੇ ਬਾਕੀ ਦੁਕਾਨਾਂ 'ਤੇ ਆਪਣੇ ਨਾਂ ਅਤੇ ਮੋਬਾਈਲ ਨੰਬਰ ਲਿਖਵਾ ਦਿੱਤੇ। ਇਸ ਬਾਰੇ ਪਤਾ ਲੱਗਣ 'ਤੇ ਉਸ ਨੇ ਫੋਨ ਰਾਹੀਂ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਮਾਮਲਾ ਹੱਲ ਨਹੀਂ ਹੋਇਆ।

ਮਨਦੀਪ ਸਿੰਘ ਬਾਜਵਾ ਅਨੁਸਾਰ 14 ਅਕਤੂਬਰ ਨੂੰ ਉਸ ਨੂੰ ਵਿਕਰਮ ਸਿੰਘ ਗਰੇਵਾਲ ਦਾ ਫੋਨ ਆਇਆ ਅਤੇ ਕਲੋਨੀ ਵਿੱਚ ਆ ਕੇ ਹਿਸਾਬ-ਕਿਤਾਬ ਕਰਨ ਲਈ ਕਿਹਾ ਗਿਆ। ਇਸ ਤੋਂ ਬਾਅਦ ਉਹ ਬਲਦੇਵ ਨਗਰ ਸਥਿਤ ਕਲੋਨੀ ਵਿੱਚ ਪਹੁੰਚ ਗਿਆ, ਜਿੱਥੇ ਜਸਵਿੰਦਰ ਸਿੰਘ, ਵਿਕਰਮ ਸਿੰਘ ਗਰੇਵਾਲ, ਪ੍ਰੀਤ ਅਤੇ ਇਕ ਹੋਰ ਅਣਪਛਾਤਾ ਵਿਅਕਤੀ ਮੌਜੂਦ ਸਨ। ਉਸ ਨੇ ਦੋਸ਼ ਲਾਇਆ ਕਿ ਉੱਥੇ ਪਹੁੰਚਣ ਤੋਂ ਬਾਅਦ ਉਸ ਨਾਲ ਗਾਲੀ-ਗਲੋਚ ਕੀਤੀ ਗਈ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ।

ਸ਼ਿਕਾਇਤ ਅਨੁਸਾਰ ਦੁਪਹਿਰ ਕਰੀਬ 3.15 ਵਜੇ ਉਕਤ ਵਿਅਕਤੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ, ਜਿਸ ਦੌਰਾਨ ਉਸ ਦੀ ਪੱਗ ਵੀ ਉਤਰ ਗਈ। ਇਸ ਤੋਂ ਬਾਅਦ ਜਸਵਿੰਦਰ ਸਿੰਘ ਵੱਲੋਂ ਕਥਿਤ ਤੌਰ 'ਤੇ ਗੱਡੀ ਵਿੱਚੋਂ ਹਾਕੀ ਕੱਢ ਕੇ ਉਸ ਦੇ ਸਿਰ 'ਤੇ ਵਾਰ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਸ ਨੇ ਬਚਾਅ ਲਈ ਖੱਬਾ ਹੱਥ ਅੱਗੇ ਕੀਤਾ, ਜਿਸ ਕਾਰਨ ਹਾਕੀ ਦਾ ਵਾਰ ਉਸ ਦੀ ਹਥੇਲੀ 'ਤੇ ਲੱਗਿਆ।

ਮਨਦੀਪ ਸਿੰਘ ਬਾਜਵਾ ਨੇ ਅੱਗੇ ਦੋਸ਼ ਲਾਇਆ ਕਿ ਇਸ ਦੌਰਾਨ ਪ੍ਰੀਤ ਅਤੇ ਜਸਵਿੰਦਰ ਸਿੰਘ ਪਿਸਤੌਲ ਲੈ ਕੇ ਆ ਗਏ ਅਤੇ ਉਸ ਨੂੰ ਨਿਸ਼ਾਨਾ ਬਣਾਉਂਦੇ ਹੋਏ 7-8 ਫਾਇਰ ਕੀਤੇ। ਉਹ ਆਪਣੀ ਜਾਨ ਬਚਾਉਣ ਲਈ ਖੇਤਾਂ ਵੱਲ ਭੱਜਿਆ ਤਾਂ ਇਕ ਗੋਲੀ ਉਸ ਦੇ ਕੰਨ ਦੇ ਨੇੜਿਓਂ ਲੰਘ ਗਈ। ਉਸ ਨੇ ਇਹ ਵੀ ਦੋਸ਼ ਲਾਇਆ ਕਿ ਕੁਝ ਹੋਰ ਵਿਅਕਤੀਆਂ ਨੇ ਫੋਰਚੂਨਰ ਗੱਡੀ ਰਾਹੀਂ ਉਸ ਦਾ ਪਿੱਛਾ ਕੀਤਾ ਅਤੇ ਉਸ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਕੀਤੀ।

ਸ਼ਿਕਾਇਤਕਰਤਾ ਮੁਤਾਬਕ ਭੱਜਦੇ ਹੋਏ ਉਹ ਬਲਦੇਵ ਨਗਰ ਦੇ ਵਸਨੀਕ ਕਸ਼ਮੀਰ ਚੰਦ ਦੇ ਘਰ ਦੇ ਸਾਹਮਣੇ ਡਿੱਗ ਪਿਆ। ਕਸ਼ਮੀਰ ਚੰਦ ਨੇ ਉਸ ਨੂੰ ਬਾਂਹ ਤੋਂ ਫੜ ਕੇ ਆਪਣੇ ਘਰ ਅੰਦਰ ਲਿਜਾ ਕੇ ਬਚਾਇਆ। ਉਸ ਨੇ ਦਾਅਵਾ ਕੀਤਾ ਕਿ ਇਸ ਦੌਰਾਨ ਘਰ ਦੇ ਬਾਹਰ ਵੀ ਗੋਲੀ ਚਲਾਈ ਗਈ, ਜੋ ਸਾਹਮਣੇ ਵਾਲੇ ਮਕਾਨ ਦੀ ਕੰਧ 'ਤੇ ਲੱਗੀ। ਉਸ ਦੇ ਰੌਲਾ ਪਾਉਣ 'ਤੇ ਪਿੰਡ ਦੇ ਲੋਕ ਇਕੱਠੇ ਹੋ ਗਏ, ਜਿਸ ਕਾਰਨ ਉਸ ਦੀ ਜਾਨ ਬਚ ਸਕੀ।

ਕੌਂਸਲਰ ਮਨਦੀਪ ਸਿੰਘ ਬਾਜਵਾ ਨੇ ਇਹ ਵੀ ਦੋਸ਼ ਲਾਇਆ ਕਿ ਹਮਲਾਵਰਾਂ ਨੇ ਕਲੋਨੀ ਵਿੱਚ ਖੜ੍ਹੀ ਉਸ ਦੀ ਰੁਬੀਕਨ ਗੱਡੀ ਅਤੇ ਇਕ ਥਾਰ ਦੇ ਸ਼ੀਸ਼ੇ ਤੋੜ ਦਿੱਤੇ। ਉਸ ਅਨੁਸਾਰ ਮੁਲਜ਼ਮ ਦੋ ਫੋਰਚੂਨਰ ਅਤੇ ਇਕ ਕਾਲੀ ਸਕਾਰਪੀਓ-ਐੱਨ ਸਮੇਤ ਮੌਕੇ ਤੋਂ ਫਰਾਰ ਹੋ ਗਏ। ਉਸ ਨੇ ਇਹ ਵੀ ਦੱਸਿਆ ਕਿ ਗੋਲੀਬਾਰੀ ਦੌਰਾਨ ਕਥਿਤ ਤੌਰ 'ਤੇ ਹਮਲਾਵਰਾਂ ਦੇ ਆਪਣੇ ਇਕ ਸਾਥੀ ਨੂੰ ਵੀ ਗੋਲੀ ਲੱਗਣ ਬਾਰੇ ਬਾਅਦ ਵਿੱਚ ਪਤਾ ਲੱਗਾ।ਘਟਨਾ ਵਿੱਚ ਸੱਟਾਂ ਲੱਗਣ ਤੋਂ ਬਾਅਦ ਉਸ ਦੇ ਦੋਸਤ ਰਾਹੁਲ ਸ਼ਰਮਾ ਨੇ ਉਸ ਨੂੰ ਇਲਾਜ ਲਈ ਸੀ.ਐੱਚ.ਸੀ. ਮੋਰਿੰਡਾ ਵਿਖੇ ਦਾਖਲ ਕਰਵਾਇਆ। ਇਲਾਜ ਤੋਂ ਬਾਅਦ ਉਸ ਨੇ ਥਾਣਾ ਸਿਟੀ ਮੋਰਿੰਡਾ ਪਹੁੰਚ ਕੇ ਪੁਲਿਸ ਨੂੰ ਬਿਆਨ ਦਰਜ ਕਰਵਾਇਆ ਜਿਸ ਦੇ ਚਲਦੇ ਪੁਲਿਸ ਵੱਲੋਂ ਜਸਵਿੰਦਰ ਸਿੰਘ, ਵਿਕਰਮ ਸਿੰਘ ਗਰੇਵਾਲ, ਪ੍ਰੀਤ, ਇਕ ਅਣਪਛਾਤੇ ਸਰਦਾਰ ਵਿਅਕਤੀ ਅਤੇ 4-5 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਦੀਆਂ ਵੱਖ-ਵੱਖ ਧਾਰਾਵਾਂ ਅਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਪੰਜਾਬ ਸਰਕਾਰ ਨੇ 2.45 ਕਰੋੜ ਤੋਂ ਵੱਧ ਸੈਨੇਟਰੀ ਪੈਡ ਵੰਡੇ ਗਏ, 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਮਿਲਿਆ ਲਾਭ

# ਪੰਜਾਬ ਸਰਕਾਰ ਨੇ 9.75 ਕਰੋੜ ਰੁਪਏ ਦੀ ਮੁਫ਼ਤ ਸੈਨੇਟਰੀ ਪੈਡ ਯੋਜਨਾ ਰਾਹੀਂ ਮਹਿਲਾਵਾਂ ਦੀ ਮਾਹਵਾਰੀ ਸਿਹਤ ਅਤੇ ਸਨਮਾਨ ਨੂੰ ਦਿੱਤਾ ਮਜ਼ਬੂਤ ਸਹਾਰਾ: ਡਾ. ਬਲਜੀਤ ਕੌਰ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਹਿਲਾ-ਕੇਂਦਰਿਤ ਭਲਾਈ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਦੀਆਂ ਮਹਿਲਾਵਾਂ ਵਿੱਚ ਮਾਹਵਾਰੀ ਸਿਹਤ, ਸਫ਼ਾਈ ਅਤੇ ਸਨਮਾਨ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਇਸ ਪਹਿਲ ਦਾ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਵੰਚਿਤ ਵਰਗਾਂ ਨਾਲ ਸਬੰਧਤ ਮਹਿਲਾਵਾਂ ਲਈ ਜ਼ਰੂਰੀ ਸਿਹਤ ਸਹੂਲਤਾਂ ਨੂੰ ਹੋਰ ਸੁਗਮ ਬਣਾਉਣਾ ਹੈ।

ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਵਿੱਤੀ ਵਰ੍ਹੇ ਦੌਰਾਨ ਸੂਬਾ ਸਰਕਾਰ ਵੱਲੋਂ ਲਗਭਗ 9.75 ਕਰੋੜ ਰੁਪਏ ਦੀ ਲਾਗਤ ਨਾਲ 2.45 ਕਰੋੜ ਤੋਂ ਵੱਧ ਸੈਨੇਟਰੀ ਪੈਡ ਮੁਫ਼ਤ ਵੰਡੇ ਗਏ ਹਨ, ਜਿਸ ਨਾਲ ਪੰਜਾਬ ਭਰ ਦੀਆਂ 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਲਾਭ ਮਿਲਿਆ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੁਰੱਖਿਅਤ ਮਾਹਵਾਰੀ ਸਫ਼ਾਈ ਉਤਪਾਦਾਂ ਤੱਕ ਪਹੁੰਚ ਸਿਰਫ਼ ਸਿਹਤ ਦੀ ਲੋੜ ਹੀ ਨਹੀਂ, ਸਗੋਂ ਮਹਿਲਾਵਾਂ ਦੇ ਸਨਮਾਨ, ਆਤਮ-ਵਿਸ਼ਵਾਸ ਅਤੇ ਸਸ਼ਕਤੀਕਰਨ ਨਾਲ ਵੀ ਜੁੜਿਆ ਮਾਮਲਾ ਹੈ। ਉਨ੍ਹਾਂ ਕਿਹਾ ਕਿ ਇਸ



ਪਹਿਲਕਦਮੀ ਨਾਲ ਮਾਹਵਾਰੀ ਸਫ਼ਾਈ ਸਬੰਧੀ ਜਾਗਰੂਕਤਾ ਵਿੱਚ ਵਾਧਾ ਹੋਇਆ ਹੈ ਅਤੇ ਵੰਚਿਤ ਪਿਛੋਕੜ ਵਾਲੀਆਂ ਮਹਿਲਾਵਾਂ 'ਤੇ ਪੈਣ ਵਾਲਾ ਆਰਥਿਕ ਬੋਝ ਵੀ ਘਟਿਆ ਹੈ, ਜਿਸ ਨਾਲ ਉਹ ਹੋਰ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਬਤੀਤ ਕਰ ਰਹੀਆਂ ਹਨ।

ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ 'ਨਵੀਂ ਦਿਸ਼ਾ' ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਸੂਬੇ ਦੇ 27,314 ਆਂਗਣਵਾੜੀ ਕੇਂਦਰਾਂ ਰਾਹੀਂ ਹਰ ਮਹੀਨੇ 9 ਸੈਨੇਟਰੀ ਪੈਡ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ। ਇਹ ਵਿਸ਼ਾਲ ਵੰਡ ਪ੍ਰਣਾਲੀ ਖ਼ਾਸ ਕਰਕੇ ਪੇਂਡੂ ਅਤੇ ਪਿੱਛੜੇ ਖੇਤਰਾਂ ਵਿੱਚ ਮਾਹਵਾਰੀ ਸਫ਼ਾਈ ਉਤਪਾਦਾਂ ਦੀ ਨਿਯਮਤ ਉਪਲਬਧਤਾ ਯਕੀਨੀ ਬਣਾ ਰਹੀ ਹੈ।

ਯੋਜਨਾ ਦੇ ਵਿਆਪਕ ਸਮਾਜਿਕ ਪ੍ਰਭਾਵ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਪਹਿਲ ਮਾਹਵਾਰੀ ਨਾਲ ਜੁੜੀਆਂ ਰੂੜ੍ਹੀਵਾਦੀ ਧਾਰਨਾਵਾਂ ਅਤੇ ਗਲਤਫ਼ਹਿਮੀਆਂ ਨੂੰ ਦੂਰ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ। ਇਸ ਰਾਹੀਂ ਖੁੱਲ੍ਹੀ ਗੱਲਬਾਤ ਨੂੰ ਉਤਸ਼ਾਹ ਮਿਲ ਰਿਹਾ ਹੈ, ਜਾਗਰੂਕਤਾ ਵਧ ਰਹੀ ਹੈ ਅਤੇ ਮਹਿਲਾਵਾਂ ਤੇ ਕਿਸ਼ੋਰੀਆਂ ਵਿੱਚ ਸਿਹਤਮੰਦ ਸਫ਼ਾਈ ਅਭਿਆਸਾਂ ਨੂੰ ਪ੍ਰੋਤਸਾਹਨ ਮਿਲ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਹਰ ਮਹਿਲਾ ਨੂੰ, ਉਸ ਦੀ ਸਮਾਜਿਕ-ਆਰਥਿਕ ਪਿਛੋਕੜ ਤੋਂ ਇਲਾਵਾ, ਜ਼ਰੂਰੀ ਸਿਹਤ ਅਤੇ ਸਫ਼ਾਈ ਸਹੂਲਤਾਂ ਪ੍ਰਾਪਤ ਹੋਣ। ਉਨ੍ਹਾਂ ਕਿਹਾ, ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਮਹਿਲਾ ਆਰਥਿਕ ਤੰਗੀ ਕਾਰਨ ਬੁਨਿਆਦੀ ਮਾਹਵਾਰੀ ਸਫ਼ਾਈ ਉਤਪਾਦਾਂ ਤੋਂ ਵਾਂਝੀ ਨਾ ਰਹੇ। ਸਿਹਤਮੰਦ ਮਹਿਲਾ ਹੀ ਸਿਹਤਮੰਦ ਪਰਿਵਾਰ ਦੀ ਨੀਂਹ ਰੱਖਦੀ ਹੈ ਅਤੇ ਸਿਹਤਮੰਦ ਪਰਿਵਾਰ ਮਜ਼ਬੂਤ ਤੇ ਖੁਸ਼ਹਾਲ ਪੰਜਾਬ ਦਾ ਆਧਾਰ ਬਣਦਾ ਹੈ।

ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਦੀ ਸਿਹਤ, ਸਨਮਾਨ ਅਤੇ ਸਮੁੱਚੀ ਭਲਾਈ ਦੀ ਰੱਖਿਆ ਕਰਨ ਲਈ ਅਗਾਂਹਵਧੂ, ਲੋਕ-ਕੇਂਦਰਿਤ ਅਤੇ ਮਹਿਲਾ-ਕੇਂਦਰਿਤ ਪਹਿਲਕਦਮੀਆਂ ਨੂੰ ਲਗਾਤਾਰ ਲਾਗੂ ਕਰਦੀ ਰਹੇਗੀ ਅਤੇ ਹੋਰ ਸਮਾਵੇਸ਼ੀ ਤੇ ਸਸ਼ਕਤ ਪੰਜਾਬ ਦੀ ਉਸਾਰੀ ਲਈ ਨਿਰੰਤਰ ਯਤਨਸ਼ੀਲ ਰਹੇਗੀ।

## ਸਿਟੀ ਮੀਡੀਆ ਪ੍ਰੈਸ ਕਲੱਬ ਨੇ ਦਿੱਲੀ ਪੁਲਿਸ ਵੱਲੋਂ ਪੱਤਰਕਾਰਾਂ ਨੂੰ ਕਵਰੇਜ ਤੋਂ ਰੋਕਣ ਅਤੇ ਕਥਿਤ ਕੁੱਟਮਾਰ ਕਰਨ ਦੀ ਕੀਤੀ ਸਖ਼ਤ ਨਿੰਦਾ



**ਸੁਨਾਮ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਟੀ ਮੀਡੀਆ ਪ੍ਰੈਸ ਕਲੱਬ ਸੁਨਾਮ ਊਧਮ ਸਿੰਘ ਵਾਲਾ ਦੇ ਪ੍ਰਧਾਨ ਤਰੁਣ ਬਾਂਸਲ ਅਤੇ ਸੀਨੀਅਰ ਪੱਤਰਕਾਰ ਅਰੁਣ ਬਾਂਸਲ ਨੇ ਦਿੱਲੀ ਪੁਲਿਸ ਵੱਲੋਂ ਪੱਤਰਕਾਰਾਂ ਨੂੰ ਕਵਰੇਜ ਦੌਰਾਨ ਰੋਕਣ, ਉਨ੍ਹਾਂ ਨਾਲ ਕਥਿਤ ਕੁੱਟਮਾਰ ਕਰਨ ਅਤੇ ਮਹਿਲਾ ਪੱਤਰਕਾਰਾਂ ਨਾਲ ਹੱਥੋਪਾਈ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਕਲੱਬ ਦੇ ਸਮੂਹ ਮੈਂਬਰਾਂ ਨੇ ਵੀ ਇਸ ਮਾਮਲੇ 'ਤੇ ਰੋਸ ਪ੍ਰਗਟ ਕਰਦਿਆਂ ਦਿੱਲੀ ਪੁਲਿਸ ਦੀ ਕਾਰਵਾਈ ਦੀ ਸਖਤ ਨਿਖੇਧੀ ਕੀਤੀ ਹੈ।

ਸਿਟੀ ਮੀਡੀਆ ਪ੍ਰੈਸ ਕਲੱਬ ਪ੍ਰਧਾਨ ਤਰੁਣ ਬਾਂਸਲ ਨੇ ਕਿਹਾ ਕਿ ਪੱਤਰਕਾਰ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਲੋਕਾਂ ਤੱਕ ਸਹੀ ਜਾਣਕਾਰੀ ਪਹੁੰਚਾਉਣ ਦਾ ਕੰਮ ਕਰਦੇ ਹਨ ਅਤੇ ਅਜਿਹੀ ਸਥਿਤੀ ਵਿੱਚ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਭਾਉਣ ਤੋਂ ਰੋਕਣ ਅਤੇ ਉਨ੍ਹਾਂ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਕਰਨ ਦੀਆਂ ਘਟਨਾਵਾਂ ਚਿੰਤਾ ਦਾ ਵਿਸ਼ਾ ਹਨ।

ਉਨ੍ਹਾਂ ਕਿਹਾ ਕਿ ਮੀਡੀਆ ਕਰਮੀਆਂ ਨੂੰ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਆਪਣਾ ਪੇਸ਼ੇਵਰ ਫਰਜ਼ ਨਿਭਾਉਣ ਲਈ ਢੁਕਵਾਂ ਮਾਹੌਲ ਮਿਲਣਾ ਚਾਹੀਦਾ ਹੈ।

ਕਲੱਬ ਆਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੀ ਸੁਰੱਖਿਆ, ਪ੍ਰੈੱਸ ਦੀ ਆਜ਼ਾਦੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਉਮੀਦ ਜਤਾਈ ਕਿ ਸਬੰਧਤ ਅਧਿਕਾਰੀ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਨਿਰਪੱਖ ਜਾਂਚ ਕਰਵਾਉਣਗੇ ਅਤੇ ਪੱਤਰਕਾਰ ਭਾਈਚਾਰੇ ਨੂੰ ਇਨਸਾਫ਼ ਦਿਵਾਉਣ ਲਈ ਲੋੜੀਂਦੇ ਕਦਮ ਚੁੱਕਣਗੇ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਅਤੇ ਪ੍ਰਸ਼ਾਸਨ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਣ ਅਤੇ ਪੱਤਰਕਾਰਾਂ ਨਾਲ ਵਾਪਰੀ ਕਥਿਤ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ।

## ਰਾਵਣ ਦੀ ਭੂਮਿਕਾ ਨਿਭਾਉਣ ਵਾਲੇ ਕਲਾਕਾਰ ਪ੍ਰਸ਼ੋਤ ਭੱਟੀ ਮਿੰਕਾ ਦਾ ਵਿਸ਼ੇਸ਼ ਸਨਮਾਨ ਕੀਤਾ



**ਰੂਪਨਗਰ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜੈ ਜਗਦੰਬੇ ਰਾਮਲੀਲਾ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਗਿਆਨੀ ਜ਼ੈਲ ਸਿੰਘ ਨਗਰ ਰੋਪੜ ਵਿਖੇ ਕਰਵਾਈ ਜਾ ਰਹੀ ਰਾਮਲੀਲਾ ਵਿੱਚ ਨਗਰ ਕੌਂਸਲ ਰੋਪੜ ਦੇ ਸਾਬਕਾ ਪ੍ਰਧਾਨ ਸੰਜੇ ਵਰਮਾ ਬੇਲੇ ਵਾਲੇ ਨੇ ਰਾਵਣ ਦੀ ਭੂਮਿਕਾ ਨਿਭਾਉਣ ਵਾਲੇ ਕਲਾਕਾਰ ਪ੍ਰਸ਼ੋਤ ਭੱਟੀ ਮਿੰਕਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਸ੍ਰੀ ਰਾਮ, ਸੀਤਾ ਮਾਤਾ,ਲੱਛਮਣ ਤੇ ਰਾਮਲੀਲਾ ਵਿੱਚ ਹੋਰ ਭੂਮਿਕਾ ਨਿਭਾਉਣ ਵਾਲੇ ਕਲਾਕਾਰਾਂ ਦਾ ਵੀ ਸਨਮਾਨ ਕੀਤਾ ਗਿਆ। ਸੰਜੇ ਵਰਮਾ ਬੇਲੇ ਵਾਲੇ ਨੇ ਕਿਹਾ ਕਿ ਰੋਪੜ ਦਾ ਨੌਜਵਾਨ ਪ੍ਰਸ਼ੋਤ ਭੱਟੀ ਮਿੰਕਾ ਪਿਛਲੇ ਕਈ ਸਾਲਾਂ ਤੋਂ ਰਾਮਲੀਲਾ ਵਿੱਚ ਰਾਵਣ ਦੀ ਭੂਮਿਕਾ ਦਾ ਰੋਲ ਬਹੁਤ ਵਧੀਆ ਨਿਭਾ ਰਿਹਾ ਹੈ। ਇਸ ਮੌਕੇ ਰਾਜੇਸ਼ ਸਹਿਗਲ ਕਲਿਆਣ ਸਿਨੇਮਾ ਵਾਲੇ, ਬਿਕਰਮਜੀਤ ਸਿੰਘ ਸੋਢੀ, ਗੁਰਮੇਲ ਸਿੰਘ, ਪ੍ਰਸ਼ੋਤ ਭੱਟੀ ਮਿੰਕਾ ਆਦਿ ਹਾਜ਼ਰ ਸਨ।

## ਪਰਵਿੰਦਰ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਮਾਨਸਾ 'ਚ ਕਾਂਗਰਸ ਦਾ ਪ੍ਰਦਰਸ਼ਨ, ਪਰਿਵਾਰ ਨਾਲ ਕੀਤੀ ਮੁਲਾਕਾਤ

**ਮਾਨਸਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਪੰਜਾਬ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਰਹੀਆਂ ਹਨ। ਇਸੇ ਤਹਿਤ ਪੰਜਾਬ ਕਾਂਗਰਸ ਦੇ ਆਗੂਆਂ ਨੇ ਮਾਨਸਾ ਵਿਖੇ ਇਨਸਾਫ਼ ਦੀ ਮੰਗ ਲਈ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ ਅਤੇ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਇਕਜੁੱਟਤਾ ਪ੍ਰਗਟਾਈ।

ਇਸ ਮੌਕੇ ਕਾਂਗਰਸੀ ਆਗੂਆਂ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਪਾਰਟੀ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਇਨਸਾਫ਼ ਮਿਲਣ ਤੱਕ ਉਨ੍ਹਾਂ ਦੀ ਆਵਾਜ਼ ਬੁਲੰਦ ਕਰਦੀ ਰਹੇਗੀ।



ਆਗੂਆਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਮਾਮਲੇ ਵਿੱਚ ਇਨਸਾਫ਼ ਯਕੀਨੀ ਬਣਾਉਣ ਦੇ ਨਾਲ-ਨਾਲ ਨਸ਼ਾ ਤਸਕਰੀ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਵੀ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਇਸ ਪ੍ਰਦਰਸ਼ਨ ਅਤੇ ਪਰਿਵਾਰ ਨਾਲ ਮੁਲਾਕਾਤ ਦੌਰਾਨ ਆਲ ਇੰਡੀਆ ਕਾਂਗਰਸ ਕਮੇਟੀ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ, ਪੰਜਾਬ ਪ੍ਰਧਾਨ ਪ੍ਰਗਟ ਸਿੰਘ, ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਵਿਜੈ ਇੰਦਰ ਸਿੰਗਲਾ, ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਅਤੇ ਰਾਜ ਕੁਮਾਰ ਵੇਰਕਾ ਵੀ ਮੌਜੂਦ ਸਨ। ਇਨ੍ਹਾਂ ਆਗੂਆਂ ਦੀ ਸ਼ਮੂਲੀਅਤ ਨੂੰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਦੇ ਹੱਕ ਵਿੱਚ ਪਾਰਟੀ ਵੱਲੋਂ ਇਕਜੁੱਟਤਾ ਦੇ ਪ੍ਰਗਟਾਵੇ ਵਜੋਂ ਦੇਖਿਆ ਜਾ ਰਿਹਾ ਹੈ।

ਕਾਂਗਰਸੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਲੰਮੇ ਸਮੇਂ ਤੋਂ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਮੁਤਾਬਕ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੇ ਮਾਮਲਿਆਂ ਵਿੱਚ ਨਿਰਪੱਖ ਜਾਂਚ, ਕਾਨੂੰਨ ਅਨੁਸਾਰ ਕਾਰਵਾਈ ਅਤੇ ਇਨਸਾਫ਼ ਦੀ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਪੰਜਾਬ ਕਾਂਗਰਸ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ 'ਤੇ ਆਪਣੀ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ। ਪਾਰਟੀ ਨੇ ਨਸ਼ਾ ਤਸਕਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਅਤੇ ਇਸ ਮਾਮਲੇ ਵਿੱਚ ਜਵਾਬਦੇਹੀ ਯਕੀਨੀ ਬਣਾਉਣ ਦੀ ਮੰਗ ਦੁਹਰਾਈ।

ਕਾਂਗਰਸ ਵੱਲੋਂ ਦਿੱਤੇ ਗਏ ਸੰਦੇਸ਼ ਅਨੁਸਾਰ, ਪਾਰਟੀ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਦੇ ਨਾਲ ਖੜ੍ਹੀ ਰਹੇਗੀ ਅਤੇ ਇਨਸਾਫ਼ ਦੀ ਲੜਾਈ ਜਾਰੀ ਰੱਖੇਗੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਨਤੀਜੇ ਸਾਹਮਣੇ ਲਿਆਉਣੇ ਜ਼ਰੂਰੀ ਹਨ।

ਮਾਨਸਾ ਵਿੱਚ ਹੋਏ ਇਸ ਪ੍ਰਦਰਸ਼ਨ ਰਾਹੀਂ ਪੰਜਾਬ ਕਾਂਗਰਸ ਨੇ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਨੂੰ ਉਭਾਰਦਿਆਂ ਸਰਕਾਰ ਤੋਂ ਇਨਸਾਫ਼, ਨਸ਼ਾ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਅਤੇ ਜਵਾਬਦੇਹੀ ਦੀ ਮੰਗ ਕੀਤੀ ਹੈ। ਪਾਰਟੀ ਨੇ ਦੁਹਰਾਇਆ ਕਿ ਉਹ ਪਰਿਵਾਰ ਦੀ ਹਮਾਇਤ ਵਿੱਚ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ।

## ਪੰਜਾਬ ਸਰਕਾਰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਦੇ ਨਾਲ ਖੜੀ : ਅਮਨ ਅਰੋੜਾ



**ਜਲੰਧਰ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲੰਧਰ ਪਹੁੰਚੇ। ਇਸ ਦੌਰਾਨ ਉਨਾਂ ਨੇ ਗਊ ਕਮਿਸ਼ਨ ਦੇ ਅਹੁਦੇਦਾਰ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਅਹੁਦੇਦਾਰਾਂ ਨਾਲ ਇੱਕ ਸੰਖੇਪ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗਊ ਰੱਖਿਆ ਦੀਆਂ ਮੁਸ਼ਕਿਲਾਂ ਸੁਣੀਆਂ।

ਇਸ ਉਪਰੰਤ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਮੁੱਖ ਮੰਤਰੀ, ਪੰਜਾਬ ਸ.ਭਗਵੰਤ ਸਿੰਘ ਮਾਨ ਵਲੋਂ ਵੱਖ-ਵੱਖ ਗਊਸ਼ਾਲਾਵਾਂ ਅਤੇ ਗਊ ਕਮਿਸ਼ਨ ਬੋਰਡ ਦੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਹੈ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਹਨ। ਉਨ੍ਹਾਂ ਕਿਹਾ ਕਿ ਗਊ ਧਨ ਦੀ ਸਾਂਭ ਸੰਭਾਲ ਅਤੇ ਹੋਰ ਜਰੂਰੀ ਪ੍ਰਬੰਧਾਂ ਨੂੰ ਪੂਰਾ ਕੀਤਾ ਜਾਏਗਾ। ਉਹਨਾਂ ਨੇ ਦੱਸਿਆ ਕਿ ਇਸ ਸਬੰਧੀ ਚੰਡੀਗੜ੍ਹ ਵਿਖੇ ਗਊ ਕਮਿਸ਼ਨ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ 21 ਅਕਤੂਬਰ ਨੂੰ ਰੱਖੀ ਗਈ ਹੈ ਜਿਸ ਵਿੱਚ ਸਾਰੀਆਂ ਸਮੱਸਿਆਵਾਂ ਸੁਣ ਕੇ ਜਲਦ ਤੋਂ ਜਲਦ ਉਹਨਾਂ ਦਾ ਹੱਲ ਕੀਤਾ ਜਾਵੇਗਾ।

ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੇ ਕਤਲ'ਤੇ ਗਹਿਰਾ ਦੁੱਖ ਵਿਅਕਤ ਕਰਦਿਆਂ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਦੇ ਨਾਲ ਖੜੀ ਹੈ । ਉਹਨਾਂ ਕਿਹਾ ਕਿ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਪ੍ਰਸ਼ਾਸਨ ਨਾਲ ਬੈਠ ਕੇ ਗੱਲਬਾਤ ਕਰੇ ਅਤੇ ਆਪਣੀਆਂ ਮੰਗਾਂ ਦੱਸਣ।

## ਫ਼ਰਾਂਸ ਦੀਆਂ ਸੁਪਮਾਰਕਿਟਾਂ ਦੇ ਸਮਾਰਟ ਫ਼ਰਿਜਾਂ 'ਤੇ ਸਾਈਬਰ ਹਮਲਾ ਮਗਰੋਂ ਤਾਪਮਾਨ 50 ਡਿਗਰੀ ਸੈਲਸੀਅਸ ਤਕ ਪਹੁੰਚਣ ਨਾਲ ਭਾਰੀ ਤਬਾਹੀ



**ਪੈਰਿਸ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫ਼ਰਾਂਸ 'ਚ ਗੰਭੀਰ ਸਾਈਬਰ ਹਮਲੇ ਦਾ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਹੈਕਰਾਂ ਨੇ ਦੇਸ਼ ਭਰ ਦੀਆਂ ਪ੍ਰਮੁੱਖ ਸੁਪਰ ਮਾਰਕੀਟਾਂ ਦੇ ਇੰਟਰਨੈੱਟ ਨਾਲ ਜੁੜੇ ਰੈਫ਼੍ਰਿਜਰੇਸ਼ਨ (ਫ਼੍ਰੀਜ਼ਰ) ਸਿਸਟਮ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਦਾ ਤਾਪਮਾਨ ਰਾਤੋ-ਰਾਤ 50 ਡਿਗਰੀ ਸੈਲਸੀਅਸ ਤਕ ਵਧਾ ਦਿੱਤਾ। ਇਸ ਤਾਪਮਾਨ ਵਧਣ ਕਾਰਨ ਕਈ ਥਾਵਾਂ 'ਤੇ ਅੱਗ ਲੱਗ ਗਈ ਅਤੇ ਸੈਂਕੜੇ ਦੁਕਾਨਾਂ 'ਚ ਰੱਖਿਆ ਟਨਾਂ ਫ਼੍ਰੋਜ਼ਨ ਫ਼ੂਡ ਪੂਰੀ ਤਰ੍ਹਾਂ ਪਿਘਲ ਕੇ ਬਰਬਾਦ ਹੋ ਗਿਆ।

ਪੈਰਿਸ ਅਭਿਯੋਜਕ ਦਫ਼ਤਰ ਨੇ ਇਸ ਘਟਨਾ ਨੂੰ ਇੱਕ ਵੱਡੇ ਪੱਧਰ ਦਾ ਸਾਈਬਰ ਹਮਲਾ ਕਰਾਰ ਦਿੱਤਾ ਹੈ। ਫ਼ਰਾਂਸ ਦੇ ਪ੍ਰਮੁੱਖ ਰਿਟੇਲ ਗਰੁੱਪ ਲੇ ਮੌਸਕੇਤਿਆਰਸ ਅਨੁਸਾਰ ਉਨ੍ਹਾਂ ਦੇ ਇੰਟਰਮਾਰਸ਼ੇ ਬ੍ਰੈਂਡ ਦੇ ਲਗਭਗ 150 ਸਟੋਰਾਂ 'ਚ ਰੈਫ਼੍ਰਿਜਰੇਸ਼ਨ ਯੂਨਿਟਾਂ ਨੂੰ ਲਗਾਤਾਰ ਛੇ ਘੰਟਿਆਂ ਤਕ 50 ਡਿਗਰੀ 'ਤੇ ਗਰਮ ਕੀਤਾ ਗਿਆ। ਇਸ ਤੋਂ ਇਲਾਵਾ ਦਿੱਗਜ ਰੀਟੇਲਰ ਕੈਰੇਫ਼ੋਰ ਦੇ 80 ਸੁਪਰ ਮਾਰਕੀਟ ਅਤੇ ਮੋਨੋਪ੍ਰੀ ਦੇ ਪੰਜ ਫ਼ੀਸਦੀ ਸਟੋਰ ਵੀ ਇਸ ਹਮਲੇ ਦੀ ਚਪੇਟ 'ਚ ਆਏ ਹਨ। ਸਿਹਤ ਜੋਖ਼ਮਾਂ ਤੋਂ ਬਚਣ ਲਈ ਪ੍ਰਭਾਵਿਤ ਭੋਜਨ ਪਦਾਰਥਾਂ ਨੂੰ ਤੁਰੰਤ ਸੁੱਟ ਦਿੱਤਾ ਗਿਆ।

ਫ਼੍ਰੈਂਚ ਸਾਈਬਰ ਸੁਰੱਖਿਆ ਏਜੰਸੀ ਨੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਫ਼ਰਾਂਸ ਦੇ ਪ੍ਰਧਾਨ ਮੰਤਰੀ ਸੇਬੈਸਤੀਆਂ ਲੇਕੋਰਨੂ ਨੇ ਏਜੰਸੀ ਨੂੰ ਜਾਂਚ ਦੇ ਨਿਰਦੇਸ਼ ਦਿੱਤੇ ਹਨ।

ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਹੈਕਰਾਂ ਨੇ ਡੈਨਿਸ਼ ਕੰਪਨੀ ਡੈਨਫ਼ੌਸ ਦੁਆਰਾ ਲਗਾਏ ਗਏ ਰੈਫ਼੍ਰਿਜਰੇਸ਼ਨ ਕੰਟਰੋਲਰ ਦੇ ਪੁਰਾਣੇ ਸੌਫ਼ਟਵੇਅਰ ਦੀਆਂ ਸੁਰੱਖਿਆ ਖ਼ਾਮੀਆਂ ਦਾ ਫ਼ਾਇਦਾ ਉਠਾਇਆ ਜਿਸ ਨਾਲ ਉਹ ਇੰਟਰਨੈੱਟ ਰਾਹੀਂ ਰਿਮੋਟਲੀ ਸਿਸਟਮ ਤਕ ਪਹੁੰਚ ਬਣਾਉਣ 'ਚ ਕਾਮਯਾਬ ਰਹੇ।

ਸਾਈਬਰ ਥ੍ਰੈੱਟ ਇੰਟੈਲੀਜੈਂਸ ਏਜੰਸੀ ਸੇਕੋਇਆ ਦੇ ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਫ਼ਰਾਂਸ ਤੋਂ ਇਲਾਵਾ ਸਪੇਨ, ਪੁਰਤਗਾਲ, ਪੋਲੈਂਡ, ਜਰਮਨੀ ਅਤੇ ਬੈਲਜੀਅਮ 'ਚ ਵੀ ਅਜਿਹੀਆਂ ਗਤੀਵਿਧੀਆਂ ਦੇਖੀਆਂ ਗਈਆਂ ਹਨ। ਇਸੇ ਦੌਰਾਨ ਨੈਦਰਲੈਂਡਜ਼ ਦੀ ਸਭ ਤੋਂ ਵੱਡੀ ਸੁਪਰ ਮਾਰਕੀਟ ਚੇਨ ਅਹੋਲਡ ਡੇਲਹਾਈਜ਼ ਨੇ ਵੀ ਆਪਣੇ ਨੈੱਟਵਰਕ 'ਚ ਸੁਰੱਖਿਆ ਸਮੱਸਿਆਵਾਂ ਕਾਰਨ ਆਪਣੀ ਹੋਮ ਡਲਿਵਰੀ ਐਪ ਬੰਦ ਕਰ ਦਿੱਤੀ ਹੈ।

## ਗੁਰੂ ਨਾਨਕ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਕੀਤਾ ਸਿੱਧਾ ਸੰਵਾਦ



**ਲੁਧਿਆਣਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰੂ ਨਾਨਕ ਪਬਲਿਕ ਸਕੂਲ, ਸਰਾਭਾ ਨਗਰ ਦੇ ਵਿਦਿਆਰਥੀਆਂ ਨੇ 15 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨਾਲ ਸਿੱਧਾ ਸੰਵਾਦ ਕੀਤਾ। ਸਕੂਲ ਦੀ ਪ੍ਰਿੰਸੀਪਲ ਡਾ. ਗਿਨਾਕਸ਼ੀ ਕਪੂਰ ਦੀ ਅਗਵਾਈ ਹੇਠ 'ਬਿਓਂਡ ਬੁਕਸ' ਪਹਿਲ ਤਹਿਤ ਕਰਵਾਏ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਸਿੱਖਿਆ ਤੋਂ ਅੱਗੇ ਵਧ ਕੇ ਅਸਲ ਜ਼ਿੰਦਗੀ ਦੇ ਤਜਰਬਿਆਂ ਨਾਲ ਜੋੜਨਾ ਸੀ। ਸੰਵਾਦ ਦੌਰਾਨ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆਵਾਂ ਦੇ ਤਣਾਅ, ਪੜ੍ਹਾਈ ਦੇ ਦਬਾਅ, ਮਾਨਸਿਕ ਸਿਹਤ ਅਤੇ ਪ੍ਰੀਖਿਆਵਾਂ ਦੀ ਤਿਆਰੀ ਸਬੰਧੀ ਸਵਾਲ ਪੁੱਛੇ। ਡਾ. ਕਪੂਰ ਨੇ ਕਿਹਾ ਕਿ ਇਸ ਪਹਿਲ ਦਾ ਮਕਸਦ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸੰਚਾਰ ਹੁਨਰ, ਅਗਵਾਈ ਦੀ ਸਮਰੱਥਾ ਅਤੇ ਆਪਣੇ ਵਿਚਾਰ ਨਿਡਰਤਾ ਨਾਲ ਪ੍ਰਗਟ ਕਰਨ ਦੀ ਯੋਗਤਾ ਵਿਕਸਿਤ ਕਰਨਾ ਹੈ। ਉਨ੍ਹਾਂ ਸਿੱਖਿਆ ਮੰਤਰੀ ਵੱਲੋਂ ਸਮਾਂ ਦੇਣ ਅਤੇ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਤੇ ਮਾਪਿਆਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਪ੍ਰੀਖਿਆਵਾਂ ਲਈ ਤਿਆਰ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਭਵਿੱਖ ਦੇ ਆਤਮ-ਵਿਸ਼ਵਾਸੀ ਅਤੇ ਸਮਰੱਥ ਆਗੂ ਬਣਾਉਣਾ ਹੈ।

# 26 ਤੇ 27 ਅਕਤੂਬਰ ਨੂੰ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਸ਼ਰਾਬ ਠੇਕੇ ਤੇ ਮੀਟ ਦੀਆਂ ਦੁਕਾਨਾਂ ਬੰਦ ਕੀਤੀਆਂ ਜਾਣ : ਭੋਮਾ

**ਅੰਮ੍ਰਿਤਸਰ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਦੀ ਅਗਵਾਈ ਹੇਠ ਅੱਜ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਗੈਰ-ਮੌਜੂਦਗੀ ਵਿੱਚ ਸਹਾਇਕ ਕਮਿਸ਼ਨਰ ਅੰਮ੍ਰਿਤਸਰ ਸਿਟੀ-1 ਮੈਡਮ ਪ੍ਰਗਤੀ ਸੇਠੀ ਨੂੰ ਮੰਗ ਪੱਤਰ ਸੌਂਪਿਆ ਗਿਆ ਮੰਗ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ 26 ਅਤੇ 27 ਅਕਤੂਬਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੇ ਰਸਤਿਆਂ, ਬਾਜ਼ਾਰਾਂ ਅਤੇ ਗੇਟਾਂ ਨੇੜੇ ਸ਼ਰਾਬ ਦੇ ਠੇਕੇ, ਪਾਨ, ਬੀੜੀਆਂ ਤੇ ਮੀਟ ਵਾਲੀਆਂ ਦੁਕਾਨਾਂ ਪੱਕੇ ਤੌਰ ਬੰਦ ਰੱਖਣ ਦੀ ਮੰਗ ਕੀਤੀ ਗਈ।



ਪੰਜਾਬ ਦੇ ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨਿਆ ਪਵਿੱਤਰ ਸ਼ਹਿਰ ਦੇ ਦਰਜੇ ਨੂੰ ਲਾਗੂ ਕਰਕੇ, ਚੌਂਕ ਮਹਾ ਸਿੰਘ ਗੇਟ ਵਿਖੇ ਸੁੰਦਰ ਸੁਨਹਿਰੀ ਗੇਟ ਬਣਾਇਆ ਜਾਵੇ ਤੇ ਨਾਲ ਹੀ ਸੰਗਤਾਂ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਉਣ ਅਤੇ ਵਿਰਾਸਤੀ ਮਾਰਗ ਤੇ ਮੰਗਣ ਵਾਲੇ ਸੰਗਤਾਂ ਨੂੰ ਬਹੁਤ ਤੰਗ ਪ੍ਰੇਸ਼ਾਨ ਕਰਦੇ ਹਨ ਤੇ ਚੋਰੀ ਦੀਆਂ ਵਾਰਦਾਤਾਂ ਕਰਦੇ ਹਨ ਇਨ੍ਹਾਂ ਨੂੰ ਨੱਥ ਪਾਈ ਜਾਵੇ। ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਸਬੰਧੀ ਕੀਤੇ ਐਲਾਨ ਨੂੰ ਅਮਲੀ ਰੂਪ ਦੇਣ ਦੀ ਸਥਿੱਤੀ ਸਪੱਸ਼ਟ ਹੋਣੀ ਚਾਹੀਦੀ ਹੈ, ਛੇ ਮਹੀਨੇ ਬੀਤ ਜਾਣ ਤੇ ਕੋਈ ਪਵਿੱਤਰਤਾ ਬਹਾਲੀ ਨਹੀਂ ਹੋਈ , ਵੱਖ ਵੱਖ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ ਅਣਗਿਹਿਲੀ ਵਰਤ ਕੇ ਕੀਤੇ ਐਲਾਨ ਨੂੰ ਮੁੱਖ ਮੰਤਰੀ ਪੰਜਾਬ ਵੱਲੋ ਅਦੇਸ ਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਅਦੇਸ਼ਾਂ ਨੂੰ ਹਾਸੋਹੀਣਾ ਮਜਾਕ ਡਸਟਬੀਨ ਵਿੱਚ ਸੁੱਟਿਆ ਹੋਇਆ ਹੈ। ਉਨ੍ਹਾਂ ਦੇ ਅਦੇਸ਼ਾਂ ਦੀ ਤੌਹੀਨ ਕੀਤੀ ਗਈ ਹੈ, ਅਫਸਰਾਂ ਦੀ ਜੁਆਬ ਤਲਬੀ ਕੀਤੀ ਜਾਵੇ ਅਤੇ ਪਹਿਲ ਦੇ ਅਧਾਰ ਤੇ ਚੌਂਕ ਮਹਾ ਸਿੰਘ ਗੇਟ ਅਤੇ ਬੱਸ ਸਟੈਂਡ ਦੇ ਨੇੜੇ ਸ਼ਰਾਬ ਦੇ ਠੇਕਿਆਂ ਅਤੇ ਮੀਟ ਤੇ ਪਾਨ-ਬੀੜੀ ਦੀਆਂ ਦੁਕਾਨਾਂ ਤੇ ਹਾਲ ਗੇਟ ਤੇ ਕਹੀਆਂ ਵਾਲੇ ਬਜਾਰਾਂ ਵਿੱਚ ਮੀਟ, ਮੱਛੀ, ਪਾਨ, ਬੀੜੀਆਂ ਵਾਲੀਆ ਦੁਕਾਨਾਂ ਸਾਰੀਆਂ ਪੱਕੇ ਤੌਰ ਬੰਦ ਹੋਣੀਆਂ ਚਾਹੀਦੀਆਂ ਹਨ ਤੇ ਪਵਿੱਤਰ ਸ਼ਹਿਰ ਦਾ ਦਰਜਾ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ। ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਬਾਜ਼ਾਰਾਂ ਦੀਆਂ ਸੜਕਾਂ ਵਧੀਆ ਬਣਾਈਆਂ ਜਾਣ ਤੇ ਸਟਰੀਟ ਲਾਈਟਾਂ ਸਾਰੇ ਥਾਵਾਂ ਤੇ ਲਗਾਈਆਂ ਜਾਣ। ਇਸ ਸਬੰਧੀ ਮੰਗ ਪੱਤਰ ਪ੍ਰਾਪਤ ਕਰਨ ਮੌਕੇ ਮੈਡਮ ਪ੍ਰਗਤੀ ਸੇਠੀ, ਸਹਾਇਕ ਕਮਿਸ਼ਨਰ ਰਾਜ ਕਰ ਅੰਮ੍ਰਿਤਸਰ ਸਿਟੀ-1 ਨੇ ਮੰਗਾਂ ਅਨੁਸਾਰ ਕਾਰਵਾਈ ਅਮਲ ਵਿਚ ਲਿਆਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਜਸਵੰਤ ਸਿੰਘ ਸੋਹਲ ਤਰਨ ਤਾਰਨ, ਸੂਬੇਦਾਰ ਗੁਰਮੀਤ ਸਿੰਘ, ਡਾ. ਸੁਖਦੀਪ ਸਿੰਘ ਨਾਗ, ਪ੍ਰਧਾਨ ਸਤਨਾਮ ਸਿੰਘ ਭਗਵਾਂ, ਚੇਅਰਮੈਨ ਗੁਰਚਰਨ ਸਿੰਘ , ਜਗਤਾਰ ਸਿੰਘ, ਸੁਖਰਾਜ ਸਿੰਘ ਸੋਹਲ, ਸਤਨਾਮ ਸਿੰਘ ਨਾਗ, ਸਰਪੰਚ ਦੁਰਗਾ ਦਾਸ, ਇੰਜੀਨੀਅਰ ਦਲਜੀਤ ਸਿੰਘ ਕੋਹਲੀ ਪ੍ਰਧਾਨ ਅੰਮ੍ਰਿਤਸਰ ਹਰਿਆਵਲ ਮੰਚ, ਡਾ. ਨਿਰਮਲ ਸਿੰਘ ਆਨੰਦ, ਅਵਤਾਰ ਸਿੰਘ ਬੁੱਟਰ, ਤੇਜਿੰਦਰ ਸਿੰਘ ਢਿੱਲੋਂ, ਸੁਖਬੀਰ ਸਿੰਘ ਨਾਗ ਕਲਾਂ, ਮਨਵੀਰ ਸਿੰਘ ਵਡਾਲਾ, ਬੀਬੀ ਅਮਨਦੀਪ ਕੌਰ ਅੰਮ੍ਰਿਤਸਰ ਬੀਬੀ ਸੁਰਿੰਦਰ ਕੌਰ ਵੇਰਕਾ, ਬੀਬੀ ਜਸਬੀਰ ਕੌਰ ਰਜਵੰਤ ਕੌਰ ਮੀਰਾਂਕੋਟ ਅਤੇ ਹੋਰ ਪਤਵੰਤੇ ਹਾਜ਼ਰ ਸਨ।

## 'ਮੇਰੀ ਦੁਕਾਨ, ਮੇਰੇ ਨਾਮ' ਯੋਜਨਾ ਸ਼ੁਰੂ ਕਰਨਾ ਆਪ ਸਰਕਾਰ ਦਾ ਵੱਡਾ ਤੇ ਸ਼ਲਾਘਾਯੋਗ, ਫੈਸਲਾ: ਪ੍ਰਧਾਨ ਮੋਹਿਤ ਕੁੰਦਰਾ

**ਮਾਛੀਵਾੜਾ ਸਾਹਿਬ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਜ਼ਾਰਾਂ ਦੁਕਾਨਦਾਰਾਂ ਲਈ ਇੱਕ ਇਤਿਹਾਸਕ ਫੈਸਲਾ ਲਿਆ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਥਾਨਕ ਨਿਕਾਏ ਮੰਤਰੀ ਹਰਜੋਤ ਸਿੰਘ ਬੈਂਸ ਨੇ ਅਕਤੂਬਰ 2026 ਵਿੱਚ *'ਮੇਰੀ ਦੁਕਾਨ, ਮੇਰੇ ਨਾਮ'* ਯੋਜਨਾ ਦੀ ਰਸਮੀ ਸ਼ੁਰੂਆਤ ਕਰ ਦਿੱਤੀ ਹੈ।ਇਸ ਯੋਜਨਾ ਤਹਿਤ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਦੁਕਾਨਾਂ 'ਤੇ ਲੰਬੇ ਸਮੇਂ ਤੋਂ ਕਿਰਾਏ ਜਾਂ ਪੱਟੇ 'ਤੇ ਕੰਮ ਕਰ ਰਹੇ ਦੁਕਾਨਦਾਰਾਂ ਨੂੰ ਹੁਣ ਉਨ੍ਹਾਂ ਦੁਕਾਨਾਂ ਦਾ ਮਾਲਕਾਨਾ ਹੱਕ ਦਿੱਤਾ ਜਾਵੇਗਾ।

ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਇਸ ਯੋਜਨਾ ਦਾ ਲਾਭ ਸਿਰਫ਼ ਉਨ੍ਹਾਂ ਦੁਕਾਨਦਾਰਾਂ ਨੂੰ ਮਿਲੇਗਾ ਜੋ 1 ਅਪ੍ਰੈਲ 2020 ਤੋਂ ਪਹਿਲਾਂ ਘੱਟੋ-ਘੱਟ 12 ਸਾਲਾਂ ਤੋਂ ਕਾਨੂੰਨੀ ਤੌਰ 'ਤੇ ਉਸ ਦੁਕਾਨ 'ਤੇ ਕਾਬਜ਼ ਹਨ ਜਾਂ ਜਾਇਜ਼ ਕਿਰਾਏਦਾਰ ਹਨ।

ਇਹ ਯੋਜਨਾ ਸਿਰਫ਼ ਸਰਕਾਰੀ ਭਾਵ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਦੁਕਾਨਾਂ ਲਈ ਹੀ ਲਾਗੂ ਹੈ। ਉਹਨਾਂ ਨੇ ਕਿਹਾ ਕਿ ਉਹ ਕਿਰਾਏਦਾਰ ਜਿਹੜੇ ਪਾਰਕਾਂ, ਸੜਕਾਂ ਜਾਂ ਹੋਰ ਪਬਲਿਕ ਯੂਟਿਲਿਟੀ ਵਾਲੀਆਂ ਥਾਵਾਂ 'ਤੇ ਬਣੀਆਂ ਦੁਕਾਨਾਂ ਬਣਾ ਕੇ ਬੈਠੇ ਹਨ ਇਸ ਯੋਜਨਾ ਤਹਿਤ ਮਾਲਕਾਨਾ ਹੱਕ ਨਹੀਂ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਸਰਕਾਰ ਵੱਲੋਂ 50 ਵਰਗ ਮੀਟਰ ਤੋਂ ਘੱਟ ਖੇਤਰਫਲ ਵਾਲੀਆਂ ਦੁਕਾਨਾਂ ਲਈ ਦੁਕਾਨਦਾਰ ਦੀ ਸਾਲਾਨਾ ਆਮਦਨ ਦੇ ਹਿਸਾਬ ਨਾਲ ਕਲੈਕਟਰ ਰੇਟ 'ਤੇ ਭਾਰੀ ਛੋਟ ਦਿੱਤੀ ਜਾ ਰਹੀ ਹੈ:

3 ਲੱਖ ਤੋਂ ਘੱਟ ਆਮਦਨ ਤੇ ਸਿਰਫ਼ ਕਲੈਕਟਰ ਰੇਟ ਦਾ 12.5 ਫੀਸਦੀ ਦੇਣਾ ਹੋਵੇਗਾ।

3 ਤੋਂ 8 ਲੱਖ ਤੱਕ ਆਮਦਨ ਨੂੰ ਕਲੈਕਟਰ ਰੇਟ ਦਾ 25 ਫੀਸਦੀ ਦੇਣਾ ਹੋਵੇਗਾ।

8 ਤੋਂ 15 ਲੱਖ ਤੱਕ ਆਮਦਨ ਨੂੰ ਕਲੈਕਟਰ ਰੇਟ ਦਾ 50 ਫੀਸਦੀ ਦੇਣਾ ਹੋਵੇਗਾ।

15 ਲੱਖ ਤੋਂ ਵੱਧ ਆਮਦਨ ਵਾਲੇ ਨੂੰ ਇਨ੍ਹਾਂ ਨੂੰ ਪੂਰਾ 100 ਫੀਸਦੀ ਕਲੈਕਟਰ ਰੇਟ ਦੇਣਾ ਹੋਵੇਗਾ।

ਉਹਨਾਂ ਨੇ ਦੱਸਿਆ ਕਿ ਇਸ ਯੋਜਨਾ ਲਈ ਅਰਜ਼ੀ ਦੇਣ ਦੀ ਆਖਰੀ ਮਿਤੀ 6 ਨਵੰਬਰ 2026 ਤੈਅ ਕੀਤੀ ਗਈ ਹੈ। ਯੋਗ ਦੁਕਾਨਦਾਰ ਆਪਣੇ ਸਬੰਧਤ ਐਸ.ਡੀ.ਐਮ. ਦਫ਼ਤਰ, ਨਗਰ ਕੌਂਸਲ ਜਾਂ ਨਗਰ ਨਿਗਮ ਦਫ਼ਤਰ ਵਿੱਚ ਜਾ ਕੇ ਫਾਰਮ ਜਮ੍ਹਾਂ ਕਰਵਾ ਸਕਦੇ ਹਨ।

ਅਰਜ਼ੀ ਤੋਂ ਬਾਅਦ ਐਸ.ਡੀ.ਐਮ. ਪੱਧਰ ਦੀ ਕਮੇਟੀ ਦਸਤਾਵੇਜ਼ਾਂ ਦੀ ਪੜਤਾਲ ਕਰੇਗੀ ਅਤੇ ਡੀ.ਸੀ. ਪੱਧਰ ਦੀ ਪ੍ਰਾਈਸ ਫਿਕਸੇਸ਼ਨ ਕਮੇਟੀ ਕੀਮਤ ਤੈਅ ਕਰੇਗੀ।

ਅੰਤ ਵਿੱਚ ਸਥਾਨਕ ਨਿਕਾਏ ਦੇ ਸਦਨ ਤੋਂ ਮਨਜ਼ੂਰੀ ਮਿਲਣ ਤੋਂ ਬਾਅਦ ਮਾਲਕਾਨਾ ਹੱਕ ਤਬਦੀਲ ਕਰ ਦਿੱਤਾ ਜਾਵੇਗਾ।

# ਐਮ.ਆਰ.ਐੱਸ.ਪੀ.ਟੀ.ਯੂ. ਵੱਲੋਂ ਵਿਸ਼ਵ ਖੁਰਾਕ ਦਿਵਸ ਮੌਕੇ ਮਾਹਿਰ ਭਾਸ਼ਣ ਅਤੇ 'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦੇ ਮੁਕਾਬਲੇ ਕਰਵਾਏ

**ਬਠਿੰਡਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐੱਸ.ਪੀ.ਟੀ.ਯੂ.), ਬਠਿੰਡਾ ਦੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਐਂਡ ਇੰਜਨੀਅਰਿੰਗ ਵੱਲੋਂ ਰਾਸ਼ਟਰੀ ਸੇਵਾ ਯੋਜਨਾ (ਐੱਨ.ਐੱਸ.ਐੱਸ.) ਇਕਾਈ ਦੇ ਸਹਿਯੋਗ ਨਾਲ ਵਿਸ਼ਵ ਖੁਰਾਕ ਦਿਵਸ ਮੌਕੇ ਮਾਹਿਰ ਭਾਸ਼ਣ ਅਤੇ 'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦਾ ਦਿਲਚਸਪ ਮੁਕਾਬਲਾ ਕਰਵਾਇਆ ਗਿਆ।

ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਖੁਰਾਕ ਸੁਰੱਖਿਆ, ਪੌਸ਼ਟਿਕਤਾ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਵਾਤਾਵਰਣ-ਪੱਖੀ ਤਰੀਕਿਆਂ ਅਤੇ ਭੋਜਨ ਦੀ ਸੁਚੱਜੀ ਵਰਤੋਂ ਪ੍ਰਤੀ ਜਾਗਰੂਕ ਕਰਨਾ ਸੀ।




ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ, ਬਠਿੰਡਾ ਦੇ ਸਹਾਇਕ ਪ੍ਰੋਫੈਸਰ ਡਾ. ਜਸ਼ਨਦੀਪ ਸਿੰਘ ਨੇ ਮਾਹਿਰ ਭਾਸ਼ਣ ਦਿੰਦਿਆਂ ਸੰਤੁਲਿਤ ਖੁਰਾਕ, ਟਿਕਾਊ ਭੋਜਨ ਪ੍ਰਣਾਲੀਆਂ, ਸੋਚ-ਸਮਝ ਕੇ ਖੁਰਾਕ ਦੀ ਚੋਣ ਕਰਨ ਅਤੇ ਭੋਜਨ ਦੀ ਬਰਬਾਦੀ ਘਟਾਉਣ ਦੀ ਮਹੱਤਤਾ ਬਾਰੇ ਚਾਨਣਾ ਪਾਇਆ।

'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦੇ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੀ ਰਸੋਈ ਕਲਾ ਅਤੇ ਪੌਸ਼ਟਿਕ ਖੁਰਾਕ ਸਬੰਧੀ ਜਾਣਕਾਰੀ ਦਾ ਪ੍ਰਦਰਸ਼ਨ ਕੀਤਾ। ਭਾਗੀਦਾਰਾਂ ਨੇ ਬਿਨਾਂ ਅੱਗ ਦੀ ਵਰਤੋਂ ਕੀਤੇ ਵੱਖ-ਵੱਖ ਪਕਵਾਨ ਤਿਆਰ ਕੀਤੇ।

ਇਸ ਦੌਰਾਨ ਸਿਹਤਮੰਦ ਸਮੱਗਰੀ, ਸਫ਼ਾਈ, ਪਕਵਾਨਾਂ ਦੀ ਸਜਾਵਟ ਅਤੇ ਸਰੋਤਾਂ ਦੀ ਸੁਚੱਜੀ ਵਰਤੋਂ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ।

ਮੁਕਾਬਲੇ ਵਿੱਚ ਇਰਵਨਦੀਪ ਕੌਰ ਅਤੇ ਦੀਪਇੰਦਰ ਕੌਰ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਨੂਰਦੀਪ ਨੇ ਦੂਜਾ ਅਤੇ ਸਿਮਰਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਹ ਪ੍ਰੋਗਰਾਮ ਵਿਭਾਗ ਦੇ ਮੁਖੀ ਪ੍ਰੋ. ਜਸਵੀਰ ਸਿੰਘ ਟਿਵਾਣਾ, ਐੱਨ.ਐੱਸ.ਐੱਸ. ਕੋਆਰਡੀਨੇਟਰ ਡਾ. ਅਭਿਲਾਸ਼ਾ, ਸਹਾਇਕ ਪ੍ਰੋਫੈਸਰ ਅਤੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ (ਸੀ.ਐੱਸ.ਈ.) ਡਾ. ਸਵਾਤੀ, ਸਹਾਇਕ ਪ੍ਰੋਫੈਸਰ ਅਤੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਵਿਨੀਤ ਚਾਵਲਾ, ਡਾ. ਕੰਵਲਜੀਤ ਸਿੰਘ, ਇੰਜ. ਜਤਿੰਦਰ ਕੁਮਾਰ ਅਤੇ ਇੰਜ. ਰਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਐੱਨ.ਐੱਸ.ਐੱਸ. ਦੀ ਸਹਿ-ਕੋਆਰਡੀਨੇਟਰ ਮਿਸ ਸਿਮਰਨਪ੍ਰੀਤ ਕੌਰ ਨੇ ਦੋਵਾਂ ਗਤੀਵਿਧੀਆਂ ਦੇ ਪ੍ਰਬੰਧਾਂ ਵਿੱਚ ਅਹਿਮ ਯੋਗਦਾਨ ਪਾਇਆ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਅਤੇ ਰਜਿਸਟਰਾਰ ਪ੍ਰੋ. ਪਰਮਜੀਤ ਸਿੰਘ ਨੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਐਂਡ ਇੰਜਨੀਅਰਿੰਗ ਅਤੇ ਐੱਨ.ਐੱਸ.ਐੱਸ. ਇਕਾਈ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਪੌਸ਼ਟਿਕ ਖੁਰਾਕ, ਭੋਜਨ ਦੀ ਟਿਕਾਊ ਵਰਤੋਂ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਸਹਾਈ ਹੁੰਦੀਆਂ ਹਨ।

ਪ੍ਰੋਗਰਾਮ ਦੀ ਸਮਾਪਤੀ ਮੌਕੇ ਭੋਜਨ ਦੀ ਬਰਬਾਦੀ ਰੋਕਣ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਅਤੇ ਸਿਹਤਮੰਦ ਭਵਿੱਖ ਲਈ ਵਾਤਾਵਰਣ-ਪੱਖੀ ਖੁਰਾਕ ਪ੍ਰਥਾਵਾਂ ਨੂੰ ਉਤਸ਼ਾਹਿਤ ਕਰਨ ਦਾ ਸੁਨੇਹਾ ਦਿੱਤਾ ਗਿਆ।



# ਹਰਿਆਣਾ ਖ਼ਬਰਨਾਮਾ



## ਮੱਛੀ ਪਾਲਕਾਂ ਅਤੇ ਝੀਂਗਾ ਪਾਲਕਾਂ ਦੀ ਹੋਈ ਬੱਲੇ-ਬੱਲੇਸ ਖੇਤੀਬਾੜੀ ਫੀਡਰਾਂ ਤੋਂ ਬਿਜਲੀ ਮਿਲੇਗੀ ਸਿਰਫ਼ 10 ਪੈਸੇ ਪ੍ਰਤੀ ਯੂਨਿਟ

### ਮੱਛੀ ਪਾਲਕਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਸ੍ਰੀ ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਮੱਛੀ ਪਾਲਣ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਸੂਬੇ ਵਿੱਚ ਮੱਛੀ ਪਾਲਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੂੰ ਜਿੱਥੇ ਉੱਚ ਗੁਣਵੱਤਾ ਵਾਲਾ ਬੀਜ ਮੁਹੱਈਆ ਕਰਵਾਇਆ ਜਾਵੇਗਾ, ਉੱਥੇ ਹੀ ਉਨ੍ਹਾਂ ਦੀਆਂ ਮੱਛੀਆਂ ਅਤੇ ਝੀਂਗਿਆਂ ਦੀ ਵਿਕਰੀ ਲਈ ਵੱਖ ਤੋਂ ਮੰਡੀ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

ਸ੍ਰੀ ਰਾਣਾ ਅੱਜ ਮੱਛੀ ਪਾਲਣ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਵਿਭਾਗ ਨਾਲ ਸਬੰਧਤ ਮੁੱਖ ਮੰਤਰੀ ਦੀਆਂ ਘੋਸ਼ਣਾਵਾਂ ਅਤੇ ਬਜਟ ਘੋਸ਼ਣਾਵਾਂ ਦੀ ਵੀ ਸਮੀਖਿਆ ਕੀਤੀ ਅਤੇ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਮੱਛੀ ਪਾਲਣ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਰਾਜੀਵ ਰੰਜਨ, ਡਾਇਰੈਕਟਰ ਸ੍ਰੀ ਪਵਨ ਕੁਮਾਰ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਮੱਛੀ ਪਾਲਣ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿੱਤੀ ਸਾਲ 2026-27 ਦੀ ਉਸ ਬਜਟ ਘੋਸ਼ਣਾ ਨੂੰ ਪੂਰਾ ਕਰ ਦਿੱਤਾ ਗਿਆ ਹੈ, ਜਿਸ ਵਿੱਚ ਮੱਛੀ ਪਾਲਣ ਅਤੇ ਝੀਂਗਾ ਪਾਲਣ ਲਈ ਖੇਤੀਬਾੜੀ ਫੀਡਰਾਂ ਤੋਂ ਬਿਜਲੀ ਪ੍ਰਾਪਤ ਕਰਨ ਵਾਲੇ ਖਪਤਕਾਰਾਂ ਨੂੰ 10 ਪੈਸੇ ਪ੍ਰਤੀ ਯੂਨਿਟ ਦੀ ਰਿਆਇਤੀ ਦਰ 'ਤੇ ਬਿਜਲੀ ਦੇਣ ਦੀ ਗੱਲ ਕਹੀ ਗਈ ਸੀ। ਇਸ ਤੋਂ ਇਲਾਵਾ, ਗੈਰ-ਖੇਤੀਬਾੜੀ ਫੀਡਰਾਂ ਨਾਲ ਜੁੜੇ 20 ਕਿਲੋਵਾਟ ਤੱਕ ਦੇ ਲੋਡ ਵਾਲੇ ਖਪਤਕਾਰਾਂ ਨੂੰ ਐੱਫਪੀਓ/ਖੇਤੀਬਾੜੀ



ਉਦਯੋਗ ਸ਼੍ਰੇਣੀ ਅਧੀਨ 4.75 ਰੁਪਏ ਪ੍ਰਤੀ ਯੂਨਿਟ ਦੀ ਦਰ ਨਾਲ ਬਿਜਲੀ ਦੇਣੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸ਼੍ਰੇਣੀ ਵਿੱਚ ਲੋਡ ਦੀ ਸੀਮਾ ਵੀ 20 ਕਿਲੋਵਾਟ ਤੋਂ ਵਧਾ ਕੇ 40 ਕਿਲੋਵਾਟ ਕਰ ਦਿੱਤੀ ਗਈ ਹੈ ਅਤੇ ਬਿਜਲੀ ਦੀ ਦਰ 6.60 ਰੁਪਏ ਪ੍ਰਤੀ ਯੂਨਿਟ ਤੋਂ ਘਟਾ ਕੇ 4.75 ਰੁਪਏ ਪ੍ਰਤੀ ਯੂਨਿਟ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਮੱਛੀ ਪਾਲਕਾਂ ਦੀ ਮੰਗ ਅਨੁਸਾਰ ਯਮੁਨਾਨਗਰ, ਰੋਹਤਕ ਅਤੇ ਫਰੀਦਾਬਾਦ ਵਿੱਚ ਨਵੀਆਂ ਮਿੱਟੀ ਅਤੇ ਪਾਣੀ ਦੀ ਜਾਂਚ ਕਰਨ ਵਾਲੀਆਂ ਪ੍ਰਯੋਗਸ਼ਾਲਾਵਾਂ ਸਥਾਪਤ ਕੀਤੀਆਂ ਜਾਣਗੀਆਂ। ਮੁੱਖ ਮੰਤਰੀ ਨੇ ਇਸ ਕੰਮ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ 'ਤੇ ਲਗਭਗ 6.04 ਕਰੋੜ ਰੁਪਏ ਦੀ ਲਾਗਤ ਆਵੇਗੀ। ਮਾਰਚ 2027 ਤੱਕ ਇਨ੍ਹਾਂ ਤਿੰਨਾਂ ਪ੍ਰਯੋਗਸ਼ਾਲਾਵਾਂ ਦੇ ਸ਼ੁਰੂ ਹੋਣ ਦੀ ਸੰਭਾਵਨਾ ਹੈ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅੱਗੇ ਦੱਸਿਆ ਕਿ ਜੋਤਿਸਰ ਅਤੇ ਸਾਂਪਲਾ ਸਥਿਤ ਸਰਕਾਰੀ ਮੱਛੀ ਬੀਜ ਫਾਰਮਾਂ ਨੂੰ ਮਜ਼ਬੂਤ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ, ਜਿਨ੍ਹਾਂ 'ਤੇ ਲਗਭਗ 20.48 ਕਰੋੜ ਰੁਪਏ ਖਰਚ ਹੋਣ ਦਾ ਅਨੁਮਾਨ ਹੈ। ਇਨ੍ਹਾਂ ਬੀਜ ਫਾਰਮਾਂ ਤੋਂ ਬਾਅਦ ਹੋਰ ਫਾਰਮਾਂ ਨੂੰ ਵੀ ਪੜਾਅਵਾਰ ਢੰਗ ਨਾਲ ਮਜ਼ਬੂਤ ਅਤੇ ਨਵੀਨੀਕਰਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 'ਪ੍ਰਧਾਨ ਮੰਤਰੀ ਮਤਸਯ ਸੰਪਦਾ ਯੋਜਨਾ' ਤਹਿਤ ਹਿਸਾਰ ਅਤੇ ਫਰੀਦਾਬਾਦ ਜ਼ਿਲ੍ਹਿਆਂ ਵਿੱਚ ਕੁੱਲ 100 ਕਰੋੜ ਰੁਪਏ ਦੀ ਲਾਗਤ ਨਾਲ ਦੋ ਆਧੁਨਿਕ ਮੱਛੀ ਮੰਡੀਆਂ ਸਥਾਪਤ ਕੀਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਨ੍ਹਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਜਲਦੀ ਹੀ ਵਿਸਥਾਰ ਪ੍ਰੋਜੈਕਟ ਰਿਪੋਰਟ (ਡੀਪੀਆਰ) ਤਿਆਰ ਕਰਕੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸੇ ਯੋਜਨਾ ਤਹਿਤ ਕਰਨਾਲ ਵਿੱਚ 50 ਕਰੋੜ ਰੁਪਏ ਦੀ ਲਾਗਤ ਨਾਲ ਮੱਛੀ ਪ੍ਰੋਸੈਸਿੰਗ ਯੂਨਿਟ ਸਥਾਪਤ ਕਰਨ ਦੀ ਦਿਸ਼ਾ ਵਿੱਚ ਕੰਮ ਸ਼ੁਰੂ ਹੋ ਗਿਆ ਹੈ। ਇਸ ਦਾ ਕੰਮ ਦਸੰਬਰ 2028 ਤੱਕ ਪੂਰਾ ਹੋ ਜਾਵੇਗਾ। ਸ੍ਰੀ ਸ਼ਿਆਮ ਸਿੰਘ ਰਾਣਾ ਨੇ ਪਿਛਲੇ ਵਿੱਤੀ ਸਾਲ ਦੀਆਂ ਪੈਂਡਿੰਗ ਘੋਸ਼ਣਾਵਾਂ ਦੀ ਸਥਿਤੀ ਬਾਰੇ ਵੀ ਜਾਣਕਾਰੀ ਲਈ ਅਤੇ ਅਧਿਕਾਰੀਆਂ ਨੂੰ ਬਕਾਇਆ ਘੋਸ਼ਣਾਵਾਂ ਜਲਦੀ ਤੋਂ ਜਲਦੀ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਵੀਡਨ ਦੌਰੇ ਦੌਰਾਨ 4000 ਕਰੋੜ ਰੁਪਏ ਦੇ ਐਲਓਆਈ 'ਤੇ ਦਸਤਖ਼ਤ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਵੀਡਨ ਦੇ ਇਤਿਹਾਸਕ ਦੌਰੇ ਦੌਰਾਨ ਸੂਬਾ ਸਰਕਾਰ ਅਤੇ ਸਵੀਡਿਸ਼ ਕੰਪਨੀਆਂ ਵਿਚਕਾਰ ਕੁੱਲ 4000 ਕਰੋੜ ਰੁਪਏ ਦੇ ਲੈਟਰ ਆਫ਼ ਇੰਟੈਂਟ (ਐਲਓਆਈ) 'ਤੇ ਦਸਤਖ਼ਤ ਕੀਤੇ ਗਏ। ਇਸ ਮਹੱਤਵਪੂਰਨ ਦੌਰੇ ਨੇ ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ, ਨਿਵੇਸ਼, ਆਰਥਿਕ ਸਹਿਯੋਗ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹੇ ਹਨ। ਇਸ ਮੌਕੇ ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਵੀ ਨਾਲ ਮੌਜੂਦ ਰਹੇ।

ਦੌਰੇ ਦੌਰਾਨ ਗੁਰੂਗ੍ਰਾਮ ਅਤੇ ਸਟਾਕਹੋਮ ਸ਼ਹਿਰਾਂ ਵਿਚਕਾਰ ਸਿਟੀ-ਟੂ-ਸਿਟੀ ਸਹਿਯੋਗ ਸਮਝੌਤਾ ਹੋਇਆ। ਦੋਵੇਂ ਸ਼ਹਿਰ ਤਕਨੀਕੀ ਨਵੀਨਤਾ, ਸਮਾਰਟ ਸਿਟੀ ਹੱਲ, ਟਿਕਾਊ ਸ਼ਹਿਰੀ ਵਿਕਾਸ, ਗਿਆਨ ਦੇ ਆਦਾਨ-ਪ੍ਰਦਾਨ ਅਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਖੇਤਰਾਂ ਵਿੱਚ ਮਿਲ ਕੇ ਕੰਮ ਕਰਨਗੇ। ਇਹ ਸਹਿਯੋਗ ਦੋਵਾਂ ਸ਼ਹਿਰਾਂ ਵਿਚਕਾਰ ਲੰਬੇ



ਸਮੇਂ ਦੀ ਭਾਈਵਾਲੀ ਨੂੰ ਮਜ਼ਬੂਤ ਕਰੇਗਾ।

ਸਸ਼ਕਤ ਭਾਰਤ-ਆਤਮਨਿਰਭਰ ਭਾਰਤ ਦੇ ਵਿਜ਼ਨ ਦੇ ਅਨੁਸਾਰ ਹਰਿਆਣਾ ਸਰਕਾਰ ਨੇ 3000 ਕਰੋੜ ਰੁਪਏ ਦੇ ਇੱਕ ਵੱਡੇ ਐਲਓਆਈ 'ਤੇ ਦਸਤਖ਼ਤ ਕੀਤੇ। ਇਸ ਤੋਂ ਇਲਾਵਾ ਰਿਟੇਲ ਸੈਕਟਰ ਅਤੇ ਵੇਅਰਹਾਊਸਿੰਗ ਸੈਕਟਰ ਵਿੱਚ 1000 ਕਰੋੜ ਰੁਪਏ ਦੇ ਐਲਓਆਈ 'ਤੇ ਵੀ ਸਹਿਮਤੀ ਬਣੀ। ਇਨ੍ਹਾਂ ਸਮਝੌਤਿਆਂ ਨਾਲ ਸੂਬੇ ਵਿੱਚ ਆਧੁਨਿਕ ਵੇਅਰਹਾਊਸਿੰਗ ਬੁਨਿਆਦੀ ਢਾਂਚੇ, ਰਿਟੇਲ ਚੇਨਾਂ ਦੇ ਵਿਸਥਾਰ ਅਤੇ ਲੌਜਿਸਟਿਕਸ ਖੇਤਰ ਵਿੱਚ ਨਵੇਂ ਨਿਵੇਸ਼ ਆਉਣ ਦੀ ਉਮੀਦ ਹੈ।

ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ ਵਧਾਉਣ ਅਤੇ ਆਰਥਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਵੀ ਮਹੱਤਵਪੂਰਨ ਸਮਝੌਤਾ ਹੋਇਆ। ਸਵੀਡਿਸ਼ ਕੰਪਨੀਆਂ ਨੇ ਹਰਿਆਣਾ ਦੇ ਹੁਨਰਮੰਦ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਉਪਲਬਧ ਕਰਵਾਉਣ ਦਾ ਭਰੋਸਾ ਦਿੱਤਾ ਹੈ। ਇਸ ਨਾਲ ਸੂਬੇ ਦੇ ਨੌਜਵਾਨਾਂ ਲਈ ਅੰਤਰਰਾਸ਼ਟਰੀ ਪੱਧਰ ਦੇ ਹੁਨਰ ਵਿਕਾਸ, ਸਿਖਲਾਈ ਅਤੇ ਰੁਜ਼ਗਾਰ ਦੇ ਨਵੇਂ ਰਾਹ ਖੁੱਲ੍ਹਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਦੌਰਾ ਹਰਿਆਣਾ ਨੂੰ ਵਿਸ਼ਵ ਪੱਧਰ 'ਤੇ ਨਿਵੇਸ਼ ਦੇ ਨਕਸ਼ੇ 'ਤੇ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਸਵੀਡਨ ਦੀ ਉੱਨਤ ਤਕਨਾਲੋਜੀ, ਨਵੀਨਤਾ ਅਤੇ ਟਿਕਾਊ ਵਿਕਾਸ ਦੇ ਮਾਡਲ ਨੂੰ ਹਰਿਆਣਾ ਦੀ ਗਤੀਸ਼ੀਲ ਅਰਥਵਿਵਸਥਾ ਅਤੇ ਨੌਜਵਾਨ ਸ਼ਕਤੀ ਨਾਲ ਜੋੜ ਕੇ ਸੂਬੇ ਨੂੰ ਆਤਮਨਿਰਭਰ ਭਾਰਤ ਦੇ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।

## ਟੀਚਾ ਹਾਸਲ ਕਰਨ ਲਈ ਮੈਦਾਨ ਵਿੱਚ ਉਤਰਨਾ ਜ਼ਰੂਰੀ, ਜਿੱਤ-ਹਾਰ ਤੋਂ ਨਿਰਾਸ਼ ਨਾ ਹੋਣ ਖਿਡਾਰੀ : ਰਾਓ ਨਰਬੀਰ ਸਿੰਘ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਜੀਵਨ ਵਿੱਚ ਨਿਰਧਾਰਤ ਟੀਚਿਆਂ ਨੂੰ ਹਾਸਲ ਕਰਨ ਲਈ ਮੈਦਾਨ ਵਿੱਚ ਉਤਰਨਾ ਜ਼ਰੂਰੀ ਹੈ, ਭਾਵੇਂ ਉਹ ਖੇਡ ਦਾ ਮੈਦਾਨ ਹੋਵੇ ਜਾਂ ਸੰਘਰਸ਼ ਦਾ। ਸਫਲਤਾ ਦੇ ਰਾਹ 'ਤੇ ਚੱਲਣ ਲਈ ਯਤਨ ਕਰਨਾ ਅਤੇ ਚੁਣੌਤੀਆਂ ਦਾ ਸਾਹਮਣਾ ਕਰਨਾ ਪਹਿਲੀ ਸ਼ਰਤ ਹੈ। ਜਿੱਤਣ ਵਾਲਿਆਂ ਨੂੰ ਵਧਾਈਆਂ ਮਿਲਦੀਆਂ ਹਨ, ਪਰ ਕਿਸੇ ਕਾਰਨ ਟੀਚਾ ਹਾਸਲ ਨਾ ਕਰ ਸਕਣ ਵਾਲਿਆਂ ਨੂੰ ਵੀ ਨਿਰਾਸ਼ ਨਹੀਂ ਹੋਣਾ ਚਾਹੀਦਾ, ਕਿਉਂਕਿ ਹਰ ਯਤਨ ਅੱਗੇ ਵਧਣ ਦਾ ਨਵਾਂ ਮੌਕਾ ਦਿੰਦਾ ਹੈ।

ਕੈਬਨਿਟ ਮੰਤਰੀ ਗੁਰੂਗ੍ਰਾਮ ਵਿੱਚ ਸਮਾਲ ਸਾਈਡ ਹਰਿਆਣਾ ਫੁੱਟਬਾਲ ਐਸੋਸੀਏਸ਼ਨ ਵੱਲੋਂ ਕਰਵਾਈ ਗਈ ਰਾਓ ਮਹਾਬੀਰ ਸਿੰਘ ਮੈਮੋਰੀਅਲ ਸਮਾਲ ਸਾਈਡ ਇਨਵੀਟੇਸ਼ਨਲ ਨੈਸ਼ਨਲ ਫੁੱਟਬਾਲ ਚੈਂਪੀਅਨਸ਼ਿਪ ਵਿੱਚ ਮੁੱਖ ਮਹਿਮਾਨ ਵਜੋਂ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਹ ਮੁਕਾਬਲਾ ਪ੍ਰਾਈਮ ਸਕਾਲਰਜ਼ ਇੰਟਰਨੈਸ਼ਨਲ ਸਕੂਲ ਵਿੱਚ 16 ਤੋਂ 18 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਅੰਡਰ-



14 ਅਤੇ ਅੰਡਰ-17 ਉਮਰ ਵਰਗ ਦੇ ਲੜਕੇ ਖਿਡਾਰੀ ਹਿੱਸਾ ਲੈ ਰਹੇ ਹਨ।

ਉਨ੍ਹਾਂ ਕਿਹਾ ਕਿ ਹਰਿਆਣਾ ਦੀ ਆਬਾਦੀ ਦੇਸ਼ ਦੀ ਕੁੱਲ ਆਬਾਦੀ ਦਾ ਲਗਭਗ ਦੋ ਪ੍ਰਤੀਸ਼ਤ ਹੈ, ਪਰ ਜਦੋਂ ਖੇਡਾਂ ਦੀ ਗੱਲ ਆਉਂਦੀ ਹੈ ਤਾਂ ਸੂਬੇ ਦੇ ਖਿਡਾਰੀ ਕਾਮਨਵੈਲਥ ਖੇਡਾਂ, ਏਸ਼ਿਆਈ ਖੇਡਾਂ, ਪੈਰਾਲੰਪਿਕ ਅਤੇ ਓਲੰਪਿਕ ਵਰਗੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਸ਼ ਦਾ ਨਾਂ ਰੌਸ਼ਨ ਕਰਦੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਪ੍ਰਤਿਭਾਸ਼ਾਲੀ ਖਿਡਾਰੀਆਂ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਕਾਰਨ ਹਰਿਆਣਾ ਨੇ ਖੇਡਾਂ ਦੇ ਖੇਤਰ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾਈ ਹੈ।

ਉਦਯੋਗ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਭਾਰਤ ਨੂੰ ਕਿਸ ਦਿਸ਼ਾ ਅਤੇ ਦਸ਼ਾ ਵਿੱਚ ਅੱਗੇ ਲੈ ਕੇ ਜਾਣਾ ਹੈ, ਇਹ ਅੱਜ ਦੀ ਨੌਜਵਾਨ ਪੀੜ੍ਹੀ ਤੈਅ ਕਰੇਗੀ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਾਲ 2047 ਤੱਕ, ਭਾਵ ਦੇਸ਼ ਦੀ ਆਜ਼ਾਦੀ ਦੇ 100 ਸਾਲ ਪੂਰੇ ਹੋਣ ਤੱਕ, ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦਾ ਟੀਚਾ ਰੱਖਿਆ ਹੈ। ਉਨ੍ਹਾਂ ਕਿਹਾ ਕਿ ਵਿਕਸਤ ਭਾਰਤ ਦਾ ਅਰਥ ਸਿਰਫ਼ ਆਰਥਿਕ ਵਿਕਾਸ ਜਾਂ ਅਰਥਵਿਵਸਥਾ ਦੇ ਆਕਾਰ ਵਿੱਚ ਵਾਧਾ ਕਰਨਾ ਨਹੀਂ ਹੈ, ਸਗੋਂ ਖੇਡਾਂ, ਸਿਹਤ, ਵਾਤਾਵਰਣ ਦੀ ਸੰਭਾਲ, ਸਮਾਜਿਕ ਵਿਹਾਰ, ਵਿਗਿਆਨ ਅਤੇ ਤਕਨਾਲੋਜੀ ਸਮੇਤ ਹਰ ਖੇਤਰ ਵਿੱਚ ਤਰੱਕੀ ਕਰਨਾ ਹੈ।

ਉਨ੍ਹਾਂ ਕਿਹਾ ਕਿ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਲਈ ਨੌਜਵਾਨ ਪੀੜ੍ਹੀ ਨੂੰ ਆਪਣੀ ਪ੍ਰਤਿਭਾ ਅਤੇ ਊਰਜਾ ਦੀ ਸਕਾਰਾਤਮਕ ਵਰਤੋਂ ਕਰਨੀ ਹੋਵੇਗੀ। ਸਾਡੇ ਪੁਰਖਿਆਂ ਨੇ ਭਾਰਤ ਦੇ ਵਿਸ਼ਵਗੁਰੂ ਹੋਣ ਦੀ ਮਾਣਮੱਤੀ ਪਰੰਪਰਾ ਬਾਰੇ ਦੱਸਿਆ ਹੈ।

ਦੇਸ਼ ਨੂੰ ਮੁੜ ਇਸ ਸਥਾਨ 'ਤੇ ਪਹੁੰਚਾਉਣ ਲਈ ਸਿੱਖਿਆ, ਨਵੀਨਤਾ, ਤਕਨੀਕੀ ਵਿਕਾਸ ਅਤੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨਾ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਖੇਡਾਂ ਦੇ ਨਾਲ-ਨਾਲ ਸਿੱਖਿਆ, ਹੁਨਰ ਵਿਕਾਸ ਅਤੇ ਤਕਨੀਕੀ ਖੇਤਰ ਵਿੱਚ ਵੀ ਅੱਗੇ ਵਧਣ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

## ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਨੋਟਿਸ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੇਂਦਰੀ ਗ੍ਰਹਿ ਮੰਤਰਾਲੇ ਨੇ ਮਾਨਸਾ 'ਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦਾ ਸਖ਼ਤ ਨੋਟਿਸ ਲਿਆ ਹੈ। ਹੁਣ ਇਹ ਮਾਮਲਾ ਕੌਮੀ ਪੱਧਰ 'ਤੇ ਗੂੰਜਣ ਲੱਗਿਆ ਹੈ। ਭਾਜਪਾ ਅਤੇ ਆਮ ਆਦਮੀ ਪਾਰਟੀ ਨਸ਼ਿਆਂ ਦੇ ਮੁੱਦੇ 'ਤੇ ਇੱਕ ਦੂਜੇ 'ਤੇ ਤੋਹਮਤਬਾਜ਼ੀ ਵੀ ਲਾਉਣ ਲੱਗੀਆਂ ਹਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ 'ਐਕਸ' 'ਤੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਅਤੇ ਦਿੜ੍ਹਬਾ 'ਚ ਇੱਕ ਬਾਪ ਵੱਲੋਂ ਦਬਾਅ ਹੇਠ ਕੀਤੀ ਖ਼ੁਦਕੁਸ਼ੀ ਦੇ ਮਾਮਲੇ 'ਤੇ ਕੇਂਦਰੀ ਗ੍ਰਹਿ ਮੰਤਰਾਲਾ ਪੰਜਾਬ ਸਰਕਾਰ ਤੋਂ ਜਵਾਬ ਤਲਬ ਕਰੇਗਾ।

ਪੰਜਾਬ ਅੱਜ ਨਸ਼ੇ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧਦੇ ਖ਼ਤਰੇ ਨਾਲ ਜੂਝ ਰਿਹਾ ਹੈ। ਭਗਵੰਤ ਮਾਨ ਸਰਕਾਰ ਦੇ ਸਾਹਮਣੇ ਸਭ ਤੋਂ ਵੱਡਾ ਸਵਾਲ ਹੈ ਕਿ ਆਖ਼ਰ ਪੰਜਾਬ ਦੀ ਜਨਤਾ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਨਿਭਾਏਗਾ?

ਦਿੜ੍ਹਬਾ ਵਿੱਚ ਇੱਕ ਪਿਤਾ ਦਾ ਦਬਾਅ ਵਿੱਚ ਜ਼ਹਿਰ ਖਾ ਲੈਣਾ ਅਤੇ ਮਾਨਸਾ ਵਿੱਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਹੱਤਿਆ ਨੇ ਪੰਜਾਬ ਦੀ ਕਾਨੂੰਨ-ਵਿਵਸਥਾ @ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪਰਵਿੰਦਰ ਦੇ ਪਿਤਾ ਨੇ @ਆਪ@ ਸਰਕਾਰ ਅਤੇ ਉਨ੍ਹਾਂ ਦੇ ਵਿਧਾਇਕ @ਤੇ ਗੰਭੀਰ ਦੋਸ਼ ਲਗਾਏ ਹਨ। ਗ੍ਰਹਿ ਮੰਤਰਾਲਾ ਵੀ ਇਨ੍ਹਾਂ ਦੋਵਾਂ ਘਟਨਾਵਾਂ @ਤੇ ਪੰਜਾਬ ਸਰਕਾਰ ਤੋਂ ਜਵਾਬ ਮੰਗੇਗਾ।

ਪੰਜਾਬ ਵਿੱਚ ਨਸ਼ੇ ਦਾ ਕਾਰੋਬਾਰ ਦਿਨੋਂ-ਦਿਨ ਵਧ ਰਿਹਾ ਹੈ, ਸੰਗਠਿਤ ਅਪਰਾਧ ਦਾ ਖ਼ਤਰਾ ਵਧ ਰਿਹਾ ਹੈ ਅਤੇ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਦੀ ਸੁਰੱਖਿਆ @ਤੇ ਸਵਾਲ ਖੜ੍ਹੇ ਹੋ ਰਹੇ ਹਨ।

ਭਗਵੰਤ ਮਾਨ ਜੀ, ਪੰਜਾਬ ਦੀ ਜਨਤਾ ਨੂੰ ਪ੍ਰਚਾਰ ਨਹੀਂ, ਜਵਾਬ, ਐਲਾਨ ਨਹੀਂ, ਨਤੀਜੇ, ਨਸ਼ੇ ਦੇ ਨੈੱਟਵਰਕ @ਤੇ ਨਿਰਣਾਇਕ ਪ੍ਰਹਾਰ ਅਤੇ ਅਪਰਾਧੀਆਂ ਨੂੰ ਮਿਲਣ ਵਾਲੀ ਕਿਸੇ ਵੀ ਰਾਜਨੀਤਿਕ ਸਰਪ੍ਰਸਤੀ ਦੀ ਨਿਰਪੱਖ ਜਾਂਚ ਚਾਹੀਦੀ ਹੈ।

ਮੈਂ ਅੱਜ ਪੰਜਾਬ ਦੀ ਜਨਤਾ ਦੇ ਸਾਹਮਣੇ ਆਪਣਾ ਸੰਕਲਪ ਦੁਹਰਾਉਂਦਾ ਹਾਂ ਕਿ ਪੰਜਾਬ ਵਿੱਚ ਸਾਡੀ ਸਰਕਾਰ ਬਣਨ @ਤੇ ਅਸੀਂ ਨਸ਼ਾਮੁਕਤ, ਗੈਂਗਸਟਰਮੁਕਤ ਅਤੇ ਸੁਰੱਖਿਅਤ ਪੰਜਾਬ ਬਣਾਉਣ ਲਈ ਪੂਰੀ ਤਾਕਤ ਨਾਲ ਕੰਮ ਕਰਾਂਗੇ।

ਸਾਡਾ ਟੀਚਾ ਸਪੱਸ਼ਟ ਹੈ – ਨਸ਼ੇ ਦੇ ਕਾਰੋਬਾਰ @ਤੇ ਪ੍ਰਹਾਰ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ, ਅਪਰਾਧੀਆਂ @ਤੇ ਸਖ਼ਤ ਕਾਰਵਾਈ ਅਤੇ ਕਾਨੂੰਨ ਦਾ ਅਜਿਹਾ ਰਾਜ, ਜਿਸ ਵਿੱਚ ਕੋਈ ਵੀ ਨਾਗਰਿਕ ਡਰ ਦੇ ਸਾਏ ਵਿੱਚ ਜਿਊਣ ਲਈ ਮਜਬੂਰ ਨਾ ਹੋਵੇ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਨੇ 'ਆਪ' ਸਰਕਾਰ



ਅਤੇ ਇੱਕ ਵਿਧਾਇਕ 'ਤੇ ਗੰਭੀਰ ਦੋਸ਼ ਲਾਏ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਨਸ਼ਿਆਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵੱਧ ਰਹੇ ਖ਼ਤਰਿਆਂ ਨਾਲ ਜੂਝ ਰਿਹਾ ਹੈ। ਉਨ੍ਹਾਂ ਮਾਨ ਸਰਕਾਰ ਨੂੰ ਸਵਾਲ ਕੀਤਾ ਹੈ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਆਖ਼ਰਕਾਰ ਕੌਣ ਲਵੇਗਾ? ਅਮਿਤ ਸ਼ਾਹ ਨੇ ਕਿਹਾ ਕਿ ਨਸ਼ਾ ਤਸਕਰੀ ਪੰਜਾਬ 'ਚ ਵਧ ਰਹੀ ਹੈ, ਸੰਗਠਿਤ ਅਪਰਾਧ ਦਾ ਖ਼ਤਰੇ ਵਧ ਰਿਹਾ ਹੈ ਅਤੇ ਨਸ਼ਿਆਂ ਖ਼ਿਲਾਫ਼ ਬੋਲਣ ਵਾਲੇ ਸੁਰੱਖਿਅਤ ਨਹੀਂ। ਇਸ ਕਰ ਕੇ ਨਸ਼ਾ ਨੈੱਟਵਰਕ ਤੋੜਨਾ ਪਵੇਗਾ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੁਖ਼ਾਤਬ ਹੁੰਦੇ ਹੋਏ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਨਤੀਜੇ ਚਾਹੀਦੇ ਹਨ, ਨਾ ਕਿ ਐਲਾਨ।

ਅਪਰਾਧੀਆਂ ਨੂੰ ਮਿਲ ਰਹੀ ਕਿਸੇ ਵੀ ਸਿਆਸੀ ਸਰਪ੍ਰਸਤੀ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਚੇਤੇ ਰਹੇ ਕਿ ਭਾਜਪਾ ਵੱਲੋਂ 30 ਸਤੰਬਰ ਨੂੰ ਹੀ ਅਮਿਤ ਸ਼ਾਹ ਦੀ ਜਲੰਧਰ ਰੈਲੀ ਨਾਲ 'ਨਸ਼ਾ ਮੁਕਤ ਪੰਜਾਬ' ਯਾਤਰਾ ਦੀ ਸਮਾਪਤੀ ਕੀਤੀ ਗਈ ਸੀ ਜਿਸ 'ਚ ਅਮਿਤ ਸ਼ਾਹ ਨੇ 2029 ਤੱਕ ਪੰਜਾਬ ਵਿਚੋਂ ਨਸ਼ਾ ਖ਼ਤਮ ਕਰਨ ਦੀ ਗੱਲ ਕਹੀ ਸੀ। ਅੱਜ ਮੁੜ ਕੇਂਦਰੀ ਗ੍ਰਹਿ ਮੰਤਰੀ ਨੇ ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨ 'ਤੇ ਨਸ਼ਾ ਮੁਕਤ, ਗੈਂਗਸਟਰ ਮੁਕਤ ਅਤੇ ਸੁਰੱਖਿਅਤ ਪੰਜਾਬ ਬਣਾਉਣ ਲਈ ਅਹਿਦ ਲਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਟੀਚਾ ਸਪਸ਼ਟ ਹੈ ਜਿਸ ਦੀ ਪੂਰਤੀ ਲਈ ਪੂਰੀ ਤਾਕਤ ਨਾਲ ਕੰਮ ਕਰਾਂਗੇ।

ਉਨ੍ਹਾਂ ਅਜਿਹਾ ਪੰਜਾਬ ਸਿਰਜਣ ਦੀ ਗੱਲ ਕਹੀ ਕਿ ਜਿਸ 'ਚ ਕਿਸੇ ਵੀ ਨਾਗਰਿਕ ਨੂੰ ਡਰ ਦੇ ਸਾਏ ਹੇਠ ਜਿਊਣ ਲਈ ਮਜਬੂਰ ਨਾ ਹੋਣਾ ਪਵੇ। ਅਪਰਾਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇਗੀ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਾਂਗੇ। ਪੰਜਾਬ ਭਾਜਪਾ ਤਰਫ਼ੋਂ ਵੀ ਨਸ਼ਿਆਂ ਅਤੇ ਅਮਨ ਕਾਨੂੰਨ ਵਿਵਸਥਾ ਨੂੰ ਮੁੱਖ ਮੁੱਦੇ ਦੇ ਤੌਰ 'ਤੇ ਉਭਾਰਿਆ ਜਾ ਰਿਹਾ ਹੈ।

## ਪਰਮਿੰਦਰ ਸਿੰਘ ਝੋਟਾ ਦੇ ਕਤਲ 'ਤੇ ਭਖਿਆ ਪੰਜਾਬ, ਨਸ਼ਾ ਤਸਕਰੀ ਤੇ ਵਿਗੜੀ ਕਾਨੂੰਨ ਵਿਵਸਥਾ ਵਿਰੁੱਧ ਵਾਰਿਸ ਪੰਜਾਬ ਦੇ ਨੇ ਚੁੱਕੀ ਆਵਾਜ

**ਨਾਭਾ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਤਿੰਦਰ ਸਿੰਘ ਰਾਜੂ (ਹਲਕਾ ਨਾਭਾ ), ਵਾਰਿਸ ਪੰਜਾਬ ਦੇ, ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਪੰਜਾਬ ਦਾ ਇੱਕ ਸੰਘਰਸ਼ਸ਼ੀਲ ਯੋਧਾ ਸੀ, ਜੋ ਲੰਮੇ ਸਮੇਂ ਤੋਂ ਪੰਜਾਬ ਵਿੱਚੋਂ ਨਸ਼ਿਆਂ ਦਾ ਖ਼ਾਤਮਾ ਕਰਵਾਉਣ ਲਈ ਨਸ਼ਾ ਤਸਕਰਾਂ ਵਿਰੁੱਧ ਜੰਗ ਲੜ ਰਿਹਾ ਸੀ। ਪਰਮਿੰਦਰ ਸਿੰਘ ਝੋਟਾ ਦੇ ਹੋਏ ਕਤਲ ਦੇ ਮਾਮਲੇ ਨੂੰ ਲੈ ਕੇ ਅੱਜ ਸਾਰਾ ਪੰਜਾਬ ਰੋਸ ਦੀ ਅੱਗ ਵਿੱਚ ਸੜ ਰਿਹਾ ਹੈ। ਪੂਰੇ ਪੰਜਾਬ ਵਿੱਚ ਸੋਗ ਦੀ ਲਹਿਰ ਫੈਲੀ ਹੋਈ ਹੈ ਅਤੇ ਹਰ ਪਾਸੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਕਰਨ ਵਿੱਚ ਅਸਫ਼ਲ ਰਹੀ ਹੈ। ਪੰਜਾਬ ਵਿੱਚ ਨਸ਼ਾ ਤਸਕਰੀ ਦਿਨੋਂ-ਦਿਨ



ਵਧ ਰਹੀ ਹੈ। ਅੱਜ ਪੰਜਾਬ ਦੇ ਹਰ ਪਿੰਡ ਅਤੇ ਹਰ ਸ਼ਹਿਰ ਦੀਆਂ ਗਲੀਆਂ ਤੱਕ ਨਸ਼ਾ ਪਹੁੰਚ ਚੁੱਕਾ ਹੈ। ਹਾਲਾਤ ਇਹ ਹਨ ਕਿ ਘਰ-ਘਰ ਨਸ਼ਿਆਂ ਦੀ ਸਪਲਾਈ ਹੋ ਰਹੀ ਹੈ ਅਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਵਾਰਿਸ ਪੰਜਾਬ ਦੇ ਪਾਰਟੀ ਪਰਮਿੰਦਰ ਸਿੰਘ ਝੋਟਾ ਦੇ ਹੱਕ ਵਿੱਚ ਪੂਰੀ ਤਰ੍ਹਾਂ ਖੜ੍ਹੀ ਹੈ ਅਤੇ ਹਰ ਸਮੇਂ ਉਨ੍ਹਾਂ ਦੇ ਪਰਿਵਾਰ ਤੇ ਹਮਾਇਤੀਆਂ ਦੇ ਨਾਲ ਡਟ ਕੇ ਖੜ੍ਹੀ ਰਹੇਗੀ।

## ਹਰਿਆਣਾ ਸਰਕਾਰ ਨੇ ਰੈਗੂਲਰਾਈਜ਼ੇਸ਼ਨ ਪਾਲਿਸੀ ਤਹਿਤ ਰੈਗੂਲਰ ਕੀਤੇ ਗਏ ਕਰਮਚਾਰੀਆਂ ਦਾ ਵੇਰਵਾ ਮੰਗਿਆ

**ਚੰਡੀਗੜ੍ਹ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਸਾਲ 2014 ਦੀਆਂ ਰੈਗੂਲਰਾਈਜ਼ੇਸ਼ਨ ਨੀਤੀਆਂ ਅਤੇ ਹੋਰ ਸਮਾਨ ਨੀਤੀਆਂ ਤਹਿਤ ਰੈਗੂਲਰ ਕੀਤੇ ਗਏ ਕਰਮਚਾਰੀਆਂ ਦਾ ਵੇਰਵਾ ਇਕੱਠਾ ਕਰਨ ਲਈ ਸਾਰੇ ਸਬੰਧਤ ਵਿਭਾਗਾਂ, ਦਫ਼ਤਰਾਂ ਅਤੇ ਸੰਗਠਨਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇਨ੍ਹਾਂ ਨਿਰਦੇਸ਼ਾਂ ਅਨੁਸਾਰ, 16 ਜੂਨ, 18 ਜੂਨ ਅਤੇ 7 ਜੁਲਾਈ, 2014 ਨੂੰ ਜਾਰੀ ਕੀਤੀਆਂ ਗਈਆਂ ਰੈਗੂਲਰਾਈਜ਼ੇਸ਼ਨ ਨੀਤੀਆਂ ਅਤੇ ਸਮੇਂ-ਸਮੇਂ 'ਤੇ ਇਨ੍ਹਾਂ ਵਿੱਚ ਕੀਤੀਆਂ ਗਈਆਂ ਸੋਧਾਂ ਅਤੇ ਹੋਰ ਸਮਾਨ ਨੀਤੀਆਂ ਤਹਿਤ ਰੈਗੂਲਰ ਕੀਤੇ ਗਏ ਗਰੁੱਪ-ਬੀ, ਸੀ ਅਤੇ ਡੀ ਦੇ ਕਰਮਚਾਰੀਆਂ ਦੀ ਗਿਣਤੀ ਨਾਲ ਸਬੰਧਤ ਜਾਣਕਾਰੀ ਨਿਰਧਾਰਤ ਪ੍ਰੋਫਾਰਮੇ ਵਿੱਚ ਉਪਲਬਧ ਕਰਵਾਉਣੀ ਹੋਵੇਗੀ।

## ਸਰਬ ਸਾਂਝਾ ਵੈਲਫੇਅਰ ਸੋਸਾਇਟੀ ਵੱਲੋਂ ਸਮੂਹਿਕ ਆਨੰਦ ਕਾਰਜ ਪਹਿਲੀ ਨਵੰਬਰ ਨੂੰ ਵਿਧਾਇਕ ਕੁਲਵੰਤ ਸਿੰਘ ਹੋਰਾਂ ਕੀਤਾ ਪੋਸਟਰ ਰਿਲੀਜ




**ਮੁਹਾਲੀ, 17 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ.) ਮੋਹਾਲੀ ਦੀ ਤਰਫੋਂ ਹਰ ਸਾਲ ਵਿਧਾਇਕ ਮੋਹਾਲੀ- ਕੁਲਵੰਤ ਸਿੰਘ ਦੀ ਸਰਪਸਤੀ ਦੇ ਹੇਠ ਸਮੂਹਿਕ ਆਨੰਦ ਕਾਰਜ ਕਰਵਾਏ ਜਾਂਦੇ ਹਨ , ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਵਿਸ਼ੇਸ਼ ਸਹਿਯੋਗ ਨਾਲ ਇਸ ਵਾਰ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਅਨੰਦ ਕਾਰਜ -ਗੁਰਦੁਆਰਾ ਨਾਨਕ ਦਰਬਾਰ ਸਾਹਿਬ ,ਸੈਕਟਰ 90-91, ਮੋਹਾਲੀ ਵਿਖੇ ਕਰਵਾਏ ਜਾ ਰਹੇ ਹਨ। ਪੋਸਟਰ ਰਿਲੀਜ਼ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ.) ਦੀ ਤਰਫੋਂ ਹਰ ਸਾਲ ਪ੍ਰਧਾਨ -ਫੂਲਰਾਜ ਸਿੰਘ ਦੀ ਅਗਵਾਈ ਹੇਠ ਇਹ ਵੱਡਾ ਪ੍ਰੋਗਰਾਮ ਕਰਵਾਇਆ ਜਾਂਦਾ ਹੈ ਅਤੇ ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਜਾਂਦੇ ਹਨ, ਇਸ ਮਹਾਨ ਪਵਿੱਤਰ ਕਾਰਜ ਦੇ ਲਈ ਸੁਸਾਇਟੀ ਦੇ ਸਭਨਾਂ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਦਿਨ -ਰਾਤ ਇੱਕ ਕਰਕੇ ਇਸ ਪਾਵਨ ਕਾਰਜ ਨੂੰ ਨੇਪਰੇ ਚੜਿਆ ਜਾਂਦਾ ਹੈ ਅਤੇ ਉਹਾਂ ਨੂੰ ਵੀ ਇਸ ਸਮੂਹਿਕ ਅਨੰਦ ਕਾਰਜ ਦੇ ਵਿੱਚ ਹਿੱਸਾ ਲੈਣ ਦਾ ਹਰ ਵਾਰ ਮੌਕਾ ਮਿਲਦਾ ਹੈ ਅਤੇ ਹੁਣ ਵੀ ਜਿਸ ਉਤਸ਼ਾਹ ਦੇ ਨਾਲ ਇਹ ਸੁਸਾਇਟੀ ਮੈਂਬਰ ਤਿਆਰੀ ਵਿੱਚ ਜੁਟੇ ਹੋਏ ਹਨ, ਇਹਦੇ ਕਾਬਲੇ ਤਾਰੀਫ ਹੈ, ਕਿਉਂਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਆਪਣਾ ਨਿਜੀ ਕੰਮ -ਕਾਜ ਛੱਡ ਕੇ ਸਮਾਂ ਦੇਣਾ ਇੱਕ ਵੱਡੀ ਗੱਲ ਹੈ, ਅਤੇ ਇਸ ਨਾਲ ਹੋਰਨਾ ਸਮਾਜ ਸੇਵੀ ਜਥੇਬੰਦੀਆਂ ਅਤੇ ਸਮਾਜ ਸੇਵਕਾਂ ਨੂੰ ਵੀ ਪ੍ਰੇਰਣਾ ਅਤੇ ਸੇਧ ਮਿਲਦੀ ਹੈ ਇਸ ਸਮਾਗਮ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸਟੇਟ ਐਵਾਰਡੀ ਅਤੇ ਸਰਬ ਸਾਂਝਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ -ਫੂਲਰਾਜ ਸਿੰਘ ਹੋਰਾਂ ਨੇ ਦੱਸਿਆ ਕਿ ਇਸ ਸਬੰਧੀ ਗੁਰਦੀਪ ਸਿੰਘ ਟਿਵਾਣਾ- ਸੀਨੀਅਰ ਮੀਤ ਪ੍ਰਧਾਨ,ਨਿਹਾਲ ਸਿੰਘ ਵਿਰਕ- ਮੀਤ ਪ੍ਰਧਾਨ, ਬਲਵਿੰਦਰ ਸਿੰਘ ਗੁਰਾਇਆ-ਮੀਤ ਪ੍ਰਧਾਨ, ਗੁਰਵੀਰ ਸਿੰਘ ਬੱਗਾ-ਜਨਰਲ ਸਕੱਤਰ ,ਗੁਰਮੀਤ ਸਿੰਘ ਖਜਾਨਚੀ, ਜਦਕਿ ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਪ੍ਰਧਾਨ- ਭੁਪਿੰਦਰ ਸਿੰਘ ਕਬੱਡੀ ਕੋਚ, ਹਰਮੇਸ਼ ਸਿੰਘ ਕੁੰਬੜਾ -ਸਰਪ੍ਰਸਤ ,ਹਰਮਿੰਦਰ ਸਿੰਘ ਮਾਖਾ - ਜਨਰਲ ਸਕੱਤਰ ਤੇ ਅਧਾਰਤ ਸਮੁੱਚੀ ਟੀਮ ਦੇ ਵੱਲੋਂ ਵਿਆਹ ਸਮਾਗਮ ਦੀਆਂ ਤਿਆਰੀਆਂ ਵੱਡੇ ਪੱਧਰ ਤੇ ਕੀਤੀਆਂ ਜਾ ਰਹੀਆਂ ਹਨ। ਸਟੇਟ ਐਵਾਰਡੀ ਅਤੇ ਸੁਸਾਇਟੀ ਦੇ ਪ੍ਰਧਾਨ- ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਹਰੇਕ ਸਾਲ ਵਿਧਾਇਕ ਕੁਲਵੰਤ ਸਿੰਘ ਦੀ ਸਰਪਸਤੀ ਦੇ ਹੇਠ ਇਸ ਵਿਆਹ ਸਮਾਗਮ ਨੂੰ ਨੇਪਰੇ ਚਾੜਿਆ ਜਾਂਦਾ ਹੈ ਅਤੇ ਇਸ ਵਾਰ ਵੀ ਵਿਧਾਇਕ ਕੁਲਵੰਤ ਸਿੰਘ ਦੀ ਵਿਸ਼ੇਸ਼ ਸਰਪਰਸਤੀ ਹੇਠ ਪਹਿਲੀ ਨਵੰਬਰ 2026 ਨੂੰ ਸਮੁੱਚਾ ਸਮਾਗਮ ਵਿੱਢਿਆ ਗਿਆ ਹੈ ਅਤੇ ਅੱਜ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਤਰਫੋਂ ਸਮੂਹਿਕ ਆਨੰਦ ਕਾਰਜਾਂ ਸਬੰਧੀ ਪੋਸਟਰ ਰਿਲੀਜ਼ ਕੀਤਾ ਗਿਆ ਹੈ ।




